




ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ








PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 80 Chief Editor : Chowdhary Prabhjit Singh, Editor : Chhatarpal Singh 98146-32807, Thursday 10 September 2026 Price : 2 Rs. Page : 6


## ਛੇਵੀਂ ਦੇ ਵਿਦਿਆਰਥੀਆਂ ਨੂੰ ਇਸ ਸਾਲ ਤਿੰਨ ਭਾਸ਼ਾਵਾਂ ਦੀ ਨੀਤੀ ਤੋਂ ਦਿੱਤੀ ਜਾਵੇ ਛੋਟ: ਸੁਪਰੀਮ ਕੋਰਟ

**ਨਵੀਂ ਦਿੱਲੀ, 9 ਸਤੰਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੁਪਰੀਮ ਕੋਰਟ ਨੇ ਸੀ ਬੀ ਐੱਸ ਈ ਨੂੰ ਕਿਹਾ ਹੈ ਕਿ ਉਹ ਮੌਜੂਦਾ ਅਕਾਦਮਿਕ ਸੈਸ਼ਨ ਲਈ ਛੇਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਤਿੰਨ ਭਾਸ਼ਾਵਾਂ ਦੀ ਨੀਤੀ ਤੋਂ ਛੋਟ ਦੇਣ ਬਾਰੇ ਵਿਚਾਰ ਕਰੇ। ਚੀਫ਼ ਜਸਟਿਸ ਸੂਰਿਆ ਕਾਂਤ ਦੀ ਅਗਵਾਈ ਹੇਠਲੇ ਤਿੰਨ ਮੈਂਬਰੀ ਬੈਂਚ ਨੇ ਸੀ ਬੀ ਐੱਸ ਈ ਦੀ ਇਸ ਨੀਤੀ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ ’ਤੇ ਸੁਣਵਾਈ 17 ਸਤੰਬਰ ਤੱਕ ਟਾਲਦਿਆਂ ਬੋਰਡ ਨੂੰ ਆਖਿਆ ਕਿ ਉਹ ਛੇਵੀਂ ਜਮਾਤ ਦੇ ਬੱਚਿਆਂ ਨੂੰ ਮੌਜੂਦਾ ਸੈਸ਼ਨ ਵਿੱਚ ਬਣਦੀ ਰਾਹਤ ਦੇਣ ਦੀ ਸੰਭਾਵਨਾ ਤਲਾਸ਼ੇ।

ਬੈਂਚ ਨੇ ਸੌਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੂੰ ਕਿਹਾ ਕਿ ਬੱਚਿਆਂ ਨੂੰ ਇਸ ਸਾਲ ਲਈ ਕੁਝ ਛੋਟ ਦਿੱਤੀ ਜਾਵੇ, ਜਿਸ




’ਤੇ ਸੌਲੀਸਿਟਰ ਜਨਰਲ ਨੇ ਅਧਿਕਾਰੀਆਂ ਨਾਲ ਬੈਠ ਕੇ ਇਸ ਸੁਝਾਅ ’ਤੇ ਗੌਰ ਕਰਨ ਦਾ ਭਰੋਸਾ ਦਿੱਤਾ ਹੈ।

ਅਦਾਲਤ ਉਸ ਪਟੀਸ਼ਨਾਂ ਦੇ ਸਮੂਹ ’ਤੇ ਸੁਣਵਾਈ ਕਰ ਰਹੀ ਹੈ ਜਿਸ ਵਿੱਚ ਸੀ ਬੀ ਐੱਸ ਈ ਦੀ ਉਸ ਨੀਤੀ ਨੂੰ ਚੁਣੌਤੀ ਦਿੱਤੀ ਗਈ ਹੈ ਜਿਸ ਵਿੱਚ ਨੌਵੀਂ ਜਮਾਤ ਦੇ ਵਿਦਿਆਰਥੀਆਂ ਲਈ ਪਹਿਲੀ ਜੁਲਾਈ ਤੋਂ ਤਿੰਨ ਭਾਸ਼ਾਵਾਂ (ਜਿਨ੍ਹਾਂ ਵਿੱਚ ਦੋ ਭਾਰਤੀ ਮੂਲ ਦੀਆਂ ਭਾਸ਼ਾਵਾਂ ਸ਼ਾਮਲ ਹਨ) ਪੜ੍ਹਨਾ ਲਾਜ਼ਮੀ ਕੀਤਾ ਗਿਆ ਹੈ। ਸੁਣਵਾਈ ਦੌਰਾਨ ਪਟੀਸ਼ਨਰਾਂ ਦੇ ਵਕੀਲਾਂ ਨੇ ਦਲੀਲ ਦਿੱਤੀ ਕਿ ਬੱਚਿਆਂ ’ਤੇ ਅਚਾਨਕ ਪੈ ਰਹੇ ਦਬਾਅ ਕਾਰਨ ਮਾਪਿਆਂ ਵਿੱਚ ਚਿੰਤਾ ਹੈ ਅਤੇ ਸੀ ਬੀ ਐੱਸ ਈ ਕੋਲ ਛੇਵੀਂ ਤੋਂ ਅੱਠਵੀਂ ਜਮਾਤ ਦਾ ਸਿਲੇਬਸ ਤਿਆਰ ਕਰਨ ਦਾ ਅਧਿਕਾਰ ਨਹੀਂ ਹੈ ਕਿਉਂਕਿ ਇਹ ਕੰਮ ਐੱਨ ਸੀ ਈ ਆਰ ਟੀ ਦਾ ਹੈ। ਇਹ ਨੀਤੀ ਨੈਸ਼ਨਲ ਐਜੂਕੇਸ਼ਨ ਪਾਲਿਸੀ (NEP) B@B@ ਅਤੇ NCF-SE B@BC ਦੇ ਤਹਿਤ ਲਾਗੂ ਕੀਤੀ ਜਾ ਰਹੀ ਹੈ, ਜਿਸ ਵਿੱਚ ਵਿਦੇਸ਼ੀ ਭਾਸ਼ਾ ਨੂੰ ਸਿਰਫ਼ ਤੀਜੀ ਜਾਂ ਚੌਥੀ ਭਾਸ਼ਾ ਵਜੋਂ ਹੀ ਰੱਖਿਆ ਜਾ ਸਕਦਾ ਹੈ।

## ਸ਼੍ਰੋਮਣੀ ਅਕਾਲੀ ਦਲ ਨੇ ਯੂਥ ਅਕਾਲੀ ਦਲ ਦੇ ਪ੍ਰਧਾਨ ਲੰਗ ਅਤੇ ਸਾਹਨੀ ਨੂੰ ਚੱਠਾ ਨੇ ਕੀਤਾ ਸਨਮਾਨਤ



**ਪਟਿਆਲਾ, 9 ਸਤੰਬਰ**
**-ਛਤਰਪਾਲ ਸਿੰਘ-**

ਸੂਬੇ ਅੰਦਰ ਵਿਧਾਨ ਸਭਾ ਚੋਣਾਂ ਨੇੜੇ ਆਉਂਦੇ ਦੇਖ ਪਾਰਟੀ ਦੀ ਮਜ਼ਬੂਤੀ ਦਾ ਕੰਮ ਵੀ ਜੰਗੀ ਪੱਧਰ ’ਤੇ ਚੱਲ ਰਿਹਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਯੂਥ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਮਿਹਨਤੀ ਨੌਜਵਾਨਾਂ ਨੂੰ ਵਾਗ ਡੋਰ ਸੌਂਪੀ ਜਾ ਰਹੀ ਹੈ, ਜਿਸ ਤਹਿਤ ਮੁੜ ਤੋਂ ਅੰਮ੍ਰਿਤਪਾਲ ਸਿੰਘ ਲੰਗ ਨੂੰ ਜਿਲ੍ਹਾ ਦਿਹਾਤੀ ਤੋਂ ਯੂਥ ਅਕਾਲੀ ਦਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ, ਉਥੇ ਹੀ ਜਿਲ੍ਹਾ ਸ਼ਹਿਰੀ ਪ੍ਰਧਾਨ ਜਗਦੀਸ਼ ਸਿੰਘ ਸਾਹਨੀ ਨੂੰ ਬਣਾਇਆ ਗਿਆ ਹੈ। ਇਨ੍ਹਾਂ ਦੋਵੇਂ ਆਗੂਆਂ ਨੂੰ ਪਟਿਆਲਾ ਦਿਹਾਤੀ ਹਲਕੇ ਦੇ ਇੰਚਾਰਜ ਜਸਪਾਲ ਸਿੰਘ ਬਿੱਟੂ ਚੱਠਾ ਵੱਲੋਂ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਜਿਥੇ ਨੌਜਵਾਨਾਂ ਦਾ ਹੌਂਸਲਾ ਵਧਾਉਂਦੇ ਹੋਏ ਬਿੱਟੂ ਚੱਠਾ ਨੇ ਕਿਹਾ ਕਿ ਯੂਥ ਅਕਾਲੀ ਦਲ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਕੰਮ ਕਰਨ ਵਿਚ ਲੱਗਿਆ ਹੋਇਆ ਹੈ, ਜਿਨ੍ਹਾਂ ਦੀ ਬਦੌਲਤ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਜਿੱਤ ਹਾਸਲ ਕਰਕੇ ਸਰਕਾਰ ਬਣਾਉਣਗੇ। ਉਨ੍ਹਾਂ ਕਿਹਾ ਕਿ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਕੀਤੇ ਗਏ ਕਾਰਜਾਂ ਨੂੰ ਬੂਥ ਪੱਧਰ ’ਤੇ ਲਿਜਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਸਮੇਂ ਜੋ ਕਾਰਜ ਪੰਜਾਬ ਦੇ ਲੋਕਾਂ ਲਈ ਕੀਤੇ ਹਨ, ਉਨ੍ਹਾਂ ਦਾ ਆਪ ਅਤੇ ਕਾਂਗਰਸ ਕੋਲ ਕੋਈ ਤੋੜ ਨਹੀਂ ਹੈ।

ਇਸ ਮੌਕੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਲੰਗ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜਿਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਵਾਂਗਾ ਅਤੇ ਪਾਰਟੀ ਦੀ ਮਜ਼ਬੂਤੀ ਲਈ ਨੌਜਵਾਨਾਂ ਨੂੰ ਲਾਮਬੰਦ ਕੀਤਾ ਜਾਵੇਗਾ ਤਾਂ ਜੋ ਸ਼੍ਰੋਮਣੀ ਅਕਾਲੀ ਦਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਹੂੰਝਾ ਫੇਰ ਜਿੱਤ ਪ੍ਰਾਪਤ ਕਰ ਸਕੇ।

## ਈਜ਼ੀ ਰਜਿਸਟਰੀ ਦੇ 14 ਮਹੀਨੇ ਮੁਕੰਮਲ, ਪੰਜਾਬ ਵਿੱਚ ਜਾਇਦਾਦ ਰਜਿਸਟ੍ਰੇਸ਼ਨ ਸੇਵਾਵਾਂ ‘ਚ ਆਇਆ ਵੱਡਾ ਬਦਲਾਅ

## ਸੂਬੇ ਨੇ ਲੰਬੀਆਂ ਕਤਾਰਾਂ ਤੇ ਏਜੰਟਾਂ ਦੀ ਥਾਂ ਆਨਲਾਈਨ ਸੇਵਾਵਾਂ, ਦਸਤਾਵੇਜ਼ਾਂ ਦੀ ਸਮਾਂਬੱਧ ਘੋਖ ਅਤੇ ਡਿਜੀਟਲ ਪਾਰਦਰਸ਼ਤਾ ਦੇ ਯੁੱਗ ਤੱਕ ਪੈਰ ਪਸਾਰੇ: ਹਰਦੀਪ ਸਿੰਘ ਮੁੰਡੀਆਂ

**ਚੰਡੀਗੜ੍ਹ, 9 ਸਤੰਬਰ**
**-ਜੀ. ਐਸ. ਤੁੰਗ-**

ਪੰਜਾਬ ਦੇ ਮਾਲ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਨੇ ਅੱਜ ਕਿਹਾ ਕਿ ਜਾਇਦਾਦ ਰਜਿਸਟ੍ਰੇਸ਼ਨ ਨੂੰ ਤੇਜ਼, ਸਰਲ, ਪਾਰਦਰਸ਼ੀ ਅਤੇ ਲੋਕ-ਪੱਖੀ ਬਣਾਉਣ ਸਬੰਧੀ ਸੂਬਾ ਸਰਕਾਰ ਦੇ ਯਤਨਾਂ ਵਿੱਚ ਈਜ਼ੀ ਰਜਿਸਟਰੀ ਇੱਕ ਅਹਿਮ ਮੀਲ ਪੱਥਰ ਸਾਬਤ ਹੋਈ ਹੈ।

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਈਜ਼ੀ ਰਜਿਸਟਰੀ ਦੀ ਜੁਲਾਈ 2025 ਵਿੱਚ ਮੋਹਾਲੀ ਤੋਂ ਪਾਇਲਟ ਪ੍ਰਾਜੈਕਟ ਵਜੋਂ ਸ਼ੁਰੂਆਤ ਤੋਂ ਲੈ ਕੇ ਨਾਗਰਿਕਾਂ ਨੂੰ ਜਾਇਦਾਦ ਰਜਿਸਟ੍ਰੇਸ਼ਨ ਸਬੰਧੀ ਸੇਵਾਵਾਂ ਪ੍ਰਦਾਨ ਕਰਨ ਦੇ ਤਰੀਕੇ ਪੂਰੀ ਤਰ੍ਹਾਂ ਬਦਲ ਗਏ। ਇਸ ਪਹਿਲਕਦਮੀ ਨਾਲ ਰਜਿਸਟ੍ਰੇਸ਼ਨ



ਪ੍ਰਕਿਰਿਆ, ਜੋ ਪਹਿਲਾਂ ਵੱਡੇ ਪੱਧਰ ’ਤੇ ਦਫ਼ਤਰੀ ਪ੍ਰਣਾਲੀ ‘ਤੇ ਨਿਰਭਰ ਸੀ, ਇੱਕ ਆਨਲਾਈਨ ਅਤੇ ਸਮਾਂਬੱਧ ਮਾਡਲ ਵਿੱਚ ਤਬਦੀਲ ਕੀਤੀ ਗਈ ਜਿਸ ਨਾਲ ਵਾਰ-ਵਾਰ ਦਫ਼ਤਰਾਂ ਦੇ ਗੇੜੇ ਮਾਰਨ ਅਤੇ ਸਿੱਧੇ ਸੰਪਰਕ ਕਰਨ ਦੀ ਜ਼ਰੂਰਤ ਘੱਟ ਗਈ।

ਸ. ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮਾਨ ਸਰਕਾਰ ਦਾ ਧਿਆਨ ਜਾਇਦਾਦ ਰਜਿਸਟ੍ਰੇਸ਼ਨ ਨੂੰ ਇੱਕ ਅਜਿਹੀ ਸੇਵਾ ਵਿੱਚ ਬਦਲਣ ’ਤੇ ਕੇਂਦਰਤ ਰਿਹਾ ਜਿਸ ਤੱਕ ਨਾਗਰਿਕ ਵਧੇਰੇ ਸੁਵਿਧਜਨਕ ਤਰੀਕੇ ਅਤੇ ਵਿਸ਼ਵਾਸ ਨਾਲ ਪਹੁੰਚ ਕਰ ਸਕਣ। ਉਨ੍ਹਾਂ ਕਿਹਾ, ਈਜ਼ੀ ਰਜਿਸਟਰੀ ਸਿਰਫ਼ ਇੱਕ ਡਿਜੀਟਲ ਪਲੇਟਫ਼ਾਰਮ ਨਹੀਂ, ਸਗੋਂ ਇਹ ਇੱਕ ਪ੍ਰਸ਼ਾਸਨਕ ਸੁਧਾਰ ਹੈ, ਜੋ ਨਾਗਰਿਕਾਂ ਦੀ ਸਹੂਲਤ, ਮਾਣ ਅਤੇ ਅਧਿਕਾਰਾਂ ਨੂੰ ਧਿਆਨ ਵਿੱਚ ਰੱਖਦਿਆਂ ਤਿਆਰ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਈਜ਼ੀ ਰਜਿਸਟਰੀ ਦਾ ਪ੍ਰਭਾਵ ਨਾਗਰਿਕਾਂ ਤੋਂ ਪ੍ਰਾਪਤ ਫੀਡਬੈਕ ਤੋਂ ਸਪੱਸ਼ਟ ਹੁੰਦਾ ਹੈ। ਜਿਹੜੇ ਜ਼ਿਲ੍ਹਿਆਂ ਅਤੇ ਪਿੰਡਾਂ ਵਿੱਚ ਇਹ ਪੋਰਟਲ ਕਾਰਜਸ਼ੀਲ ਹੈ, ਉੱਥੋਂ ਦੇ 6,623 ਟੋਕਨ-ਹੋਲਡਰ ਨਾਗਰਿਕਾਂ ਦੇ ਦੋ ਪੜਾਵਾਂ ਵਿੱਚ ਸਰਵੇਖਣ ਕਰਵਾਏ ਗਏ। ਸਰਵੇਖਣ 1.0 ਵਿੱਚ 1,737 ਲਾਭਪਾਤਰੀ ਅਤੇ ਸਰਵੇਖਣ 2.0 ਵਿੱਚ 4,886 ਲਾਭਪਾਤਰੀ ਸ਼ਾਮਲ ਹੋਏ।

ਉਨ੍ਹਾਂ ਦੱਸਿਆ ਕਿ ਦੋਵਾਂ ਸਰਵੇਖਣਾਂ ਦੇ ਨਤੀਜਿਆਂ ਵਿੱਚ ਇਸ ਨਵੀਂ ਪ੍ਰਣਾਲੀ ਪ੍ਰਤੀ ਲੋਕਾਂ ਦੀ ਸੰਤੁਸ਼ਟੀ ਜ਼ਾਹਰ ਹੋਈ। ਉਨ੍ਹਾਂ ਦੱਸਿਆ ਕਿ 93 ਫ਼ੀਸਦੀ ਲਾਭਪਾਤਰੀ ਨਵੀਂ ਰਜਿਸਟ੍ਰੇਸ਼ਨ ਪ੍ਰਕਿਰਿਆ ਤੋਂ ਸੰਤੁਸ਼ਟ ਪਾਏ ਗਏ। ਇਸੇ ਤਰ੍ਹਾਂ 93 ਫ਼ੀਸਦੀ ਲਾਭਪਾਤਰੀਆਂ ਨੇ ਕਿਹਾ ਕਿ ਉਨ੍ਹਾਂ ਦੀ ਰਜਿਸਟਰੀ ਨਿਰਧਾਰਤ ਮਿਤੀ ’ਤੇ ਮੁਕੰਮਲ ਹੋਈ। ਇਸ ਤੋਂ ਇਲਾਵਾ 90 ਫ਼ੀਸਦੀ ਲਾਭਪਾਤਰੀਆਂ ਨੂੰ ਪ੍ਰਕਿਰਿਆ ਦੇ ਕਿਸੇ ਵੀ ਪੜਾਅ ’ਤੇ ਕੋਈ ਸਮੱਸਿਆ ਨਹੀਂ ਆਈ ਜਦਕਿ 93 ਫ਼ੀਸਦੀ ਕੇਸ ਬਿਨਾਂ ਕਿਸੇ ਇਤਰਾਜ਼ ਦੇ ਮੁਢਲੀ-ਜਾਂਚ ਮੌਕੇ ਨਿਪਟਾਏ ਗਏ।

## ‘ਨਸ਼ਾ ਮੁਕਤ ਪੰਜਾਬ ਯਾਤਰਾ’: ਭਾਜਪਾ ਦੀ 13 ਦਿਨਾਂ ਯਾਤਰਾ ’ਚ ਚੱਲਣਗੇ ਵੱਡੇ ਰੱਥ

### 30 ਸਤੰਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਯਾਤਰਾ ਦੀ ਸਮਾਪਤੀ ਕਰਨਗੇ

**ਚੰਡੀਗੜ੍ਹ 9 ਸਤੰਬਰ**
**-ਛਤਰਪਾਲ ਸਿੰਘ-**

ਭਾਰਤੀ ਜਨਤਾ ਪਾਰਟੀ ਵੱਲੋਂ ਆਗਾਮੀ ਵਿਧਾਨ ਸਭਾ ਚੋਣਾਂ ਦੀ ਤਿਆਰੀ ਵਜੋਂ 18 ਸਤੰਬਰ ਤੋਂ ਪੰਜਾਬ ਵਿੱਚ ‘ਨਸ਼ਾ ਮੁਕਤ ਪੰਜਾਬ ਯਾਤਰਾ’ ਦੀ ਸ਼ੁਰੂਆਤ ਕੀਤੀ ਜਾਵੇਗੀ। ਪੰਜਾਬ ਦੇ ਚਾਰ ਵੱਖ-ਵੱਖ ਧਾਰਮਿਕ/ਇਤਿਹਾਸਕ ਥਾਵਾਂ ਤੋਂ ਸ਼ੁਰੂ ਹੋਣ ਵਾਲੀ ਇਸ ਯਾਤਰਾ ਵਿੱਚ ਸਭ ਤੋਂ ਅੱਗੇ ਚਾਰ ਵੱਡੇ ਰਥ ਚੱਲਣਗੇ। ਭਾਜਪਾ ਦੇ ਕੌਮੀ ਪ੍ਰਧਾਨ 18 ਸਤੰਬਰ ਨੂੰ ਪਠਾਨਕੋਟ ਦੇ ਏਕਤਾ ਸਥਲ ਤੋਂ ਯਾਤਰਾ ਦੇ ਮੁੱਖ ਰਥ ਨੂੰ ਹਰੀ ਝੰਡੀ ਦਿਖਾਉਣਗੇ। ਯਾਤਰਾ ਦੀ ਸਮਾਪਤੀ ਜਲੰਧਰ ਵਿਖੇ ਹੋਵੇਗੀ ਅਤੇ ਸਮਾਪਤੀ ਸਮਾਗਮਾਂ ਵਿੱਚ 30 ਸਤੰਬਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਸ਼ਾਮਲ ਹੋਣਗੇ। ਭਾਜਪਾ ਇਸ ਯਾਤਰਾ ਜ਼ਰੀਏ ਪੰਜਾਬ ਵਿੱਚ ਆਪਣੀ ਸਿਆਸੀ ਜ਼ਮੀਨ ਤਲਾਸ਼ੇਗੀ ਅਤੇ ਹੁਣ ਸ਼੍ਰੋਮਣੀ ਅਕਾਲੀ ਦਲ ਨਾਲ ਗੱਠਜੋੜ ਦਾ ਮੁੱਢ ਇਸ ਯਾਤਰਾ ਉਪਰੰਤ ਹੀ ਬੱਝ ਸਕਦਾ ਹੈ। ਅਹਿਮ ਸੂਤਰ ਦੱਸਦੇ ਹਨ ਕਿ ਪਾਰਟੀ ਦੀ ਕੌਮੀ ਲੀਡਰਸ਼ਿਪ ਨੇ ਸੂਬਾਈ ਲੀਡਰਸ਼ਿਪ ਨੂੰ 117 ਸੀਟਾਂ ’ਤੇ ਤਿਆਰੀ ਕਰਨ ਲਈ ਕਿਹਾ ਹੈ। ਭਾਜਪਾ ਵੱਲੋਂ ਨਸ਼ਿਆਂ ਵਿਰੁੱਧ ਯਾਤਰਾ ਦਾ ‘ਭਾਜਪਾ



ਦਾ ਨਾਅਰਾ, ਨਸ਼ਾ ਮੁਕਾਉਣਾ ਸਾਰਾ’ ਨਾਅਰਾ ਦਿੱਤਾ ਗਿਆ ਹੈ। ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਇੱਕ ਯਾਤਰਾ 19 ਸਤੰਬਰ ਨੂੰ ਸ਼ੁਰੂ ਹੋਵੇਗੀ।

ਇਸੇ ਤਰ੍ਹਾਂ ਸਾਦਕੀ ਬਾਰਡਰ (ਫ਼ਾਜ਼ਿਲਕਾ) ਤੋਂ 20 ਸਤੰਬਰ ਨੂੰ ਯਾਤਰਾ ਚੱਲੇਗੀ ਅਤੇ 21 ਸਤੰਬਰ ਨੂੰ ਤਖ਼ਤ ਦਮਦਮਾ ਸਾਹਿਬ ਤੋਂ ਯਾਤਰਾ ਰਵਾਨਾ ਹੋਵੇਗੀ। ਚਾਰ ਯਾਤਰਾਵਾਂ ਅਲੱਗ-ਅਲੱਗ ਥਾਵਾਂ ਤੋਂ ਸ਼ੁਰੂ ਹੋਣਗੀਆਂ ਅਤੇ ਇਨ੍ਹਾਂ ਦੀ ਸਮਾਪਤੀ 30 ਸਤੰਬਰ ਨੂੰ ਜਲੰਧਰ ਵਿਖੇ ਹੋਵੇਗੀ। ਭਾਜਪਾ ਦੀ ਇਹ ਯਾਤਰਾ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਨੂੰ ਕਵਰ ਕਰੇਗੀ ਅਤੇ 3 ਕਰੋੜ ਤੋਂ ਵੱਧ ਲੋਕਾਂ ਤੱਕ ਪਹੁੰਚਣ ਦਾ ਭਾਜਪਾ ਨੇ ਟੀਚਾ ਤੈਅ ਕੀਤਾ ਹੈ। ਪਾਰਟੀ ਆਗੂਆਂ ਦਾ ਇੱਕ ਵਫ਼ਦ ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਸ਼ਰਧਾਂਜਲੀ ਭੇਟ ਕਰਨ

ਭਾਜਪਾ ਦੀ ਯਾਤਰਾ ਵਿੱਚ ਕੇਂਦਰੀ ਮੰਤਰੀ, ਵੱਡੀਆਂ ਸਿਆਸੀ ਹਸਤੀਆਂ ਤੋਂ ਇਲਾਵਾ ਫ਼ਿਲਮੀ ਸਿਤਾਰੇ ਵੀ ਸ਼ਾਮਲ ਹੋਣਗੇ। ਪੰਜਾਬ ਵਿੱਚੋਂ ਨਸ਼ਾ ਪੀੜਤ ਪਰਿਵਾਰਾਂ ਨੂੰ ਇਸ ਯਾਤਰਾ ਦਾ ਹਿੱਸਾ ਬਣਾਇਆ ਜਾਵੇਗਾ। ਹਰ ਯਾਤਰਾ ਵਿੱਚ ਮੁੱਖ ਰਥ ਚੱਲੇਗਾ ਜਿਸ ਉੱਤੇ ਨਸ਼ਾ ਵਿਰੋਧੀ ਨਾਅਰੇ ਲਿਖੇ ਹੋਣਗੇ ਅਤੇ ਰਥ ਉੱਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਪਾਰਟੀ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਅਤੇ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਢਿੱਲੋਂ ਦੀ ਤਸਵੀਰ ਹੋਵੇਗੀ। ਯਾਤਰਾ ਦੌਰਾਨ ਭਾਜਪਾ ਸੰਕਲਪ ਪੱਤਰ ਵੰਡੇਗੀ ਅਤੇ ਪੂਰੇ ਪੰਜਾਬ ਵਿੱਚ ਸਰਕਾਰ ਵਿਰੋਧੀ ਪੋਸਟਰ ਲਾਏਗੀ।

ਯਾਤਰਾ ਦੌਰਾਨ ਹੀ ਭਾਜਪਾ ਆਗੂ ਨਸ਼ਾ ਛੁਡਾਊ ਕੇਂਦਰਾਂ ਦੇ ਦੌਰੇ ਵੀ ਕਰਨਗੇ। ਭਾਜਪਾ ਨੇ ਯਾਤਰਾ ਦੇ ਸੰਚਾਲਨ ਲਈ 30 ਵਿਸ਼ੇਸ਼ ਵਿਭਾਗ ਬਣਾਏ ਹਨ। ਭਾਜਪਾ ਮੀਡੀਆ ਨਾਲ ਵਿਸ਼ੇਸ਼ ਰਾਬਤਾ ਕਾਇਮ ਕਰੇਗੀ। ਭਾਜਪਾ ਇਸ ਯਾਤਰਾ ਦੇ ਰਾਹੀਂ ਪਾਰਟੀ ਦੇ ਪੱਖ ਵਿੱਚ ਇੱਕ ਜਨ ਅੰਦੋਲਨ ਖੜ੍ਹਾ ਕਰਨ ਦੇ ਰੌਂਅ ਵਿੱਚ ਹੈ।

## ਸੀਨੀਅਰ ਜਰਨਲਿਸਟਸ ਫੋਰਮ ਦਾ ਪਹਿਲਾ ਵਰ੍ਹੇਗੰਢ ਸਮਾਰੋਹ 13 ਸਤੰਬਰ ਨੂੰ ਮਨਾਇਆ ਜਾਵੇਗਾ

**ਚੰਡੀਗੜ੍ਹ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੀਨੀਅਰ ਜਰਨਲਿਸਟਸ ਫੋਰਮ (ਐੱਸਜੇਐੱਫ), ਚੰਡੀਗੜ੍ਹ ਵੱਲੋਂ ਆਪਣੀ ਪਹਿਲੀ ਵਰ੍ਹੇਗੰਢ ਦੇ ਅਵਸਰ ’ਤੇ ਵਿਸ਼ੇਸ਼ ਸਮਾਰੋਹ ਕਰਵਾਇਆ ਜਾ ਰਿਹਾ ਹੈ। ਇਹ ਸਮਾਰੋਹ ਐਤਵਾਰ, 13 ਸਤੰਬਰ 2026 ਨੂੰ ਚੰਡੀਗੜ੍ਹ ਦੇ ਸੈਕਟਰ-37 ਸਥਿਤ ਲਾਅ ਆਡੀਟੋਰੀਅਮ ਵਿਖੇ ਹੋਵੇਗਾ। ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ ਸ਼੍ਰੀ ਗੁਲਾਬ ਚੰਦ ਕਟਾਰੀਆ ਸਮਾਰੋਹ ਵਿੱਚ ਮੁੱਖ ਮਹਿਮਾਨ ਹੋਣਗੇ ਅਤੇ ਇਸ ਦਾ ਰਸਮੀ ਉਦਘਾਟਨ ਕਰਨਗੇ। ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10 ਵਜੇ ਰਜਿਸਟ੍ਰੇਸ਼ਨ ਅਤੇ ਸੁਆਗਤ ਨਾਲ ਹੋਵੇਗੀ, ਜਦਕਿ ਉਦਘਾਟਨੀ ਸੈਸ਼ਨ ਸਵੇਰੇ 10:30 ਵਜੇ ਸ਼ੁਰੂ ਹੋਵੇਗਾ।

ਦੁਪਹਿਰ 12:30 ਵਜੇ ਹੋਣ ਵਾਲੇ ਦੂਸਰੇ ਸੈਸ਼ਨ ਵਿੱਚ ਰਾਜ ਸਭਾ ਮੈਂਬਰ ਅਤੇ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸ਼੍ਰੀ ਸਤਨਾਮ ਸਿੰਘ ਸੰਧੂ ਮੁੱਖ ਮਹਿਮਾਨ ਹੋਣਗੇ। ਇਸ ਸੈਸ਼ਨ ਦਾ ਵਿਸ਼ਾ ‘ਲੋਕਤੰਤਰ ਅਤੇ ਜ਼ਿੰਮੇਵਾਰ ਪੱਤਰਕਾਰੀ ਵਿੱਚ ਸੀਨੀਅਰ ਪੱਤਰਕਾਰਾਂ ਦੀ ਭੂਮਿਕਾ’ ਹੋਵੇਗਾ। ਸੈਸ਼ਨ ਦੀ ਪ੍ਰਧਾਨਗੀ ਰੋਜ਼ਾਨਾ ਹਿੰਦੁਸਤਾਨ ਟਾਇਮਸ, ਚੰਡੀਗੜ੍ਹ ਦੇ ਕਾਰਜਕਾਰੀ ਸੰਪਾਦਕ ਸ਼੍ਰੀ ਰਮੇਸ਼ ਵਿਨਾਇਕ ਕਰਨਗੇ। ਸਮਾਰੋਹ ਦੇ ਦੌਰਾਨ ਦੁਪਹਿਰ 1:30 ਵਜੇ ਮਾਲਵਾ ਆਰਟ ਐਂਡ ਕਲਚਰ ਸੋਸਾਇਟੀ, ਮੋਹਾਲੀ ਵੱਲੋਂ ਮਲਵਈ ਗਿੱਧਾ ਪੇਸ਼ ਕੀਤਾ ਜਾਵੇਗਾ। ਇਸ ਤੋਂ ਬਾਅਦ ਦੁਪਹਿਰ 2 ਵਜੇ ਕੇਕ ਕੱਟਣ ਦੀ ਰਸਮ ਹੋਵੇਗੀ ਅਤੇ ਫੋਰਮ ਦੇ ਮੈਂਬਰਾਂ ਦੇ ਜਨਮ ਦਿਨ ਵੀ ਮਨਾਏ ਜਾਣਗੇ। ਸਮਾਰੋਹ ਦੀ ਸਮਾਪਤੀ ਦੁਪਹਿਰ 2:15 ਵਜੇ ਭੋਜਨ ਨਾਲ ਹੋਵੇਗੀ। ਫੋਰਮ ਦੇ ਪ੍ਰਧਾਨ ਸ਼੍ਰੀ ਜਗਤਾਰ ਸਿੰਘ ਸਿੱਧੂ, ਚੇਅਰਮੈਨ ਸ਼੍ਰੀ ਏ.ਐੱਸ. ਪਰਾਸ਼ਰ ਅਤੇ ਜਨਰਲ ਸਕੱਤਰ ਸ਼੍ਰੀ ਕੇਵਲ ਭਾਰਤੀ ਨੇ ਇਹ ਜਾਣਕਾਰੀ ਦਿੱਤੀ।

ਆਯੋਜਕਾਂ ਅਨੁਸਾਰ ਇਹ ਸਮਾਗਮ ਸੀਨੀਅਰ ਪੱਤਰਕਾਰਾਂ ਨੂੰ ਲੋਕਤੰਤਰ ਵਿੱਚ ਮੀਡੀਆ ਦੀ ਭੂਮਿਕਾ ’ਤੇ ਵਿਚਾਰ-ਵਟਾਂਦਰਾ ਕਰਨ ਦੇ ਨਾਲ-ਨਾਲ ਫੋਰਮ ਦੀ ਪਹਿਲੀ ਵਾਰਸ਼ਿਕ ਯਾਤਰਾ ਨੂੰ ਯਾਦਗਾਰੀ ਤਰੀਕੇ ਨਾਲ ਮਨਾਉਣ ਦਾ ਅਵਸਰ ਵੀ ਪ੍ਰਦਾਨ ਕਰੇਗਾ।

## ਪੰਜਾਬ ਦੇ 3 ਜ਼ਿਲ੍ਹਿਆਂ ’ਚ ਮੀਂਹ ਪੈਣ ਦੀ ਸੰਭਾਵਨਾ- ਮੌਸਮ ਵਿਭਾਗ

**ਚੰਡੀਗੜ੍ਹ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਅਤੇ ਚੰਡੀਗੜ੍ਹ ਵਿਚ ਮੌਨਸੂਨ ਕਮਜ਼ੋਰ ਹੋ ਗਿਆ ਹੈ। ਪਠਾਨਕੋਟ, ਰੂਪਨਗਰ ਅਤੇ ਹੁਸ਼ਿਆਰਪੁਰ ਨੂੰ ਛੱਡ ਕੇ ਅੱਜ ਸੂਬੇ ਦੇ ਜ਼ਿਆਦਾਤਰ ਹਿੱਸਿਆਂ ਵਿਚ ਮੀਂਹ ਪੈਣ ਦੀ ਉਮੀਦ ਨਹੀਂ ਹੈ। ਇਨ੍ਹਾਂ ਤਿੰਨਾਂ ਜ਼ਿਲ੍ਹਿਆਂ ਵਿਚ ਵੀ ਵੱਖ-ਵੱਖ ਥਾਵਾਂ ’ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ। ਸੂਬੇ ਦੇ ਜ਼ਿਆਦਾਤਰ ਹਿੱਸੇ ਸੁੱਕੇ ਰਹਿਣਗੇ। ਚੰਡੀਗੜ੍ਹ ਵਿਚ ਵੀ ਮੌਸਮ ਸਾਫ਼ ਰਹਿਣ ਦੀ ਉਮੀਦ ਹੈ। ਮੀਂਹ ਨਾ ਪੈਣ ਨਾਲ ਗਰਮੀ ਵੱਧ ਸਕਦੀ ਹੈ।

ਚੰਡੀਗੜ੍ਹ ਮੌਸਮ ਵਿਗਿਆਨ ਕੇਂਦਰ ਦੇ ਅਨੁਸਾਰ ਵੱਧ ਤੋਂ ਵੱਧ ਤਾਪਮਾਨ 0.3 ਡਿਗਰੀ ਸੈਲਸੀਅਸ ਵਧਿਆ ਹੈ, ਜੋ ਆਮ ਨਾਲੋਂ 1.6 ਡਿਗਰੀ ਵੱਧ ਹੈ। ਫਰੀਦਕੋਟ ਵਿਚ 36 ਡਿਗਰੀ ਸੈਲਸੀਅਸ ਦਾ ਉੱਚਤਮ ਤਾਪਮਾਨ ਦਰਜ ਕੀਤਾ ਗਿਆ। ਮੰਗਲਵਾਰ ਨੂੰ ਵੀ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਗਈ ਸੀ, ਪਰ ਅਜਿਹਾ ਨਹੀਂ ਹੋਇਆ। ਪੰਜਾਬ ਅਤੇ ਚੰਡੀਗੜ੍ਹ ਵਿਚ ਮੌਨਸੂਨ ਕਮਜ਼ੋਰ ਹੈ। ਮੌਸਮ ਵਿਭਾਗ ਅਨੁਸਾਰ ਮੀਂਹ ਲਿਆਉਣ ਵਾਲਾ ਮਾਨਸੂਨ ਟ੍ਰਫ਼ ਪੰਜਾਬ ਦੇ ਫਿਰੋਜ਼ਪੁਰ ਵਿਚੋਂ ਲੰਘ ਰਿਹਾ ਹੈ। ਇਸ ਕਾਰਨ ਵਾਤਾਵਰਨ ਨਮੀ ਵਾਲਾ ਬਣਿਆ ਹੋਇਆ ਹੈ, ਪਰ ਇਸ ਸਮੇਂ ਕੋਈ ਮਜ਼ਬੂਤ ??ਸਿਸਟਮ ਨਹੀਂ ਹੈ ਜੋ ਪੰਜਾਬ ਅਤੇ ਚੰਡੀਗੜ੍ਹ ਵਿਚ ਭਰਵੀਂ ਬਾਰਿਸ਼ ਲਿਆ ਸਕੇ। ਮੌਸਮ ਵਿਗਿਆਨ ਕੇਂਦਰ ਚੰਡੀਗੜ੍ਹ ਅਨੁਸਾਰ 14 ਸਤੰਬਰ ਤੱਕ ਪੰਜਾਬ ਵਿਚ ਵੱਖ-ਵੱਖ ਥਾਵਾਂ ’ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋ ਸਕਦੀ ਹੈ। ਇਸ ਸਮੇਂ ਦੌਰਾਨ ਕੁਝ ਥਾਵਾਂ ’ਤੇ ਗਰਜ ਅਤੇ ਬਿਜਲੀ ਡਿੱਗਣ ਦੀ ਸੰਭਾਵਨਾ ਹੈ।

## ਪਟਿਆਲਾ ਜੇਲ੍ਹ ਸਰਕਲ ਦੇ ਨਵੇਂ ਡੀਆਈਜੀ ਸੂਬਾ ਸਿੰਘ ਰੰਧਾਵਾ ਵੱਲੋਂ ਕੇਂਦਰੀ ਜੇਲ੍ਹ ਵਿਖੇ ਜੇਲ੍ਹ ਪ੍ਰਸ਼ਾਸਨ, ਹੁਨਰ ਵਿਕਾਸ ਤੇ ਭਲਾਈ ਉਪਰਾਲਿਆਂ ਦਾ ਜਾਇਜ਼ਾ

**ਪਟਿਆਲਾ, 9 ਸਤੰਬਰ**
**-ਛਤਰਪਾਲ ਸਿੰਘ-**

ਏਡੀਜੀਪੀ ਜੇਲ੍ਹਾਂ, ਪੰਜਾਬ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ, ਨਵੇਂ ਆਏ, ਪਟਿਆਲਾ ਜੇਲ੍ਹ ਸਰਕਲ ਦੇ ਡੀਆਈਜੀ ਸੂਬਾ ਸਿੰਘ ਰੰਧਾਵਾ ਨੇ ਕੇਂਦਰੀ ਜੇਲ੍ਹ ਪਟਿਆਲਾ ਦਾ ਦੌਰਾ ਕੀਤਾ ਅਤੇ ਪਟਿਆਲਾ ਸਰਕਲ ਅਧੀਨ ਜੇਲ੍ਹਾਂ ਦੇ ਕੰਮਕਾਜ ਦਾ ਜਾਇਜ਼ਾ ਲਿਆ। ਉਨ੍ਹਾਂ ਨੂੰ ਪਟਿਆਲਾ ਜੇਲ੍ਹ ਵਿਖੇਵਗਾਰਡ ਆਫ਼ ਆਨਰ ਦਿੱਤਾ ਗਿਆ।



ਦੌਰੇ ਦੌਰਾਨ, ਡੀਆਈਜੀ ਸੂਬਾ ਸਿੰਘ ਰੰਧਾਵਾ ਨੇ ਪਟਿਆਲਾ ਸਰਕਲ ਅਧੀਨ ਸਾਰੀਆਂ ਜੇਲ੍ਹਾਂ ਦੇ ਸੁਪਰਡੈਂਟਾਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ ਅਤੇ ਜੇਲ੍ਹ ਪ੍ਰਸ਼ਾਸਨ ਅਤੇ ਕੰਮਕਾਜ ਦੇ ਵੱਖ-ਵੱਖ ਪਹਿਲੂਆਂ ’ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਨੇ ਜੇਲ੍ਹ ਅਧਿਕਾਰੀਆਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਰਪਣ ਭਾਵਨਾ ਨਾਲ ਨਿਭਾਉਣ ਅਤੇ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਜੇਲ੍ਹਾਂ ਦੇ ਸਮੁੱਚੇ ਕੰਮਕਾਜ ਨੂੰ ਹੋਰ ਮਜ਼ਬੂਤ ਕਰਨ ਲਈ ਹਰ ਸੰਭਵ ਉਪਾਅ ਕੀਤੇ ਜਾਣ।

ਡੀਆਈਜੀ ਨੇ ਵਿਸ਼ੇਸ਼ ਤੌਰ ’ਤੇ ਕੈਦੀਆਂ ਦੇ ਹੁਨਰ ਵਿਕਾਸ ਅਤੇ ਉਸਾਰੂ ਸ਼ਮੂਲੀਅਤ ਦੀ ਮਹੱਤਤਾ ’ਤੇ ਜ਼ੋਰ ਦਿੱਤਾ, ਇਹ ਕਹਿੰਦੇ ਹੋਏ ਕਿ ਕੈਦੀਆਂ ਨੂੰ ਲਾਭਦਾਇਕ ਹੁਨਰ ਸਿੱਖਣ ਅਤੇ ਰਿਹਾਈ ਤੋਂ ਬਾਅਦ ਆਪਣੇ ਆਪ ਨੂੰ ਇੱਕ ਬਦਲੇ ਹੋਏ ਜੀਵਨ ਲਈ ਤਿਆਰ ਕਰਨ ਦੇ ਮੌਕੇ ਪ੍ਰਦਾਨ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ। ਉਨ੍ਹਾਂ ਨੇ ਜੇਲ੍ਹ ਸਟਾਫ ਅਤੇ ਕੈਦੀਆਂ ਦੀ ਭਲਾਈ ਅਤੇ ਤੰਦਰੁਸਤੀ ਵੱਲ ਵੀ ਧਿਆਨ ਦੇਣ ਦੀ ਜ਼ਰੂਰਤ ’ਤੇ ਜ਼ੋਰ ਦਿੱਤਾ।

ਡੀਆਈਜੀ ਸੂਬਾ ਸਿੰਘ ਰੰਧਾਵਾ ਨੇ ਅਧਿਕਾਰੀਆਂ ਨੂੰ ਭਲਾਈ ਅਤੇ ਪੁਨਰਵਾਸ-ਮੁਖੀ ਪਹਿਲਕਦਮੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਉਂਦੇ ਹੋਏ ਜੇਲ੍ਹਾਂ ਦੇ ਅੰਦਰ ਇੱਕ ਅਨੁਸ਼ਾਸਿਤ, ਸੁਰੱਖਿਅਤ ਅਤੇ ਸਕਾਰਾਤਮਕ ਵਾਤਾਵਰਣ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਉਨ੍ਹਾਂ ਖੇਤਰਾਂ ਦੀ ਪਛਾਣ ਕਰਨ ਲਈ ਵੀ ਉਤਸ਼ਾਹਿਤ ਕੀਤਾ ਜਿੱਥੇ ਜੇਲ੍ਹਾਂ ਦੇ ਰੋਜ਼ਾਨਾ ਕੰਮਕਾਜ ਵਿੱਚ ਹੋਰ ਸੁਧਾਰ ਕੀਤੇ ਜਾ ਸਕਦੇ ਹਨ।

ਕੇਂਦਰੀ ਜੇਲ੍ਹ ਪਟਿਆਲਾ ਦੇ ਸੁਪਰਡੈਂਟ ਗੁਰਚਰਨ ਸਿੰਘ ਧਾਲੀਵਾਲ ਨੇ ਡੀਆਈਜੀ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਜੇਲ੍ਹ ਦੇ ਕੰਮਕਾਜ, ਕੈਦੀਆਂ ਦੀ ਬੰਦੀਆਂ ਦੀ ਗਿਣਤੀ ਅਤੇ ਕੈਦੀਆਂ ਲਈ ਕੀਤੀਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਅਤੇ ਭਲਾਈ ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ।

ਡੀਆਈਜੀ ਨੇ ਜੇਲ੍ਹ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਜ਼ਮੀਨੀ ਪੱਧਰ ’ਤੇ ਦਰਪੇਸ਼ ਜ਼ਰੂਰਤਾਂ ਅਤੇ ਚੁਣੌਤੀਆਂ ਬਾਰੇ ਫੀਡਬੈਕ ਲਿਆ। ਉਨ੍ਹਾਂ ਭਰੋਸਾ ਦਿੱਤਾ ਕਿ ਪਟਿਆਲਾ ਸਰਕਲ ਵਿੱਚ ਜੇਲ੍ਹ ਪ੍ਰਸ਼ਾਸਨ ਅਤੇ ਭਲਾਈ-ਮੁਖੀ ਉਪਾਵਾਂ ਨੂੰ ਹੋਰ ਮਜ਼ਬੂਤ ਕਰਨ ਲਈ ਸਾਰੇ ਜ਼ਰੂਰੀ ਯਤਨ ਕੀਤੇ ਜਾਣਗੇ।

## ਫੂਡ ਕਮਿਸ਼ਨ ਪੰਜਾਬ ਵੱਲੋਂ ਪਟਿਆਲਾ ਦੇ ਡਿੱਪੂ ਹੋਲਡਰ ਮਨਮੋਹਨ ਅਰੋੜਾ ‘ਬੈਸਟ ਐਵਾਰਡ’ ਨਾਲ ਸਨਮਾਨਿਤ



**ਪਟਿਆਲਾ, 9 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਫੂਡ ਕਮਿਸ਼ਨ ਵੱਲੋਂ ਕਰਵਾਏ ਗਏ ਸਨਮਾਨ ਸਮਾਗਮ ਦੌਰਾਨ ਪਟਿਆਲਾ ਜ਼ਿਲ੍ਹੇ ਦੇ ਡਿੱਪੂ ਹੋਲਡਰ ਸ੍ਰੀ ਮਨਮੋਹਨ ਅਰੋੜਾ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ‘ਬੈਸਟ ਐਵਾਰਡ’ ਨਾਲ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪੰਜਾਬ ਫੂਡ ਸਪਲਾਈ ਵਿਭਾਗ ਦੇ ਸਕੱਤਰ ਸ੍ਰੀ ਰਾਹੁਲ ਤਿਵਾੜੀ ਅਤੇ ਪੰਜਾਬ ਫੂਡ ਕਮਿਸ਼ਨ ਦੇ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਵੱਲੋਂ ਸ੍ਰੀ ਮਨਮੋਹਨ ਅਰੋੜਾ ਨੂੰ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਫੂਡ ਕਮਿਸ਼ਨ ਦੇ ਮੈਂਬਰ ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ, ਸ੍ਰੀ ਵਿਜੇ ਦੱਤ, ਡਾ. ਜੇ.ਐਸ. ਬੇਦੀ, ਡਾ. ਸਤੀਸ਼ ਵਰਮਾ, ਡਾਇਰੈਕਟਰ ਸ੍ਰੀ ਵਰਿੰਦਰ ਕੁਮਾਰ ਸ਼ਰਮਾ, ਵਧੀਕ ਡਾਇਰੈਕਟਰ ਸ੍ਰੀਮਤੀ ਅੰਜੂਮਨ ਭਾਸਕਰ ਸਮੇਤ ਵੱਖ-ਵੱਖ ਜ਼ਿਲ੍ਹਿਆਂ ਦੇ ਅਧਿਕਾਰੀ ਅਤੇ ਪਟਿਆਲਾ ਤੋਂ ਡੀ.ਐੱਫ.ਐੱਸ.ਸੀ. ਸ੍ਰੀ ਅਮਰਿੰਦਰ ਸਿੰਘ, ਇੰਸਪੈਕਟਰ, ਹਾਜ਼ਰ ਸਨ। ਇਸ ਸਨਮਾਨ ’ਤੇ ਰਾਸ਼ਨ ਡਿੱਪੂ ਹੋਲਡਰ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਸ੍ਰੀ ਰਾਮਪਾਲ ਮਹਾਜਨ ਅਤੇ ਉਨ੍ਹਾਂ ਦੀ ਟੀਮ ਵੱਲੋਂ ਪੰਜਾਬ ਫੂਡ ਕਮਿਸ਼ਨ ਅਤੇ ਫੂਡ ਸਪਲਾਈ ਵਿਭਾਗ ਦਾ ਧੰਨਵਾਦ ਕੀਤਾ ਗਿਆ। ਪਟਿਆਲਾ ਰਾਸ਼ਨ ਡਿੱਪੂ ਐਸੋਸੀਏਸ਼ਨ ਦੇ ਪ੍ਰਧਾਨ ਸ੍ਰੀ ਪ੍ਰਦੀਪ ਕਪਿਲਾ, ਸੀਨੀਅਰ ਮੀਤ ਪ੍ਰਧਾਨ ਸ੍ਰੀ ਜਰਨੈਲ ਸਿੰਘ , ਜਨਰਲ ਸਕੱਤਰ ਸ੍ਰੀ ਗੁਰਿੰਦਰ ਸਿੰਘ, ਪੰਜਾਬ ਪ੍ਰੈਸ ਸਕੱਤਰ ਸ੍ਰੀ ਸੁਦਰਸ਼ਨ ਮਿੱਤਲ, ਕੈਸ਼ੀਅਰ ਸ੍ਰੀ ਸੁਦਰਸ਼ਨ ਕਿੰਗਰ ਅਤੇ ਸ੍ਰੀ ਸਤੀਸ਼ ਕੁਮਾਰ ਨੇ ਸ੍ਰੀ ਮਨਮੋਹਨ ਅਰੋੜਾ ਨੂੰ ਮਿਲੇ ਇਸ ਮਾਣ-ਸਨਮਾਨ ਲਈ ਵਧਾਈ ਦਿੱਤੀ।

ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਕਿਹਾ ਕਿ ਸ੍ਰੀ ਮਨਮੋਹਨ ਅਰੋੜਾ ਨੂੰ ਮਿਲਿਆ ਇਹ ਸਨਮਾਨ ਪਟਿਆਲਾ ਜ਼ਿਲ੍ਹੇ ਦੇ ਸਮੂਹ ਰਾਸ਼ਨ ਡਿੱਪੂ ਹੋਲਡਰਾਂ ਲਈ ਮਾਣ ਵਾਲੀ ਗੱਲ ਹੈ ਅਤੇ ਇਸ ਨਾਲ ਹੋਰ ਡਿੱਪੂ ਹੋਲਡਰਾਂ ਨੂੰ ਵੀ ਆਪਣੀਆਂ ਸੇਵਾਵਾਂ ਹੋਰ ਬਿਹਤਰ ਢੰਗ ਨਾਲ ਨਿਭਾਉਣ ਲਈ ਪ੍ਰੇਰਣਾ ਮਿਲੇਗੀ।






## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਅਧਿਆਪਕ ਦਿਹਾੜਾ ਉਤਸ਼ਾਹ ਨਾਲ ਮਨਾਇਆ

**ਫ਼ਤਿਹਗੜ੍ਹ ਸਾਹਿਬ, 4 ਸਤੰਬਰ**
**-ਜੀ. ਐਸ. ਤੁੰਗ-**

ਫਤਿਹਗੜ੍ਹ ਸਾਹਿਬ: ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ ਅਧਿਆਪਕ ਦਿਹਾੜੇ ਬਹੁਤ ਉਤਸ਼ਾਹ ਅਤੇ ਜੋਸ਼ ਨਾਲ ਮਨਾਇਆ ਗਿਆ। ਇਹ ਸਮਾਗਮ ਅਧਿਆਪਕਾਂ ਦੀ ਸਮਰਪਣ ਭਾਵਨਾ, ਵਚਨਬੱਧਤਾ ਅਤੇ ਵਿਦਿਆਰਥੀਆਂ ਦੇ ਅਕਾਦਮਿਕ ਤੇ ਸਰਵਪੱਖੀ ਵਿਕਾਸ ਵਿੱਚ ਉਨ੍ਹਾਂ ਦੇ ਮਹੱਤਵਪੂਰਨ ਯੋਗਦਾਨ ਨੂੰ ਸਨਮਾਨਿਤ ਕਰਨ ਲਈ ਕਰਵਾਇਆ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ, ਨੇ ਸਮੂਹ ਅਧਿਆਪਕਾਂ ਨੂੰ ਅਧਿਆਪਕ ਦਿਹਾੜੇ ਦੀਆਂ ਦਿਲੋਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਅਧਿਆਪਕ ਕਿਸੇ ਵੀ ਵਿੱਦਿਅਕ ਸੰਸਥਾ ਦੀ ਮਜ਼ਬੂਤ ਨੀਂਹ ਹੁੰਦੇ ਹਨ। ਉਹ ਵਿਦਿਆਰਥੀਆਂ ਦੇ ਅਕਾਦਮਿਕ



ਭਵਿੱਖ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸੀਅਤ, ਕਦਰਾਂ-ਕੀਮਤਾਂ ਅਤੇ ਸੋਚ ਨੂੰ ਵੀ ਆਕਾਰ ਦਿੰਦੇ ਹਨ। ਉਨ੍ਹਾਂ ਨੇ ਅਧਿਆਪਕ ਮੈਂਬਰਾਂ ਦੀ ਸਮਰਪਣ ਭਾਵਨਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਅਕਾਦਮਿਕ ਉੱਤਮਤਾ ਤੇ ਰਾਸ਼ਟਰ ਨਿਰਮਾਣ ਵਿੱਚ ਨਿਰੰਤਰ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ।

ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ, ਨੇ ਵਿੱਦਿਅਕ ਪ੍ਰਕਿਰਿਆ ਵਿੱਚ ਅਧਿਆਪਕਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਗੱਲ ਕਰਦਿਆਂ ਕਿਹਾ ਕਿ ਅਧਿਆਪਕਾਂ ਨੂੰ ਨਵੀਆਂ ਅਧਿਆਪਨ ਵਿਧੀਆਂ, ਤਕਨੀਕੀ ਤਰੱਕੀ ਅਤੇ ਬਦਲਦੀਆਂ ਵਿੱਦਿਅਕ ਲੋੜਾਂ ਅਨੁਸਾਰ ਆਪਣੇ ਆਪ ਨੂੰ ਲਗਾਤਾਰ ਢਾਲਦੇ ਰਹਿਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਅਧਿਆਪਕ ਸਿਰਫ਼ ਗਿਆਨ ਦੇਣ ਵਾਲੇ ਨਹੀਂ ਹੁੰਦੇ, ਸਗੋਂ ਵਿਦਿਆਰਥੀਆਂ ਦੇ ਮਾਰਗਦਰਸ਼ਕ, ਸਹਾਇਕ ਅਤੇ ਪ੍ਰੇਰਨਾਸ੍ਰੋਤ ਵੀ ਹੁੰਦੇ ਹਨ।

ਸਮਾਗਮ ਦੇ ਕਨਵੀਨਰ ਡਾ. ਹਰਨੀਤ ਬਿਲਿੰਗ ਨੇ ਦੱਸਿਆ ਕਿ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਵੱਲੋਂ ਸੰਗੀਤ, ਨਾਚ ਅਤੇ ਹੋਰ ਕਲਾਤਮਕ ਪੇਸ਼ਕਾਰੀਆਂ ਨਾਲ ਭਰਪੂਰ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੀਆਂ ਰਚਨਾਤਮਕ ਪੇਸ਼ਕਾਰੀਆਂ ਰਾਹੀਂ ਅਧਿਆਪਕਾਂ ਪ੍ਰਤੀ ਆਪਣਾ ਸਤਿਕਾਰ, ਪਿਆਰ ਅਤੇ ਧੰਨਵਾਦ ਪ੍ਰਗਟ ਕੀਤਾ। ਸਮਾਗਮ ਦੀ ਇੱਕ ਵਿਸ਼ੇਸ਼ ਝਲਕ ਵਜੋਂ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੇ ਵਿਭਾਗ ਮੁਖੀਆਂ ਨੂੰ ਉਨ੍ਹਾਂ ਦੀ ਅਕਾਦਮਿਕ ਅਗਵਾਈ, ਪ੍ਰਸ਼ਾਸਨਿਕ ਜ਼ਿੰਮੇਵਾਰੀਆਂ ਅਤੇ ਯੂਨੀਵਰਸਿਟੀ ਦੇ ਵਿਕਾਸ ਵਿੱਚ ਪਾਏ ਜਾ ਰਹੇ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ।

ਸਮਾਗਮ ਦੌਰਾਨ ਅਧਿਆਪਕ ਸਾਹਿਬਾਨਾਂ ਲਈ ਵੱਖ-ਵੱਖ ਮਨੋਰੰਜਕ ਖੇਡਾਂ ਅਤੇ ਗਤੀਵਿਧੀਆਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਨ੍ਹਾਂ ਗਤੀਵਿਧੀਆਂ ਨਾਲ ਯੂਨੀਵਰਸਿਟੀ ਭਾਈਚਾਰੇ ਵਿੱਚ ਖੁਸ਼ੀ, ਆਪਸੀ ਸਾਂਝ ਅਤੇ ਸਹਿਯੋਗ ਦਾ ਮਾਹੌਲ ਬਣਿਆ।

ਸਮਾਗਮ ਦੇ ਅੰਤ ਵਿੱਚ ਡਾ. ਰਿਚਾ ਬਰਾੜ, ਮੁਖੀ, ਗਣਿਤ ਵਿਭਾਗ, ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਉਨ੍ਹਾਂ ਨੇ ਯੂਨੀਵਰਸਿਟੀ ਪ੍ਰਬੰਧਨ, ਅਧਿਆਪਕ ਮੈਂਬਰਾਂ, ਵਿਦਿਆਰਥੀਆਂ ਅਤੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਵਿਅਕਤੀਆਂ ਦਾ ਧੰਨਵਾਦ ਕੀਤਾ।

# ਸੰਪਾਦਕੀ

## ਪੰਜਾਬ ਦੀ ਕਹਾਣੀ , ਖਾਲੀ ਹੁੰਦੇ ਘਰਾਂ ਦੀ ਜ਼ੁਬਾਨੀ

ਪੰਜਾਬ ਦੀ ਧਰਤੀ ਨੇ ਕਦੇ ਆਪਣੇ ਪੁੱਤਰਾਂ ਨੂੰ ਰੋਜ਼ਗਾਰ ਦੀ ਭਾਲ ਵਿੱਚ ਵਿਦੇਸ਼ ਭੇਜਣ ਨੂੰ ਸਿਰਫ਼ ਪਰਿਵਾਰਕ ਫ਼ੈਸਲਾ ਨਹੀਂ ਮੰਨਿਆ ਸੀ। ਇਹ ਹੌਲੀ-ਹੌਲੀ ਇੱਕ ਸਮਾਜਕ ਰੁਝਾਨ ਬਣਿਆ ਅਤੇ ਹੁਣ ਕਈ ਪਿੰਡਾਂ ਦੀ ਤਸਵੀਰ ਹੀ ਬਦਲ ਚੁੱਕੀ ਹੈ। ਜਿੱਥੇ ਕਦੇ ਸਵੇਰੇ ਖੇਤਾਂ ਵੱਲ ਜਾਂਦੇ ਨੌਜਵਾਨਾਂ ਦੀ ਰੌਣਕ ਹੁੰਦੀ ਸੀ, ਉੱਥੇ ਅੱਜ ਕਈ ਘਰਾਂ ਦੇ ਦਰਵਾਜ਼ੇ ਬੰਦ ਹਨ ਅਤੇ ਬਜ਼ੁਰਗ ਮਾਪੇ ਆਪਣੇ ਬੱਚਿਆਂ ਦੀ ਉਡੀਕ ਵਿੱਚ ਜ਼ਿੰਦਗੀ ਬਿਤਾ ਰਹੇ ਹਨ। ਕੈਨੇਡਾ, ਇੰਗਲੈਂਡ , ਅਮਰੀਕਾ, ਆਸਟ੍ਰੇਲੀਆ ਅਤੇ ਹੋਰ ਪੱਛਮੀ ਦੇਸ਼ਾਂ ਵੱਲ ਪੰਜਾਬੀ ਨੌਜਵਾਨਾਂ ਦਾ ਰੁਖ ਅੱਜ ਆਮ ਹੈ । ਭਾਰਤ ਤੋਂ ਕੈਨੇਡਾ ਜਾਣ ਵਾਲਿਆਂ ਦੀ ਗਿਣਤੀ ਪਿਛਲੇ ਦਹਾਕੇ ਵਿੱਚ ਬਹੁਤ ਤੇਜ਼ੀ ਨਾਲ ਵਧੀ। 2013 ਵਿੱਚ ਕੈਨੇਡਾ ਜਾਣ ਵਾਲੇ ਭਾਰਤੀ ਨਾਗਰਿਕਾਂ ਦੀ ਗਿਣਤੀ ਲਗਭਗ 32,828 ਸੀ, ਜੋ 2023 ਵਿੱਚ ਵਧ ਕੇ ਕਰੀਬ 1,39,715 ਹੋ ਗਈ।

ਮੁੱਦਾ ਹੈ- ਕੀ ਪੰਜਾਬ ਦੇ ਨੌਜਵਾਨ ਸਿਰਫ਼ ਵਿਦੇਸ਼ਾਂ ਦੀ ਖਿੱਚ ਕਾਰਨ ਜਾ ਰਹੇ ਹਨ ਜਾਂ ਪੰਜਾਬ ਦੀਆਂ ਅੰਦਰੂਨੀ ਨਾਕਾਮੀਆਂ ਉਨ੍ਹਾਂ ਨੂੰ ਧੱਕ ਰਹੀਆਂ ਹਨ ?

ਰੋਜ਼ਗਾਰ ਦੀ ਘਾਟ, ਨੌਕਰੀਆਂ ਵਿੱਚ ਅਸਥਿਰਤਾ, ਭਰਤੀ ਪ੍ਰਕਿਰਿਆਵਾਂ ਵਿੱਚ ਦੇਰੀ, ਘੱਟ ਤਨਖ਼ਾਹ, ਖੇਤੀ ਦਾ ਸੰਕਟ, ਵਧਦੀਆਂ ਪਰਿਵਾਰਕ ਉਮੀਦਾਂ ਅਤੇ ਵਿਦੇਸ਼ੀ ਜੀਵਨ ਦੀ ਬਣਾਈ ਗਈ ਚਮਕ—ਇਹ ਸਾਰੇ ਕਾਰਨ ਇਕੱਠੇ ਹੋ ਕੇ ਨੌਜਵਾਨ ਮਨ ਨੂੰ ਪ੍ਰਭਾਵਿਤ ਕਰਦੇ ਹਨ। ਪੰਜਾਬ ਵਿੱਚ ਵਿਦੇਸ਼ ਜਾਣਾ ਕਈ ਥਾਵਾਂ ’ਤੇ ਸਫ਼ਲਤਾ ਦਾ ਪ੍ਰਤੀਕ ਵੀ ਬਣ ਗਿਆ ਹੈ। ਇਸ ਕਾਰਨ ਕਈ ਪਰਿਵਾਰ ਆਪਣੀ ਜ਼ਮੀਨ ਵੇਚਣ, ਕਰਜ਼ਾ ਲੈਣ ਜਾਂ ਜੀਵਨ ਭਰ ਦੀ ਬਚਤ ਖਰਚ ਕਰਨ ਤੱਕ ਲਈ ਤਿਆਰ ਹੋ ਜਾਂਦੇ ਹਨ।

ਪਰਵਾਸ ਦਾ ਦੂਜਾ ਪਾਸਾ ਵੀ ਹੈ। ਕਈ ਨੌਜਵਾਨਾਂ ਨੂੰ ਵਿਦੇਸ਼ ਪਹੁੰਚ ਕੇ ਉਮੀਦ ਕੀਤੀ ਜ਼ਿੰਦਗੀ ਨਹੀਂ ਮਿਲਦੀ। ਹਾਲ ਹੀ ਵਿੱਚ ਮੀਡੀਆ ਰਾਹੀਂ ਪੰਜਾਬ ਦੇ 36 ਨੌਜਵਾਨਾਂ ਦੇ ਇੱਕ ਸਮੂਹ ਦੇ ਵਿਦੇਸ਼ੀ ਰੋਜ਼ਗਾਰ ਦੇ ਨਾਂ ’ਤੇ ਫਸ ਜਾਣ ਦੀ ਘਟਨਾ ਸਾਹਮਣੇ ਆਈ, ਜਿੱਥੇ ਪਰਿਵਾਰਾਂ ਨੇ ਲੱਖਾਂ ਰੁਪਏ ਖਰਚ ਕੀਤੇ ਸਨ।

ਕੈਨੇਡਾ ਨੇ ਵੀ ਵਿਦੇਸ਼ੀ ਵਿਦਿਆਰਥੀਆਂ ਦੀ ਗਿਣਤੀ ਘਟਾਉਣ ਲਈ ਨੀਤੀਆਂ ਸਖ਼ਤ ਕੀਤੀਆਂ ਹਨ। 2025 ਵਿੱਚ ਉੱਥੇ ਕੁੱਲ ਵਿਦਿਆਰਥੀ ਪਰਮਿਟਾਂ ਦੀ ਯੋਜਨਾਬੱਧ ਗਿਣਤੀ 4,37,000 ਰੱਖੀ ਗਈ, ਜੋ ਪਿਛਲੇ ਸਾਲ ਨਾਲੋਂ 10 ਫ਼ੀਸਦੀ ਘੱਟ ਸੀ। ਇਸ ਤੋਂ ਸਪੱਸ਼ਟ ਹੈ ਕਿ ਵਿਦੇਸ਼ੀ ਧਰਤੀ ਵੀ ਹੁਣ ਬੇਅੰਤ ਮੌਕਿਆਂ ਦੀ ਗਾਰੰਟੀ ਨਹੀਂ।

ਸਭ ਤੋਂ ਵੱਧ ਚਿੰਤਾਜਨਕ ਪ੍ਰਭਾਵ ਪੰਜਾਬ ਦੇ ਪਿੱਛੇ ਰਹਿ ਗਏ ਮਾਪਿਆਂ ’ਤੇ ਪੈਂਦਾ ਹੈ। ਇੱਕ ਅਧਿਐਨ ਵਿੱਚ ਪੰਜਾਬ ਦੇ ਇੱਕ ਪਿੰਡ ਦੇ 30 ਪਰਵਾਸੀ ਬੱਚਿਆਂ ਦੇ ਮਾਪਿਆਂ ਨਾਲ ਡੂੰਘੀ ਗੱਲਬਾਤ ਕਰਕੇ ਇਹ ਸਮਝਣ ਦੀ ਕੋਸ਼ਿਸ਼ ਕੀਤੀ ਗਈ ਕਿ ਬੱਚਿਆਂ ਦੇ ਦੂਰ ਚਲੇ ਜਾਣ ਨਾਲ ਉਨ੍ਹਾਂ ਦੀ ਜ਼ਿੰਦਗੀ ਕਿਵੇਂ ਬਦਲਦੀ ਹੈ। ਅਜਿਹੇ ਘਰਾਂ ਵਿੱਚ ਇਕੱਲਾਪਣ, ਭਾਵਨਾਤਮਕ ਦੂਰੀ ਅਤੇ ਰੋਜ਼ਾਨਾ ਜੀਵਨ ਵਿੱਚ ਸਹਾਰੇ ਦੀ ਘਾਟ ਮਹੱਤਵਪੂਰਨ ਮੁੱਦੇ ਬਣ ਕੇ ਸਾਹਮਣੇ ਆਉਂਦੇ ਹਨ।

ਇਹ ਸਿਰਫ਼ ਪਰਿਵਾਰਕ ਮਸਲਾ ਨਹੀਂ। ਜੇ ਪਿੰਡਾਂ ਵਿੱਚੋਂ ਲਗਾਤਾਰ ਨੌਜਵਾਨ ਬਾਹਰ ਜਾਂਦੇ ਰਹੇ ਤਾਂ ਖੇਤੀ, ਛੋਟੇ ਕਾਰੋਬਾਰ, ਸਮਾਜਕ ਸੰਸਥਾਵਾਂ ਅਤੇ ਪਿੰਡਾਂ ਦੀ ਸਾਂਝੀ ਜੀਵਨ-ਪ੍ਰਣਾਲੀ ’ਤੇ ਵੀ ਅਸਰ ਪਵੇਗਾ। ਬਜ਼ੁਰਗ ਰਹਿ ਜਾਣਗੇ, ਪਰ ਅਗਲੀ ਪੀੜ੍ਹੀ ਦੀ ਭਾਗੀਦਾਰੀ ਘਟਦੀ ਜਾਵੇਗੀ। ਜ਼ਮੀਨ ਦੀ ਦੇਖਭਾਲ ਲਈ ਮਜ਼ਦੂਰਾਂ ’ਤੇ ਨਿਰਭਰਤਾ ਵਧੇਗੀ ਅਤੇ ਕਈ ਪਰਿਵਾਰਾਂ ਵਿੱਚ ਪੀੜ੍ਹੀਆਂ ਵਿਚਕਾਰ ਭਾਵਨਾਤਮਕ ਦੂਰੀ ਹੋਰ ਡੂੰਘੀ ਰਹੀ ਹੈ।

ਕੀ ਪੰਜਾਬ, ਪੰਜਾਬੀਅਤ, ਪੰਜਾਬੀ ਵਿਰਸਾ, ਬੋਲੀ ਅਤੇ ਪਰਿਵਾਰਕ ਪ੍ਰਣਾਲੀ ਨੂੰ ਕਮਜ਼ੋਰ ਕਰਨ ਵਿੱਚ ਸਿਰਫ਼ ਪ੍ਰਸ਼ਾਸਨ ਦੀਆਂ ਨਾਕਾਮ ਨੀਤੀਆਂ ਜ਼ਿੰਮੇਵਾਰ ਹਨ ? ਕੀ ਪੰਜਾਬ ਵਿੱਚ ਗੁਣਵੱਤਾ ਵਾਲੇ ਰੋਜ਼ਗਾਰ ਦੀ ਘਾਟ ਇਸ ਦਾ ਮੁੱਖ ਕਾਰਨ ਹੈ ? ਕੀ ਸਿੱਖਿਆ ਪ੍ਰਣਾਲੀ ਨੌਜਵਾਨਾਂ ਨੂੰ ਸਥਾਨਕ ਮੌਕਿਆਂ ਨਾਲ ਜੋੜਨ ਵਿੱਚ ਅਸਫਲ ਰਹੀ ਹੈ ? ਜਾਂ ਫਿਰ ਇਹ ਕਿਸੇ ਅਜਿਹੀ ਸੁਚੱਜੀ ਸਾਜ਼ਿਸ਼ ਦਾ ਹਿੱਸਾ ਹੈ ਜਿਸ ਵਿੱਚ ਪੰਜਾਬ ਦੀ ਨੌਜਵਾਨ ਤਾਕਤ ਨੂੰ ਹੌਲੀ-ਹੌਲੀ ਬਾਹਰ ਖਿੱਚਿਆ ਜਾ ਰਿਹਾ ਹੈ ?

ਸਾਜ਼ਿਸ਼ ਦਾ ਦੋਸ਼ ਲਗਾਉਣ ਤੋਂ ਪਹਿਲਾਂ ਸਬੂਤ ਲੋੜੀਂਦੇ ਹਨ। ਪਰ ਇਹ ਸਵਾਲ ਜ਼ਰੂਰ ਪੁੱਛਿਆ ਜਾਣਾ ਚਾਹੀਦਾ ਹੈ ਕਿ ਜੇ ਨੌਜਵਾਨਾਂ ਨੂੰ ਆਪਣੇ ਹੀ ਸੂਬੇ ਵਿੱਚ ਸਨਮਾਨਜਨਕ ਰੋਜ਼ਗਾਰ, ਉਦਯੋਗ, ਸਿੱਖਿਆ, ਖੇਡਾਂ ਅਤੇ ਉੱਦਮ ਦੇ ਮੌਕੇ ਮਿਲਣ ਤਾਂ ਕੀ ਉਹ ਆਪਣਾ ਘਰ-ਪਿੰਡ ਛੱਡਣ ਲਈ ਇੰਨੇ ਉਤਸੁਕ ਹੋਣਗੇ ?

ਪੰਜਾਬ ਨੂੰ ਨੌਜਵਾਨਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਦੀ ਮੁਹਿੰਮ ਨਹੀਂ, ਉਨ੍ਹਾਂ ਨੂੰ ਪੰਜਾਬ ਵਿੱਚ ਰਹਿਣ ਲਈ ਮਜ਼ਬੂਤ ਕਾਰਨ ਦੇਣ ਦੀ ਮੁਹਿੰਮ ਚਾਹੀਦੀ ਹੈ।

ਕਿਉਂਕਿ ਵਿਦੇਸ਼ ਗਿਆ ਇੱਕ ਨੌਜਵਾਨ ਸਿਰਫ਼ ਇੱਕ ਵਿਅਕਤੀ ਨਹੀਂ ਜਾਂਦਾ—ਉਸ ਨਾਲ ਇੱਕ ਘਰ ਦੀ ਰੌਣਕ, ਇੱਕ ਮਾਂ ਦੀ ਆਸ, ਇੱਕ ਪਿਤਾ ਦਾ ਸਹਾਰਾ ਅਤੇ ਕਈ ਵਾਰ ਪੂਰੇ ਪਿੰਡ ਦੀ ਭਵਿੱਖੀ ਤਾਕਤ ਵੀ ਦੂਰ ਚਲੀ ਜਾਂਦੀ ਹੈ।

ਅਸਲ ਤਰੱਕੀ ਉਹ ਨਹੀਂ ਜਿੱਥੇ ਪੰਜਾਬ ਦੇ ਘਰਾਂ ਵਿੱਚ ਵਿਦੇਸ਼ਾਂ ਤੋਂ ਪੈਸਾ ਆਵੇ; ਅਸਲ ਤਰੱਕੀ ਉਹ ਹੋਵੇਗੀ ਜਦੋਂ ਪੰਜਾਬ ਦੇ ਨੌਜਵਾਨਾਂ ਨੂੰ ਆਪਣਾ ਭਵਿੱਖ ਬਣਾਉਣ ਲਈ ਪੰਜਾਬ ਛੱਡਣਾ ਮਜਬੂਰੀ ਨਹੀਂ, ਸਿਰਫ਼ ਆਪਣੀ ਮਰਜ਼ੀ ਦਾ ਵਿਕਲਪ ਹੋਵੇ।

**-ਛੱਤਰਪਾਲ ਸਿੰਘ**

# ਚਿੱਟੇ ਚਾਦਰੇ ਜ਼ਮੀਨਾਂ ਗਹਿਣੇ, ਕਿਸਾਨੀ ਕਰਜ਼ੇ ਹੁਣ ਔਖੇ ਲਹਿਣੇ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਭਾਰਤੀ ਖੇਤੀ ਸਿਰਫ਼ ਅਨਾਜ ਪੈਦਾ ਕਰਨ ਵਾਲਾ ਖੇਤਰ ਨਹੀਂ, ਸਗੋਂ ਕਰੋੜਾਂ ਪਰਿਵਾਰਾਂ ਦੀ ਰੋਜ਼ੀ-ਰੋਟੀ, ਪਿੰਡਾਂ ਅਤੇ ਸ਼ਹਿਰਾਂ ਦੀ ਅਰਥਵਿਵਸਥਾ ਅਤੇ ਦੇਸ਼ ਦੀ ਖੁਰਾਕੀ ਸੁਰੱਖਿਆ ਦਾ ਮੂਲ ਆਧਾਰ ਹੈ। ਪਰ ਇਸ ਮੂਲਭੂਤ ਆਧਾਰ ਦੀ ਨੀਂਹ ਅੱਜ ਵਧਦੇ ਕਰਜ਼ੇ, ਮਹਿੰਗੀ ਖੇਤੀ, ਅਸਥਿਰ ਮੰਡੀ ਭਾਅ, ਮੌਸਮੀ ਖ਼ਤਰਿਆਂ ਅਤੇ ਘਟ ਰਹੀ ਆਮਦਨ ਦੀ ਚੁਣੌਤੀ ਨਾਲ ਹਿੱਲ ਚੁੱਕੀ ਹੈ। ਖ਼ਾਸ ਤੌਰ ’ਤੇ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਖੇਤੀ ਹੁਣ ਸਿਰਫ਼ ਉਤਪਾਦਨ ਦਾ ਨਹੀਂ, ਕਰਜ਼ਾ ਚੁਕਾਉਣ ਅਤੇ ਅਗਲੀ ਫ਼ਸਲ ਲਈ ਮੁੜ ਪੈਸਾ ਜੋੜਨ ਦਾ ਚੱਕਰ ਬਣਦੀ ਜਾ ਰਹੀ ਹੈ।

ਸਰਕਾਰੀ ਅੰਕੜਿਆਂ ਮੁਤਾਬਕ 2019 ਵਿੱਚ ਕੀਤੇ ਗਏ ਸਿਚੂਏਸ਼ਨ ਅਸੈੱਸਮੈਂਟ ਸਰਵੇਅ ਆਫ ਐਗਰੀਕਲਚਰਲ ਹਾਊਸਹੋਲਡਜ਼ ਨਾਲ ਜੁੜੇ ਅੰਕੜਿਆਂ ਅਨੁਸਾਰ ਦੇਸ਼ ਦੇ ਲਗਭਗ 65 ਫ਼ੀਸਦੀ ਕਿਸਾਨ ਪਰਿਵਾਰ ਕਰਜ਼ੇ ਹੇਠ ਸਨ। ਇਸੇ ਸਬੰਧੀ ਸਰਕਾਰ ਵੱਲੋਂ ਪੇਸ਼ ਕੀਤੇ ਅੰਕੜਿਆਂ ਵਿੱਚ ਲਗਭਗ 52 ਫ਼ੀਸਦੀ ਖੇਤੀਬਾੜੀ ਪਰਿਵਾਰਾਂ ਦੇ ਕਰਜ਼ੇਦਾਰ ਹੋਣ ਦਾ ਹਵਾਲਾ ਵੀ ਮਿਲਦਾ ਹੈ—ਦੋਵੇਂ ਅੰਕੜਿਆਂ ਦੀ ਪਰਿਭਾਸ਼ਾ ਅਤੇ ਸਰਵੇਖਣ ਇਕਾਈ ਵੱਖ ਹੋਣ ਕਰਕੇ ਇਨ੍ਹਾਂ ਨੂੰ ਇੱਕੋ ਮਾਪਦੰਡ ਨਹੀਂ ਮੰਨਿਆ ਜਾਣਾ ਚਾਹੀਦਾ।

ਇਸ ਸਮੱਸਿਆ ਦੀ ਗੰਭੀਰਤਾ ਇਸ ਗੱਲ ਤੋਂ ਵੀ ਸਮਝੀ ਜਾ ਸਕਦੀ ਹੈ ਕਿ ਭਾਰਤ ਵਿੱਚ ਖੇਤੀਬਾੜੀ ਪਰਿਵਾਰਾਂ ਦੀ ਔਸਤ ਜ਼ਮੀਨੀ ਮਲਕੀਅਤ ਲਗਾਤਾਰ ਘਟੀ ਹੈ—2003 ਵਿੱਚ 0.725 ਹੈਕਟੇਅਰ ਤੋਂ 2013 ਵਿੱਚ 0.592 ਅਤੇ 2019 ਵਿੱਚ ਸਿਰਫ਼ 0.512 ਹੈਕਟੇਅਰ ਰਹਿ ਗਈ। ਛੋਟੀ ਵਾਹੀ ਦਾ ਅਰਥ ਹੈ ਕਿ ਕਿਸਾਨ ਕੋਲ ਮਸ਼ੀਨਰੀ, ਬੀਜ, ਖਾਦ, ਸਿੰਚਾਈ ਅਤੇ ਹੋਰ ਖਰਚਿਆਂ ਦਾ ਬੋਝ ਝੱਲਣ ਲਈ ਘੱਟ ਪੈਮਾਨਾ ਹੁੰਦਾ ਹੈ।

ਪੰਜਾਬ ਇਸ ਸੰਕਟ ਦੀ ਇੱਕ ਮਹੱਤਵਪੂਰਨ ਉਦਾਹਰਨ ਹੈ। ਇੱਥੇ ਖੇਤੀ ਦੀ ਉਪਜ ਦੇਸ਼ ਦੇ ਕਈ ਹਿੱਸਿਆਂ ਨਾਲੋਂ ਉੱਚੀ ਹੈ, ਪਰ ਇਸ ਦੇ ਨਾਲ ਜ਼ਮੀਨ ਦਾ ਕਿਰਾਇਆ, ਡੀਜ਼ਲ, ਖਾਦਾਂ, ਕੀਟਨਾਸ਼ਕ, ਮਜ਼ਦੂਰੀ, ਮਸ਼ੀਨਰੀ ਅਤੇ ਪਾਣੀ ਦੀ ਲਾਗਤ ਵੀ ਵੱਡੀ ਹੈ।

ਪੰਜਾਬ ਵਿੱਚ ਕਿਸਾਨ ਕਰੈਡਿਟ ਕਾਰਡ ਤਹਿਤ ਬਕਾਇਆ ਕਰਜ਼ਾ ਮਾਰਚ 2021 ਦੇ ਲਗਭਗ 54,526 ਕਰੋੜ ਤੋਂ ਵਧ ਕੇ ਮਾਰਚ 2025 ਵਿੱਚ ?57,536 ਕਰੋੜ ਹੋ ਗਿਆ। ਇਸੇ ਸਮੇਂ ਸਰਗਰਮ ਖਾਤਿਆਂ ਦੀ ਗਿਣਤੀ ਘਟੀ। ਇਸ ਦਾ ਮਤਲਬ ਇਹ ਨਹੀਂ ਕਿ ਹਰ ਕਿਸਾਨ ਦੀ ਸਥਿਤੀ ਇੱਕੋ ਜਿਹੀ ਹੈ, ਪਰ ਇਹ ਜ਼ਰੂਰ ਦਰਸਾਉਂਦਾ ਹੈ ਕਿ ਉਧਾਰ ਲੈਣ ਵਾਲੇ ਕਿਸਾਨਾਂ ’ਤੇ ਕਰਜ਼ੇ ਦਾ ਔਸਤ ਬੋਝ ਵਧਿਆ ਹੈ।

ਇਸ ਤੋਂ ਵੀ ਵੱਡੀ ਚਿੰਤਾ ਇਹ ਹੈ ਕਿ ਕਿਸਾਨ ਵਰਗ ਦਾ ਕਰਜ਼ਾ ਵਧਣਾ ਆਪਣੇ ਆਪ ਵਿੱਚ ਖੁਸ਼ਹਾਲੀ ਦਾ ਸਬੂਤ ਨਹੀਂ। ਜੇ ਕਰਜ਼ਾ ਉਪਜ ਦੀ ਕਮਾਈ ਨੂੰ ਮੁੜ ਨਿਵੇਸ਼ ਦੀ ਥਾਂ ਪੁਰਾਣਾ ਕਰਜ਼ਾ ਚੁਕਾਉਣ, ਘਰੇਲੂ ਖਰਚੇ ਜਾਂ ਫ਼ਸਲੀ ਘਾਟੇ ਜਾਂ ਸਾਂਦ-ਸਨਦੇੜੇ ਨੂੰ ਪੂਰਾ ਕਰਨ ਲਈ ਵਰਤਿਆ ਜਾਵੇ ਤਾਂ ਇਹ ਆਮਦਨ ਪੈਦਾ ਕਰਨ ਦੀ ਬਜਾਏ ਕਰਜ਼ੇ ਦੇ ਚੱਕਰ ਨੂੰ ਲੰਮਾ ਕਰਦਾ ਹੈ।

ਇੱਥੇ ਇੱਕ ਮਹੱਤਵਪੂਰਨ ਨੁਕਤਾ ਸਮਝਣਾ ਜ਼ਰੂਰੀ ਹੈ। ਸਰਕਾਰੀ ਅੰਕੜਿਆਂ ਵਿੱਚ ਖੇਤੀ ਅਤੇ ਸਹਾਇਕ ਖੇਤਰਾਂ ਦਾ ਨਫ਼ਾ ਨਾਮਾਤਰ ਵਾਧਾ ਦਰ 2024-25 ਵਿੱਚ 10.4 ਫ਼ੀਸਦੀ ਰਹੀ। ਪਰ ਖੇਤੀ ਦੀ ਕੁੱਲ ਆਰਥਿਕ ਵਾਧਾ ਦਰ ਅਤੇ ਇੱਕ ਕਿਸਾਨ ਪਰਿਵਾਰ ਦੀ ਹੱਥ ਵਿੱਚ ਬਚਣ ਵਾਲੀ ਆਮਦਨ ਇੱਕੋ ਚੀਜ਼ ਨਹੀਂ।

ਕਿਸਾਨ ਦੀ ਅਸਲ ਆਰਥਿਕ ਸਥਿਤੀ ਜਾਣਨ ਲਈ ਫ਼ਸਲ ਦੀ ਕੀਮਤ ਵਿੱਚ ਵਾਧੇ ਦੇ ਮੁਕਾਬਲੇ ਉਤਪਾਦਨ ਲਾਗਤ, ਕਰਜ਼ੇ ਦਾ ਵਿਆਜ, ਜ਼ਮੀਨ ਦਾ ਕਿਰਾਇਆ ਅਤੇ ਪਰਿਵਾਰਕ ਖਰਚੇ ਦੇਖਣੇ ਪੈਂਦੇ ਹਨ।

ਇਸੇ ਲਈ ਸਰਕਾਰ ਦਾ ਆਰਥਿਕ ਸਰਵੇਖਣ ਵੀ ਮੰਨਦਾ ਹੈ ਕਿ ਛੋਟੇ ਅਤੇ ਸਰਹੱਦੀ ਕਿਸਾਨਾਂ ਕੋਲ ਮੌਸਮੀ ਅਤੇ ਬਾਜ਼ਾਰੀ ਝਟਕਿਆਂ ਨੂੰ ਸਹਿਣ ਦੀ ਸਮਰੱਥਾ ਘੱਟ ਹੈ ਅਤੇ ਉਨ੍ਹਾਂ ਦੀ ਮੋਲ-ਭਾਵ ਕਰਨ ਦੀ ਤਾਕਤ ਵੀ ਕਮਜ਼ੋਰ ਹੈ।

ਕੇਂਦਰ ਸਰਕਾਰ 22 ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਐਲਾਨਦੀ ਹੈ ਅਤੇ 2018-19 ਤੋਂ ਲਾਗਤ ਦੇ ਨਿਰਧਾਰਤ ਮਾਪਦੰਡ ’ਤੇ ਘੱਟੋ-ਘੱਟ 50 ਫ਼ੀਸਦੀ ਰਿਟਰਨ ਦਾ ਸਿਧਾਂਤ ਲਾਗੂ ਕਰਨ ਦੀ ਗੱਲ ਕਰਦੀ ਹੈ।

ਪਰ ਘੱਟੋ-ਘੱਟ ਸਮਰਥਨ ਮੁੱਲ ਦਾ ਐਲਾਨ ਅਤੇ ਹਰ ਕਿਸਾਨ ਨੂੰ ਘੱਟੋ-ਘੱਟ ਸਮਰਥਨ ਮੁੱਲ ’ਤੇ ਵਿਕਰੀ ਮਿਲਣਾ ਦੋ ਵੱਖਰੀਆਂ ਗੱਲਾਂ ਹਨ। ਜਿੱਥੇ ਸਰਕਾਰੀ ਖਰੀਦ ਮਜ਼ਬੂਤ ਹੈ, ਉੱਥੇ ਕਿਸਾਨ ਨੂੰ ਵੱਧ ਸੁਰੱਖਿਆ ਮਿਲਦੀ ਹੈ; ਜਿੱਥੇ ਖਰੀਦ ਪ੍ਰਣਾਲੀ ਕਮਜ਼ੋਰ ਹੈ, ਉੱਥੇ ਐਲਾਨਿਆ ਘੱਟੋ-ਘੱਟ ਸਮਰਥਨ ਮੁੱਲ ਕਿਸਾਨ ਲਈ ਪੂਰੀ ਆਮਦਨ-ਸੁਰੱਖਿਆ ਨਹੀਂ ਬਣਦਾ।

ਇਸੇ ਲਈ ਕਿਸਾਨੀ ਨੀਤੀ ਵਿੱਚ ਸਿਰਫ਼ ਘੱਟੋ-ਘੱਟ ਸਮਰਥਨ ਮੁੱਲ ਵਧਾਉਣ ਦੀ ਬਜਾਏ ਖਰੀਦ, ਭੰਡਾਰਨ, ਪ੍ਰੋਸੈਸਿੰਗ, ਬਾਜ਼ਾਰ ਪਹੁੰਚ ਅਤੇ ਫ਼ਸਲ ਬੀਮਾ ਨੂੰ ਇਕੱਠੇ ਦੇਖਣਾ ਜ਼ਰੂਰੀ ਹੈ।

ਕਰਜ਼ਾ ਸਿਰਫ਼ ਬੈਂਕ ਦੀ ਪਾਸਬੁੱਕ ਵਿੱਚ ਦਰਜ ਰਕਮ ਨਹੀਂ ਹੁੰਦਾ। ਜਦੋਂ ਇੱਕ ਕਿਸਾਨ ਨੂੰ ਹਰ ਫ਼ਸਲ ਤੋਂ ਪਹਿਲਾਂ ਇਹ ਸੋਚਣਾ ਪਵੇ ਕਿ ਬੀਜ, ਖਾਦ ਅਤੇ ਡੀਜ਼ਲ ਦਾ ਪੈਸਾ ਕਿੱਥੋਂ ਆਵੇਗਾ, ਕੁਦਰਤ ਮਿਹਰਵਾਨ ਹੋਵੇਗੀ ਜਾਂ ਕਹਿਰਵਾਨ ਅਤੇ ਫ਼ਸਲ ਵੇਚਣ ਤੋਂ ਬਾਅਦ ਪੁਰਾਣਾ ਕਰਜ਼ਾ ਕਿਵੇਂ ਚੁਕਾਇਆ ਜਾਵੇਗਾ, ਤਾਂ ਇਸ ਦਾ ਪ੍ਰਭਾਵ ਪੂਰੇ ਪਰਿਵਾਰ, ਪੂਰੇ ਵਰਗ’ਤੇ ਪੈਂਦਾ ਹੈ।

ਚਿੰਤਾ, ਨੀਂਦ ਦੀ ਸਮੱਸਿਆ, ਪਰਿਵਾਰਕ ਤਣਾਅ, ਬੱਚਿਆਂ ਦੀ ਪੜ੍ਹਾਈ ’ਤੇ ਅਸਰ ਅਤੇ ਸਮਾਜਿਕ ਦਬਾਅ ਇਸ ਸੰਕਟ ਦੇ ਅਣਦਿੱਖੇ ਪੱਖ ਹਨ। ਇਸ ਲਈ ਕਿਸਾਨੀ ਸੰਕਟ ਨੂੰ ਸਿਰਫ਼ ਕਰਜ਼ਾ ਮੁਆਫ਼ੀ ਦੇ ਨਜ਼ਰੀਏ ਨਾਲ ਦੇਖਣਾ ਅਧੂਰਾ ਹੈ।

2024 ਵਿੱਚ ਰਾਸ਼ਟਰੀ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ 90 ਖੇਤੀਬਾੜੀ ਨਾਲ ਜੁੜੇ ਲੋਕਾਂ ਵਿੱਚੋਂ 84 ਕਿਸਾਨਾਂ ਅਤੇ 6 ਖੇਤੀ ਮਜ਼ਦੂਰਾਂ ਦੀਆਂ ਖੁਦਕੁਸ਼ੀਆਂ ਦਰਜ ਹੋਈਆਂ, ਜਦਕਿ ਦੇਸ਼ ਪੱਧਰ ’ਤੇ ਕਿਸਾਨਾਂ ਅਤੇ ਖੇਤੀ ਮਜ਼ਦੂਰਾਂ ਦੀਆਂ ਖੁਦਕੁਸ਼ੀਆਂ ਦੀ ਗਿਣਤੀ 10,546 ਰਹੀ। ਇਨ੍ਹਾਂ ਅੰਕੜਿਆਂ ਨੂੰ ਪੜ੍ਹਦਿਆਂ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਖੁਦਕੁਸ਼ੀ ਦੇ ਕਾਰਨ ਬਹੁ-ਪੱਖੀ ਹੁੰਦੇ ਹਨ ਅਤੇ ਕੇਵਲ ਕਰਜ਼ੇ ਨੂੰ ਇਕੱਲਾ ਕਾਰਨ ਮੰਨਣਾ ਵਿਗਿਆਨਕ ਤੌਰ ’ਤੇ ਠੀਕ ਨਹੀਂ।

ਕਰਜ਼ਾ ਮੁਆਫ਼ੀ ਸੰਕਟ ਦੇ ਸਮੇਂ ਰਾਹਤ ਦੇ ਸਕਦੀ ਹੈ, ਪਰ ਇਹ ਸਥਾਈ ਇਲਾਜ ਨਹੀਂ। ਜੇ ਕਿਸਾਨ ਦੀ ਆਮਦਨ ਅਤੇ ਖੇਤੀ ਦੀ ਲਾਗਤ ਵਿਚਲਾ ਫ਼ਰਕ ਕਾਇਮ ਰਹੇ ਤਾਂ ਕੁਝ ਸਾਲਾਂ ਬਾਅਦ ਨਵਾਂ ਕਰਜ਼ਾ ਫਿਰ ਖੜ੍ਹਾ ਹੋ ਜਾਂਦਾ ਹੈ।

ਕਿਸਾਨੀ ਖੁਸ਼ਹਾਲੀ ਦੇ ਲੰਬੇ ਸਮੇਂ ਦੇ ਹੱਲ ਲਈ ਪੰਜ ਮੋਰਚਿਆਂ ’ਤੇ ਕੰਮ ਲਾਜ਼ਮੀ ਹੈ:

ਪਹਿਲਾ—ਆਮਦਨ ਦੀ ਸਥਿਰਤਾ ਘੱਟੋ ਘੱਟ ਸਮਰਥਨ ਮੁੱਲ , ਸਰਕਾਰੀ ਖਰੀਦ, ਕੀਮਤ ਘਾਟ ਪੂਰਤੀ ਅਤੇ ਫ਼ਸਲ ਬੀਮੇ ਨੂੰ ਪ੍ਰਭਾਵਸ਼ਾਲੀ ਬਣਾਉਣਾ।

ਦੂਜਾ—ਕਰਜ਼ਾ ਸੁਧਾਰ। ਛੋਟੇ ਕਿਸਾਨਾਂ ਨੂੰ ਸਮੇਂ ਸਿਰ, ਘੱਟ ਵਿਆਜ ਅਤੇ ਲਚਕੀਲੇ ਭੁਗਤਾਨ ਵਾਲਾ ਸੰਸਥਾਗਤ ਕਰਜ਼ਾ ਮਿਲੇ। ਸਰਕਾਰੀ ਆਰਥਿਕ ਸਰਵੇਖਣ ਅਨੁਸਾਰ 2025 ਵਿੱਚ ਕਿਸਾਨ ਕਰਜ਼ਾ ਕਾਰਡ ਦੇ 7.72 ਕਰੋੜ ਚਾਲੂ ਖਾਤਿਆਂ ਵਿੱਚ ਲਗਭਗ ?10.20 ਲੱਖ ਕਰੋੜ ਬਕਾਇਆ ਸੀ ਅਤੇ ਗੈਰ-ਸੰਸਥਾਗਤ ਕਰਜ਼ੇ ਦਾ ਹਿੱਸਾ 2021-22 ਤੱਕ ਘਟ ਕੇ 23.4 ਫ਼ੀਸਦੀ ਰਹਿ ਗਿਆ ਸੀ।

ਤੀਜਾ—ਫ਼ਸਲੀ ਵਿਭਿੰਨਤਾ। ਪੰਜਾਬ ਵਰਗੇ ਰਾਜਾਂ ਵਿੱਚ ਸਿਰਫ਼ ਕਣਕ-ਝੋਨੇ ’ਤੇ ਨਿਰਭਰਤਾ ਘਟਾ ਕੇ ਦਾਲਾਂ, ਤੇਲਬੀਜਾਂ, ਮੱਕੀ, ਸਬਜ਼ੀਆਂ, ਫਲ, ਪਸ਼ੂਪਾਲਣ ਅਤੇ ਹੋਰ ਮੁੱਲ-ਵਧਾਊ ਗਤੀਵਿਧੀਆਂ ਨੂੰ ਮਜ਼ਬੂਤ ਕਰਨਾ।

ਚੌਥਾ—ਕਿਸਾਨ ਨੂੰ ਉਤਪਾਦਕ ਤੋਂ ਉਦਯੋਗਪਤੀ ਬਣਾਉਣਾ। ਕਿਸਾਨ ਉਤਪਾਦਕ ਸੰਸਥਾਵਾਂ , ਸਟੋਰੇਜ, ਕੋਲਡ ਚੇਨ, ਪ੍ਰੋਸੈਸਿੰਗ ਅਤੇ ਸਿੱਧੀ ਮੰਡੀ ਰਾਹੀਂ ਕਿਸਾਨ ਨੂੰ ਸਿਰਫ਼ ਕੱਚਾ ਮਾਲ ਵੇਚਣ ਵਾਲਾ ਨਾ ਰਹਿਣ ਦਿੱਤਾ ਜਾਵੇ।

ਪੰਜਵਾਂ—ਮਾਨਸਿਕ ਸਿਹਤ ਅਤੇ ਸਮਾਜਿਕ ਸੁਰੱਖਿਆ। ਪਿੰਡ ਪੱਧਰ ’ਤੇ ਕਾਉਂਸਲਿੰਗ, ਕਰਜ਼ਾ-ਸਲਾਹ ਕੇਂਦਰ ਅਤੇ ਸੰਕਟਗ੍ਰਸਤ ਪਰਿਵਾਰਾਂ ਲਈ ਤੁਰੰਤ ਸਹਾਇਤਾ ਪ੍ਰਣਾਲੀ ਵਿਕਸਿਤ ਕੀਤੀ ਜਾਵੇ।

ਭਾਰਤੀ ਖੇਤੀ ਨੂੰ ਹੁਣ ਸਿਰਫ਼ ਉਤਪਾਦਨ ਵਧਾਉਣ ਵਾਲੀ ਨੀਤੀ ਤੋਂ ਅੱਗੇ ਲਿਜਾਣਾ ਪਵੇਗਾ। ਉਤਪਾਦਨ + ਲਾਭਕਾਰੀ ਕੀਮਤ + ਘੱਟ ਜੋਖ਼ਮ + ਸਸਤਾ ਕਰਜ਼ਾ + ਬਾਜ਼ਾਰ ਪਹੁੰਚ + ਸਮਾਜਿਕ ਸੁਰੱਖਿਆ।

ਇਹ ਸਾਰੇ ਤੱਤ ਇਕੱਠੇ ਹੋਣ ਤਾਂ ਹੀ ਕਿਸਾਨੀ ਟਿਕਾਊ ਬਣ ਸਕਦੀ ਹੈ।

ਕਿਸਾਨ ਨੂੰ ਵਾਰ-ਵਾਰ ਕਰਜ਼ਾ ਦੇ ਕੇ ਬਚਾਉਣਾ ਕੋਈ ਸਥਾਈ ਹੱਲ ਨਹੀਂ ਹੈ ਬਲਕਿ ਖੇਤੀ ਨੂੰ ਅਜਿਹੀ ਅਰਥਵਿਵਸਥਾ ਬਣਾਉਣਾ ਹੀ ਹੱਲ ਹੈ ਜਿਸ ਵਿੱਚ ਕਿਸਾਨ ਦੀ ਆਮਦਨ ਉਸ ਦੀ ਲਾਗਤ, ਮਿਹਨਤ ਅਤੇ ਜੋਖ਼ਮ ਦੇ ਅਨੁਕੂਲ ਹੋਵੇ। ਅੱਜ ਦਾ ਮੁੱਦਾ ਹੈ ਕੀ ਕਿਸਾਨ ਦੀ ਖੇਤੀ ਉਸ ਦੇ ਕਰਜ਼ੇ ਨੂੰ ਚੁਕਾਉਣ ਲਈ ਕਾਫ਼ੀ ਆਮਦਨ ਪੈਦਾ ਕਰ ਰਹੀ ਹੈ।

ਜੇ ਜਵਾਬ ਨਾਂਹ ਵਿੱਚ ਹੈ ਤਾਂ ਇਹ ਸਿਰਫ਼ ਕਿਸਾਨ ਦਾ ਸੰਕਟ ਨਹੀਂ—ਇਹ ਪੂਰੀ ਪੇਂਡੂ ਅਰਥਵਿਵਸਥਾ ਫਿਰ ਸ਼ਹਿਰ ਅਤੇ ਫਿਰ ਦੇਸ਼ ਦੀ ਖੁਰਾਕੀ ਸੁਰੱਖਿਆ ਲਈ ਕੜੀ ਚੇਤਾਵਨੀ ਹੈ।

# ਭਗਵੰਤ ਮਾਨ ਸਰਕਾਰ ਨੇ ਦਾਦੇ ਤੋਂ ਪੋਤੇ ਤੱਕ ਨੂੰ ਖੇਡ ਮੈਦਾਨ ਵਿੱਚ ਭੇਜ ਕੇ ਪੰਜਾਬ ਅੰਦਰ ਖੇਡਾਂ ਦਾ ਮਾਹੌਲ ਸਿਰਜਿਆ : ਡਾ. ਬਲਬੀਰ ਸਿੰਘ

- ਸਿਹਤ ਮੰਤਰੀ ਤੇ ਜ਼ਿਲ੍ਹੇ ਦੇ ਸਮੂਹ ਵਿਧਾਇਕਾਂ ਵੱਲੋਂ ਪਟਿਆਲਾ ਨੂੰ ਖੇਡਾਂ ਵਤਨ ਪੰਜਾਬ ਦੀਆਂ ਚ ਮੋਹਰੀ ਜ਼ਿਲ੍ਹਾ ਬਣਾਉਣ ਉਤੇ ਜ਼ੋਰ
- ਸਿਹਤ ਮੰਤਰੀ ਵੱਲੋਂ ਜ਼ਿਲ੍ਹਾ ਨਿਵਾਸੀਆਂ ਨੂੰ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾ ਕੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਿੱਸਾ ਲੈਣ ਦਾ ਸੱਦਾ

**ਪਟਿਆਲਾ, 9 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਅਤੇ ਪਟਿਆਲਾ ਦੇ ਸਮੂਹ ਵਿਧਾਇਕਾਂ ਨੇ ਜ਼ਿਲ੍ਹੇ ਨੂੰ ਖੇਡਾਂ ਵਤਨ ਪੰਜਾਬ ਦੀਆਂ ਚ ਮੋਹਰੀ ਜ਼ਿਲ੍ਹਾ ਬਣਾਉਣ ਉਤੇ ਜ਼ੋਰ ਦਿੱਤਾ ਹੈ। ਇੱਥੇ ਇੱਕ ਉਚ ਪੱਧਰੀ ਬੈਠਕ ਕਰਕੇ ਖੇਡਾਂ ਵਤਨ ਪੰਜਾਬ ਦੀਆਂ-4 ਸੀਜ਼ਨ ਦੀ ਰਜਿਸਟ੍ਰੇਸ਼ਨ ਤੇ ਚੱਲ ਰਹੀਆਂ ਖੇਡਾਂ ਦਾ ਜਾਇਜ਼ਾ ਲੈਣ ਮੌਕੇ ਸਿਹਤ ਮੰਤਰੀ ਨੇ ਕਿਹਾ ਭਗਵੰਤ ਮਾਨ ਸਰਕਾਰ ਨੇ ਇਨ੍ਹਾਂ ਖੇਡਾਂ ਰਾਹੀਂ ਦਾਦੇ ਤੋਂ ਪੋਤੇ ਤੱਕ ਨੂੰ ਖੇਡ ਮੈਦਾਨ ਵਿੱਚ ਭੇਜ ਕੇ ਪੰਜਾਬ ਅੰਦਰ ਖੇਡਾਂ ਦਾ ਮਾਹੌਲ ਸਿਰਜਿਆ ਹੈ।ਉਨ੍ਹਾਂ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾ ਕੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਹਿੱਸਾ ਲੈਣ ਦਾ ਸੱਦਾ ਦਿੱਤਾ ਹੈ।



ਬੈਠਕ ਮੌਕੇ ਵਿਧਾਇਕ ਨੀਨਾ ਮਿੱਤਲ, ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਕੁਲਵੰਤ ਸਿੰਘ ਬਾਜੀਗਰ ਤੇ ਗੁਰਦੇਵ ਸਿੰਘ ਦੇਵ ਮਾਨ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਵਿਧਾਇਕ ਅਜੀਤ ਪਾਲ ਸਿੰਘ ਕੋਹਲੀ ਦੇ ਨੁਮਾਇੰਦੇ ਦੇਵਿੰਦਰਪਾਲ ਸਿੰਘ ਮਿੱਕੀ, ਰਣਜੋਧ ਸਿੰਘ ਹਡਾਣਾ ਦੇ ਨੁਮਾਇੰਦੇ ਹਰਪ੍ਰੀਤ ਸਿੰਘ ਘੁੰਮਣ, ਏ.ਡੀ.ਸੀ (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ, ਐਸ.ਪੀ ਰਜੇਸ਼ ਛਿੱਬੜ, ਜ਼ਿਲ੍ਹਾ ਖੇਡ ਅਫ਼ਸਰ ਨਵਜੋਤ ਸਿੰਘ ਧਾਲੀਵਾਲ ਸਮੇਤ ਜ਼ਿਲ੍ਹਾ ਪਟਿਆਲਾ ਦੀਆਂ ਖੇਡ ਐਸੋਸੀਏਸ਼ਨਾਂ ਤੇ ਫੈਡਰੇਸ਼ਨਾਂ ਦੇ ਨੁਮਾਇੰਦੇ ਵੀ ਮੌਜੂਦ ਸਨ।

ਖੇਡਾਂ ਵਤਨ ਪੰਜਾਬ ਦੀਆਂ-4 ਸੀਜ਼ਨ ਦੀ ਰਜਿਸਟ੍ਰੇਸ਼ਨ ਵੱਧ ਤੋਂ ਵੱਧ ਕਰਵਾਕੇ 14 ਸਾਲ ਤੋਂ 60 ਸਾਲ ਤੱਕ ਦੇ ਨੌਜਵਾਨਾਂ ਨੂੰ ਇਨ੍ਹਾਂ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਤ ਕਰਕੇ ਵੱਧ ਤੋਂ ਵੱਧ ਰਜਿਸਟ੍ਰੇਸ਼ਨ ਕਰਵਾਉਣ ਉਤੇ ਜ਼ੋਰ ਦਿੰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ, ਖੇਡ ਅਤੇ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਸਾਰੇ ਸਬੰਧਤ ਵਿਭਾਗ ਆਪਸੀ ਤਾਲਮੇਲ ਅਤੇ ਜ਼ਿਲ੍ਹੇ ਅੰਦਰ ਕੰਮ ਕਰ ਰਹੀਆਂ ਅਕੈਡਮੀਆਂ, ਖੇਡ ਐਸੋਸੀਏਸ਼ਨ ਅਤੇ ਫੈਡਰੇਸ਼ਨਾਂ ਸਮੇਤ ਸਾਰੇ ਸਰਕਾਰੀ ਤੇ ਨਿਜੀ ਸਕੂਲਾਂ ਤੇ ਕਾਲਜਾਂ ਨੂੰ ਨਾਲ ਲੈਕੇ ਇਨ੍ਹਾਂ ਖੇਡਾਂ ਨੂੰ ਸਫ਼ਲ ਬਣਾਇਆ ਜਾਵੇ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਭਰੋਸਾ ਦਿੱਤਾ ਕਿ ਇਨ੍ਹਾਂ ਖੇਡਾਂ ਨੂੰ ਸਫ਼ਲ ਬਣਾਉਣ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ।

ਸਿਹਤ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ 5 ਸਤੰਬਰ ਨੂੰ ਬਠਿੰਡਾ ਵਿਖੇ ਖੇਡਾਂ ਦਾ ਉਦਘਾਟਨ ਕਰਨ ਨਾਲ ਖੇਡਾਂ ਵਤਨ ਪੰਜਾਬ ਦੀਆਂ 2026 ਦਾ ਚੌਥਾ ਸੀਜ਼ਨ ਸ਼ੁਰੂ ਹੋ ਗਿਆ ਹੈ ਅਤੇ ਇਨ੍ਹਾਂ ਦੀ ਸਮਾਪਤੀ ਦਾ ਵਿਸ਼ਾਲ ਸਮਾਗਮ 29 ਨਵੰਬਰ ਨੂੰ ਪਟਿਆਲਾ ਵਿਖੇ ਹੋਵੇਗਾ। ਉਨ੍ਹਾਂ ਕਿਹਾ ਕਿ ਹੁਣ ਤੱਕ ਇਹਨਾਂ ਖੇਡਾਂ ਵਿੱਚ ਪੰਜ ਲੱਖ ਤੱਕ ਹਿੱਸੇਦਾਰੀ ਰਹੀ ਹੈ ਅਤੇ ਇਸ ਵਾਰ 10 ਲੱਖ ਤੱਕ ਦਾ ਟੀਚਾ ਹੈ, ਇਸ ਲਈ ਹਿੱਸੇਦਾਰੀ ਦੇ ਮਾਮਲੇ ਵਿੱਚ ਪਟਿਆਲਾ ਜ਼ਿਲ੍ਹੇ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਈ ਜਾਵੇਗੀ।

ਇਹਨਾਂ ਖੇਡਾਂ ਵਿੱਚ 9 ਉਮਰ ਵਰਗ ਵਿੱਚ 38 ਖੇਡਾਂ ਤੇ 1 ਪ੍ਰਦਰਸ਼ਨੀ ਖੇਡ (ਟੈਨਿਸ ਬਾਲ ਕ੍ਰਿਕਟ) ਅਤੇ 4 ਪੈਰਾ ਸਪੋਰਟਸ ਖੇਡਾਂ ਦੇ ਮੁਕਾਬਲੇ ਬਲਾਕ, ਜ਼ਿਲ੍ਹਾ ਅਤੇ ਸੂਬਾ ਪੱਧਰ ਉੱਤੇ ਕਰਵਾਏ ਜਾ ਰਹੇ ਹਨ। ਮੁੰਡਿਆਂ ਤੇ ਕੁੜੀਆਂ ਦੇ ਮੁਕਾਬਲੇ ਹੋਣਗੇ। ਜੇਤੂਆਂ ਨੂੰ 12 ਕਰੋੜ ਰੁਪਏ ਤੋਂ ਵੱਧ ਦੀ ਇਨਾਮੀ ਰਾਸ਼ੀ ਅਤੇ ਗ੍ਰੇਡੇਸ਼ਨ ਸਰਟੀਫਿਕੇਟ ਦਿੱਤੇ ਜਾਣਗੇ।ਉਨ੍ਹਾਂ ਦੱਸਿਆ ਕਿ 9 ਉਮਰ ਵਰਗਾਂ ਵਿੱਚ ਅੰਡਰ-14, ਅੰਡਰ 17, ਅੰਡਰ 21, 21-30, 31-40, 41-50, 51-60, 61-70 ਅਤੇ 70 ਸਾਲ ਤੋਂ ਉੱਪਰ ਸ਼ਾਮਲ ਹਨ।

ਬਲਾਕ ਪੱਧਰ ਉੱਤੇ 7 ਖੇਡਾਂ ਦੇ ਮੁਕਾਬਲੇ ਸ਼ੁਰੂ ਹੋ ਗਏ ਹਨ ਜੋ 18 ਸਤੰਬਰ ਤੱਕ ਚੱਲਣਗੇ। ਇਹ ਸੱਤ ਖੇਡਾਂ ਅਥਲੈਟਿਕਸ, ਖੋਹ-ਖੋਹ, ਕਬੱਡੀ (ਨੈਸ਼ਨਲ ਸਟਾਈਲ), ਕਬੱਡੀ (ਸਰਕਲ ਸਟਾਈਲ), ਫੁੱਟਬਾਲ, ਵਾਲੀਬਾਲ (ਸਮੈਸ਼ਿੰਗ) ਅਤੇ ਵਾਲੀਬਾਲ (ਸ਼ੂਟਿੰਗ) ਹਨ। 20 ਸਤੰਬਰ ਤੋਂ 30 ਸਤੰਬਰ ਤੱਕ ਜ਼ਿਲ੍ਹਾ ਪੱਧਰੀ ਮੁਕਾਬਲੇ ਹੋਣਗੇ। ਜ਼ਿਲਾ ਪੱਧਰੀ ਖੇਡਾਂ ਵਿੱਚ ਬਲਾਕ ਪੱਧਰ ਦੀਆ 7 ਖੇਡਾਂ ਦੇ ਜੇਤੂਆਂ ਤੋਂ ਇਲਾਵਾ 21 ਹੋਰ ਖੇਡਾਂ ਸਿੱਧੀਆਂ ਜ਼ਿਲ੍ਹਾ ਪੱਧਰ ਉਤੇ ਨਵੀਆਂ ਸ਼ਾਮਲ ਹੋਣਗੀਆਂ। ਜ਼ਿਲ੍ਹਾ ਪੱਧਰ ਉੱਤੇ ਕੁੱਲ 28 ਖੇਡਾਂ ਦੇ ਮੁਕਾਬਲੇ ਹੋਣਗੇ।ਨਵੀਆਂ 21 ਖੇਡਾਂ ਵਿੱਚ ਹੈਡਬਾਲ, ਸਾਫਟਬਾਲ, ਜੂਡੋ, ਗਤੱਕਾ, ਕਿੱਕ ਬਾਕਸਿੰਗ, ਹਾਕੀ, ਨੈਟਬਾਲ, ਬੈਡਮਿੰਟਨ, ਬਾਸਕਟਬਾਲ, ਪਾਵਰਲਿਫਟਿੰਗ, ਲਾਅਨਟੈਨਿਸ, ਰੈਸਲਿੰਗ, ਸਵੀਮਿੰਗ, ਬਾਕਸਿੰਗ, ਟੇਬਲ ਟੈਨਿਸ, ਵੇਟਲਿਫਟਿੰਗ, ਚੈੱਸ, ਸ਼ੂਟਿੰਗ, ਫੈਨਸਿੰਗ, ਰੋਲਰ ਸਕੇਟਿੰਗ ਅਤੇ ਆਰਚਰੀ ਸ਼ਾਮਲ ਹਨ।

ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਨੇ ਦੱਸਿਆ ਕਿ 10 ਅਕਤੂਬਰ ਤੋਂ 23 ਨਵੰਬਰ ਤੱਕ ਸੂਬਾ ਪੱਧਰ ਦੇ ਮੁਕਾਬਲੇ ਹੋਣਗੇ। ਸੂਬਾ ਪੱਧਰ ਉੱਤੇ ਜ਼ਿਲ੍ਹਾ ਪੱਧਰ ਦੀਆ 28 ਖੇਡਾਂ ਦੇ ਜੇਤੂਆਂ ਤੋਂ ਇਲਾਵਾ 10 ਹੋਰ ਖੇਡਾਂ ਸਿੱਧੀਆਂ ਸੂਬਾ ਪੱਧਰ ਉੱਤੇ ਨਵੀਆਂ ਸ਼ਾਮਲ ਹੋਣਗੀਆਂ। ਸੂਬਾ ਪੱਧਰ ਉਤੇ ਕੁੱਲ 38 ਖੇਡਾਂ ਦੇ ਮੁਕਾਬਲੇ ਹੋਣਗੇ, ਨਵੀਆਂ 10 ਖੇਡਾਂ ਵਿੱਚ ਜਿਮਨਾਸਟਿਕ, ਰੋਇੰਗ, ਕੈਕਿੰਗ ਕੈਨੋਵਿੰਗ, ਵੁਸ਼ੂ, ਰਗਬੀ, ਸਾਈਕਲਿੰਗ, ਘੋੜਸਵਾਰੀ, ਤਾਇਕਵਾਂਡੋ, ਬੇਸਬਾਲ ਅਤੇ ਕਰਾਟੇ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਚਾਰ ਪੈਰਾ ਖੇਡਾਂ ਦੇ ਮੁਕਾਬਲੇ 25 ਤੋਂ 28 ਨਵੰਬਰ ਤੱਕ ਹੋਣਗੇ। ਪੈਰਾ ਖੇਡਾਂ ਵਿੱਚ ਪੈਰਾ ਪਾਵਰਲਿਫਟਿੰਗ, ਪੈਰਾ ਬੈਡਮਿੰਟਨ ਅਤੇ ਵ੍ਹੀਲਚੇਅਰ ਬਾਸਕਟਬਾਲ, ਪੈਰਾ ਅਥਲੈਟਿਕਸ ਸ਼ਾਮਲ ਹਨ।

ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਜ਼ਿਲ੍ਹੇ ਦੇ ਸਮੂਹ ਵਿਧਾਇਕ ਖਿਡਾਰੀਆਂ, ਕੋਚਾਂ, ਰੈਫਰੀਆਂ ਤੇ ਹੋਰ ਖੇਡਾਂ ਨਾਲ ਜੁੜੇ ਅਮਲੇ ਦਾ ਨਿਜੀ ਤੌਰ ਉਤੇ ਵਿਸ਼ੇਸ਼ ਮਾਣ-ਸਨਮਾਨ ਕਰਨਗੇ।

# ਖੇਡਾਂ ਵਤਨ ਪੰਜਾਬ ਦੀਆਂ-2026 ਦੇ ਤੀਜੇ ਦਿਨ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਲਿਆ ਭਾਗ

**ਪਟਿਆਲਾ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਖੇਡ ਵਿਭਾਗ ਪਟਿਆਲਾ ਵੱਲੋਂ ਅ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਤੀਸਰੇ ਦਿਨ ਦੀਆਂ ਬਲਾਕ ਪੱਧਰੀ ਖੇਡਾਂ ਕਰਵਾਈਆਂ ਗਈਆਂ।

ਤੀਸਰੇ ਦਿਨ, ਪਟਿਆਲਾ ਦੇ ਚਾਰ ਬਲਾਕਾਂ ਪਟਿਆਲਾ ਸ਼ਹਿਰੀ, ਪਟਿਆਲਾ ਦਿਹਾਤੀ, ਰਾਜਪੁਰਾ ਅਤੇ ਨਾਭਾ ਵਿਖੇ ਬਲਾਕ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਜਿਹਨਾਂ ਵਿੱਚ ਵੱਖ-ਵੱਖ ਉਮਰ ਵਰਗ ਵਿੱਚ ਐਥਲੈਟਿਕਸ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ ਅਤੇ ਵਾਲੀਬਾਲ ਸਮੈਸ਼ਿੰਗ ਖੇਡਾਂ ਕਰਵਾਈਆਂ ਜਾ ਰਹੀਆਂ ਹਨ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਦੇ ਤੀਸਰੇ ਦਿਨ ਪਟਿਆਲਾ ਸ਼ਹਿਰੀ ਬਲਾਕ ਵਿੱਚ ਗੇਮ ਐਥਲੈਟਿਕਸ 400 ਮੀਟਰ ਉਮਰ ਵਰਗ 51-60 ਵੂਮੈਨ ਵਿੱਚ ਅਰਚਨਾ ਪੰਜਰਤਨ ਨੇ ਪਹਿਲਾ ਸਥਾਨ ਅਤੇ ਮੈਨ ਵਿੱਚ ਗੁਰਸਾਹਿਬ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 60-40 ਮੈਨ ਈਵੈਂਟ 400 ਮੀਟਰ ਵਿੱਚ ਬਲਰਾਮ ਧੀਮਾਨ ਨੇ ਪਹਿਲਾ, ਹਰਵਿੰਦਰ ਸਿੰਘ ਨੇ ਦੂਸਰਾ ਅਤੇ ਸੁਖਵੰਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਵੂਮੈਨ ਵਿੱਚ ਸੁਰੇਂਦਰ ਆਹਲੂਵਾਲੀਆ ਨੇ ਪਹਿਲਾ ਸਥਾਨ ਅਤੇ ਕਿਰਨਾ ਦੇਵੀ ਸਿੰਗਲਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਲੌਂਗ ਜੰਪ 51-60 ਮੈਨ ਵਿੱਚ ਬਿਕਰਮਜੀਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤਾ ਕੀਤਾ। ਵੂਮੈਨ ਵਿੱਚ ਸੁਨੀਲ ਕੁਮਾਰੀ ਸ਼ਰਮਾ ਨੇ ਪਹਿਲਾ ਅਤੇ ਮਮਤਾ ਰਾਣੀ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 61-70 ਮੈਨ ਵਿੱਚ ਜਸਵੰਤ ਸਿੰਘ ਨੇ ਪਹਿਲਾ ਅਤੇ ਵੂਮੈਨ ਵਿੱਚ ਕਿਰਨਾ ਦੇਵੀ ਸਿੰਗਲਾ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ ਇਸੇ ਤਰ੍ਹਾਂ 70+ ਮੈਨ ਵਿੱਚ ਹਰਜੀਤ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਬਲਾਕ ਨਾਭਾ ਵਿਖੇ ਐਥਲੈਟਿਕਸ ਗੇਮ ਉਮਰ ਵਰਗ 60-70 ਈਵੈਂਟ 400 ਮੀਟਰ ਮੈਨ ਵਿੱਚ ਤੇਜਾ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 31-40 ਈਵੈਂਟ ਸ਼ਾੱਟ ਪੁੱਟ ਵਿੱਚ ਦਵਿੰਦਰ ਸਿੰਘ ਇੰਟਰਨੈਸ਼ਨਲ ਖਿਡਾਰੀ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 31-40 ਈਵੈਂਟ 100 ਮੀਟਰ ਮੈਨ ਵਿੱਚ ਸ਼ਮਿੰਦਰ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਸ਼ਾਟ ਪੁੱਟ ਉਮਰ ਵਰਗ 60-70 ਵਿੱਚ ਸਤਵੰਤ ਸਿੰਘ ਨੇ ਪਹਿਲਾ ਅਤੇ ਗੁਰਦੀਪ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 41-50 ਵਿੱਚ ਕ੍ਰਿਸ਼ਨ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 31-40 ਈਵੈਂਟ 400 ਮੀਟਰ ਵਿੱਚ ਸੰਦੀਪ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 50-60 ਈਵੈਂਟ 800 ਮੀਟਰ ਵਿੱਚ ਹਰਭਜਨ ਸਿੰਘ ਨੇ ਪਹਿਲਾ ਅਤੇ ਸੁਨੀਲ ਕੁਮਾਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 41-50 ਈਵੈਂਟ 800 ਅਤੇ 400 ਮੀਟਰ ਵੂਮੈਨ ਵਿੱਚ ਅਮਨਦੀਪ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।

ਬਲਾਕ ਰਾਜਪੁਰਾ ਵਿਖੇ ਗੇਮ ਖੋ-ਖੋ ਅੰਡਰ-14 ਲੜਕਿਆਂ ਵਿੱਚ ਪੈਪਸੂ ਸਟੇਡੀਅਮ ਰਾਜਪੁਰਾ ਨੇ ਪਹਿਲਾ ਸਥਾਨ, ਹੈਰੀਟੇਜ ਪਬਲਿਕ ਸਕੂਲ ਨੇ ਦੂਸਰਾ ਸਥਾਨ, ਸ.ਮਿ.ਸਕੂਲ ਖਾਨਪੁਰ ਵੜਿੰਗ ਨੇ ਤੀਸਰਾ ਸਥਾਨ ਅਤੇ ਪੈਪਸੂ ਸਟੇਡੀਅਮ ਰਾਜਪੁਰਾ ਟੀਮ ਬੀ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਇਸੇ ਤਰ੍ਹਾਂ ਲੜਕੀਆਂ ਵਿੱਚ ਪਹਿਲਾ ਸਥਾਨ ਪੈਪਸੂ ਸਟੇਡੀਅਮ ਰਾਜਪੁਰਾ ਨੇ, ਦੂਸਰਾ ਸਥਾਨ ਸਰਕਾਰੀ ਐਲੀਮੈਂਟਰੀ ਸਕੂਲ ਐਨ.ਟੀ.ਸੀ. ਨੇ, ਤੀਸਰਾ ਸਥਾਨ ਸ.ਮਿਡਲ ਸਕੂਲ ਖਾਨਪੁਰ ਵੜਿੰਗ ਨੇ ਅਤੇ ਸਰਕਾਰੀ ਹਾਈ ਸਕੂਲ ਘੱਗਰ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ।




## ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਨਾਜ ਮੰਡੀ ਪਟਿਆਲਾ ’ਚ 10 ਸਤੰਬਰ ਨੂੰ

**ਪਟਿਆਲਾ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਹੈ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਅਨਾਜ ਮੰਡੀ, ਸਰਹਿੰਦ ਰੋਡ (ਹਲਕਾ ਪਟਿਆਲਾ ਦਿਹਾਤੀ) ਵਿਖੇ 10 ਸਤੰਬਰ ਦੀ ਸ਼ਾਮ ਨੂੰ 500 ਡਰੋਨਾਂ ਦਾ ਸ਼ਾਨਦਾਰ ਸ਼ੋਅ ਕਰਵਾਇਆ ਜਾ ਰਿਹਾ ਹੈ। ਸਿਹਤ ਮੰਤਰੀ ਨੇ ਦੱਸਿਆ ਕਿ ਆਧੁਨਿਕ ਤਕਨਾਲੋਜੀ ਅਤੇ ਰੌਸ਼ਨੀਆਂ ਦੇ ਇਸ ਵਿਲੱਖਣ ਪ੍ਰਦਰਸ਼ਨ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸੰਦੇਸ਼ ਅਤੇ ਮਨੁੱਖਤਾ ਪ੍ਰਤੀ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਅਸਮਾਨ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾਵੇਗਾ। ਇਹ ਸ਼ੋਅ ਧਾਰਮਿਕ ਆਸਥਾ, ਤਕਨਾਲੋਜੀ ਅਤੇ ਸੱਭਿਆਚਾਰ ਦਾ ਸੁੰਦਰ ਸੁਮੇਲ ਪੇਸ਼ ਕਰੇਗਾ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publĺished and owned by Harjinder Chaudhary printed at Raftaar Printing Press, Factory Area, Patiaĺa and publĺished at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354
ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।
Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

## ਸਿਵਲ ਵੈਟਰਨਰੀ ਹਸਪਤਾਲ ਤਲ੍ਹਣ ਵਿਖੇ ਪਸ਼ੂ ਭਲਾਈ ਕੈਂਪ ਲਗਾਇਆ; ਪਸ਼ੂਆਂ ਦੀਆਂ ਬਿਮਾਰੀਆਂ, ਰੋਕਥਾਮ, ਸਮੇਂ ਸਿਰ ਟੀਕਾਕਰਨ, ਸੰਭਾਲ ਤੇ ਸੰਤੁਲਿਤ ਖ਼ੁਰਾਕ ਬਾਰੇ ਕੀਤਾ ਜਾਗਰੂਕ



**ਜਲੰਧਰ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਸ਼ੂ ਪਾਲਕਾਂ ਨੂੰ ਪਸ਼ੂਆਂ ਦੀ ਸਿਹਤ ਸੰਭਾਲ, ਪਸ਼ੂ ਭਲਾਈ, ਰੋਗਾਂ ਦੀ ਰੋਕਥਾਮ ਅਤੇ ਸਰਕਾਰ ਵੱਲੋਂ ਪਸ਼ੂ ਪਾਲਕਾਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਸਿਵਲ ਵੈਟਰਨਰੀ ਹਸਪਤਾਲ ਤਲ੍ਹਣ ਵਿਖੇ ਪਸ਼ੂ ਭਲਾਈ ਅਤੇ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।

ਕੈਂਪ ਦੌਰਾਨ ਪਸ਼ੂ ਪਾਲਕਾਂ ਨੂੰ ਪਸ਼ੂਆਂ ਦੀਆਂ ਵੱਖ-ਵੱਖ ਬਿਮਾਰੀਆਂ ਦੀ ਪਛਾਣ, ਰੋਕਥਾਮ, ਸਮੇਂ ਸਿਰ ਟੀਕਾਕਰਨ, ਸਫ਼ਾਈ ਤੇ ਸੰਭਾਲ, ਸੰਤੁਲਿਤ ਖ਼ੁਰਾਕ ਅਤੇ ਵਿਗਿਆਨਕ ਢੰਗ ਨਾਲ ਪਸ਼ੂ ਪਾਲਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਪਸ਼ੂ ਪਾਲਕਾਂ ਨੂੰ ਪਸ਼ੂ ਵਿੱਚ ਬਿਮਾਰੀ ਦੇ ਲੱਛਣ ਦਿਖਾਈ ਦੇਣ ’ਤੇ ਆਪਣੇ ਪੱਧਰ ’ਤੇ ਇਲਾਜ ਕਰਨ ਦੀ ਬਜਾਏ ਤੁਰੰਤ ਸਰਕਾਰੀ ਵੈਟਰਨਰੀ ਹਸਪਤਾਲ ਜਾਂ ਵੈਟਰਨਰੀ ਅਧਿਕਾਰੀ ਨਾਲ ਸੰਪਰਕ ਕਰਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਵਿਭਾਗੀ ਅਧਿਕਾਰੀਆਂ ਨੇ ਪਸ਼ੂ ਪਾਲਕਾਂ ਨੂੰ ਪਸ਼ੂਪਾਲਣ ਨੂੰ ਆਮਦਨ ਦਾ ਮਜ਼ਬੂਤ ਸਰੋਤ ਬਣਾਉਣ, ਪਸ਼ੂਆਂ ਦੀ ਉਤਪਾਦਕਤਾ ਵਧਾਉਣ ਅਤੇ ਪਸ਼ੂ ਭਲਾਈ ਦੇ ਮਿਆਰਾਂ ਨੂੰ ਯਕੀਨੀ ਬਣਾਉਣ ਲਈ ਵਿਗਿਆਨਕ ਪਸ਼ੂ ਪਾਲਣ ਤਕਨੀਕਾਂ ਅਪਣਾਉਣ ਦੀ ਅਪੀਲ ਕੀਤੀ। ਇਸ ਦੇ ਨਾਲ ਹੀ ਪਸ਼ੂ ਪਾਲਕਾਂ ਨੂੰ ਸਰਕਾਰੀ ਪੱਧਰ ’ਤੇ ਉਪਲਬਧ ਸਿਹਤ ਸੇਵਾਵਾਂ, ਟੀਕਾਕਰਨ ਅਤੇ ਵੱਖ-ਵੱਖ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਉਤਸ਼ਾਹਿਤ ਕੀਤਾ ਗਿਆ।

ਇਸ ਮੌਕੇ ਡਿਪਟੀ ਡਾਇਰੈਕਟਰ ਡਾ. ਰਾਮ ਮੂਰਤੀ ਨੇ ਕਿਹਾ ਕਿ ਪਸ਼ੂਆਂ ਦੀ ਸਿਹਤ ਸਿੱਧੇ ਤੌਰ ’ਤੇ ਪਸ਼ੂ ਪਾਲਕਾਂ ਦੀ ਆਮਦਨ ਅਤੇ ਪਰਿਵਾਰ ਦੀ ਆਰਥਿਕ ਖੁਸ਼ਹਾਲੀ ਨਾਲ ਜੁੜੀ ਹੋਈ ਹੈ। ਇਸ ਲਈ ਪਸ਼ੂ ਪਾਲਕਾਂ ਨੂੰ ਰੋਗਾਂ ਦੀ ਰੋਕਥਾਮ, ਟੀਕਾਕਰਨ ਅਤੇ ਸਮੇਂ ਸਿਰ ਇਲਾਜ ਪ੍ਰਤੀ ਜਾਗਰੂਕ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਪਸ਼ੂ ਪਾਲਕਾਂ ਨੂੰ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਵੈਟਰਨਰੀ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਕੈਂਪ ਵਿੱਚ ਸਹਾਇਕ ਡਾਇਰੈਕਟਰ ਡਾ. ਕੁਲਵਿੰਦਰ, ਸੀਨੀਅਰ ਵੈਟਰਨਰੀ ਅਫ਼ਸਰ ਡਾ. ਜਸਬੀਰ, ਵੈਟਰਨਰੀ ਅਫ਼ਸਰ ਸਿਵਲ ਵੈਟਰਨਰੀ ਹਸਪਤਾਲ ਤਲ੍ਹਣ ਡਾ. ਭਾਰਤੀ ਰਾਜ, ਵੈਟਰਨਰੀ ਅਫ਼ਸਰ ਡਾ. ਸੁਮਿਤ ਅਤੇ ਸਰਪੰਚ ਗ੍ਰਾਮ ਪੰਚਾਇਤ ਤਲ੍ਹਣ ਹੰਸ ਰਾਜ ਵਿਸ਼ੇਸ਼ ਤੌਰ ’ਤੇ ਮੌਜੂਦ ਸਨ।

## ਸ਼ਿਵ ਸੈਨਾ ਹਿੰਦੁਸਤਾਨ ਨੇ ਪਟਿਆਲਾ ਵਿੱਚ ਆਪਣੇ ਸੰਗਠਨ ਦਾ ਵਿਸਥਾਰ



**ਪਟਿਆਲਾ, 9 ਸਤੰਬਰ**
**-ਵਿਸ਼ਾਲ ਗੁਪਤਾ-**

ਸ਼ਿਵ ਸੈਨਾ ਹਿੰਦੁਸਤਾਨ ਨੇ ਪਟਿਆਲਾ ਵਿੱਚ ਆਪਣੇ ਸੰਗਠਨ ਦਾ ਵਿਸਥਾਰ ਕੀਤਾ, ਪਟਿਆਲਾ ਦੀਆਂ ਸਾਰੀਆਂ ਕਲੋਨੀਆਂ ਵਿੱਚ ਇੱਕ ਮੁਹਿੰਮ ਸ਼ੁਰੂ ਕੀਤੀ। ਦਰਸ਼ਨ ਸਿੰਘ ਨਗਰ ਇਕਾਈ ਦੇ ਗਠਨ ਦਾ ਐਲਾਨ ਇਸ ਪ੍ਰਕਾਰ ਕੀਤਾ ਗਿਆ:

1) ਸ਼੍ਰੀ ਅਨੁਜ ਚਤੁਰਵੇਦੀ, ਚੇਅਰਮੈਨ, ਸ਼ਿਵ ਸੈਨਾ ਹਿੰਦੁਸਤਾਨ, ਦਰਸ਼ਨ ਸਿੰਘ ਨਗਰ ਇਕਾਈ
2) ਸ਼੍ਰੀ ਸ਼ਿਆਮ ਸੁੰਦਰ, ਪ੍ਰਧਾਨ, ਸ਼ਿਵ ਸੈਨਾ ਹਿੰਦੁਸਤਾਨ, ਦਰਸ਼ਨ ਸਿੰਘ ਨਗਰ ਇਕਾਈ
3) ਸ਼੍ਰੀ ਕਮਲਜੀਤ ਸਿੰਘ ਫੌਜੀ, ਉਪ ਪ੍ਰਧਾਨ, ਦਰਸ਼ਨ ਸਿੰਘ ਨਗਰ ਸ਼ਿਵ ਸੈਨਾ ਹਿੰਦੁਸਤਾਨ 4) ਸ਼੍ਰੀ ਰਮੇਸ਼ ਕੁਮਾਰ ਸੋਨੂੰ, ਜਨਰਲ ਸਕੱਤਰ, ਸ਼ਿਵ ਸੈਨਾ ਹਿੰਦੁਸਤਾਨ, ਦਰਸ਼ਨ ਸਿੰਘ ਨਗਰ ਇਕਾਈ 5) ਸ਼੍ਰੀ ਜੈਸ਼ੰਕਰ, ਸਕੱਤਰ, ਸ਼ਿਵ ਸੈਨਾ ਹਿੰਦੁਸਤਾਨ, ਦਰਸ਼ਨ ਸਿੰਘ ਨਗਰ ਇਕਾਈ

ਇਹਨਾਂ ਸਾਰਿਆਂ ਨੂੰ ਅੱਜ ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ਦੀ ਅਗਵਾਈ ਹੇਠ ਪਟਿਆਲਾ ਵਿੱਚ ਦਰਸ਼ਨ ਸਿੰਘ ਨਗਰ ਮੀਟਿੰਗ ਵਿੱਚ ਨਿਯੁਕਤ ਕੀਤਾ ਗਿਆ। ਇਹ ਅਧਿਕਾਰੀ ਬਾਕੀ ਕਲੋਨੀਆਂ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਅਧਿਕਾਰੀਆਂ ਦੀ ਨਿਯੁਕਤੀ ਵਿੱਚ ਸਹਾਇਤਾ ਕਰਨਗੇ।

## ਖੇਡਾਂ ਵਤਨ ਪੰਜਾਬ ਦੀਆਂ: ਪੀਆਰਟੀਸੀ ਚੇਅਰਮੈਨ ਹਰਪਾਲ ਜੁਨੇਜਾ ਨੇ ਖਿਡਾਰੀਆਂ ਦੀ ਕੀਤੀ ਹੌਸਲਾ-ਅਫ਼ਜ਼ਾਈ



**ਪਟਿਆਲਾ, 9 ਸਤੰਬਰ**
**-ਛਤਰਪਾਲ ਸਿੰਘ-**

ਖੇਡਾਂ ਵਤਨ ਪੰਜਾਬ ਦੀਆਂ ਦੇ ਦੂਜੇ ਦਿਨ ਪੋਲੋ ਗਰਾਊਂਡ ਵਿਖੇ ਕਰਵਾਏ ਜਾ ਰਹੇ ਖੇਡ ਮੁਕਾਬਲਿਆਂ ਵਿੱਚ ਪੀਆਰਟੀਸੀ ਦੇ ਚੇਅਰਮੈਨ ਸ਼੍ਰੀ ਹਰਪਾਲ ਜੁਨੇਜਾ ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕਰਦਿਆਂ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕੀਤੀ।

ਇਸ ਮੌਕੇ ਉਨ੍ਹਾਂ ਨੇ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਤੰਦਰੁਸਤ ਰੱਖਣ ਦੇ ਨਾਲ-ਨਾਲ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ ਅਤੇ ਟੀਮ ਭਾਵਨਾ ਪੈਦਾ ਕਰਦੀਆਂ ਹਨ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ।

ਚੇਅਰਮੈਨ ਹਰਪਾਲ ਜੁਨੇਜਾ ਨੇ ਖਿਡਾਰੀਆਂ ਨੂੰ ਪੂਰੇ ਉਤਸ਼ਾਹ ਅਤੇ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਕਿਹਾ ਕਿ ਅਜਿਹੇ ਖੇਡ ਸਮਾਗਮ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਦਿਸ਼ਾ ਵੱਲ ਲਿਜਾਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਇਸ ਦੌਰਾਨ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਵੀ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸ਼੍ਰੀ ਜੁਨੇਜਾ ਨੇ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ।

## 12 ਸਤੰਬਰ ਨੂੰ ਸ਼ਿਵਾ ਪੈਲਸ ਮਾਛੀਵਾੜਾ ਵਿੱਚ ਹੋਵੇਗਾ ਸੂਫੀ ਸੰਤ ਸੰਮੇਲਨ

**ਮਾਛੀਵਾੜਾ ਸਾਹਿਬ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਸਰਕਾਰ ਅਤੇ ਸੂਫੀ ਸੰਤ ਸਮਾਜ ਮਿਸ਼ਨ ਪੰਜਾਬ ਵੱਲੋਂ 12 ਸਤੰਬਰ ਨੂੰ ਮਾਛੀਵਾੜਾ ਸਾਹਿਬ ਵਿਖੇ ਸੂਫੀ ਸੰਤ ਸੰਮੇਲਨ ਕਰਵਾਇਆ ਜਾ ਰਿਹਾ ਹੈ, ਜਿਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਸੁਖਦੇਵ ਸਿੰਘ ਈਸਾਪੁਰ ਵਾਲਿਆਂ ਨੇ ਦੱਸਿਆ ਕਿ 12 ਸਤੰਬਰ ਦਿਨ ਸ਼ਨੀਵਾਰ ਨੂੰ ਸਮਰਾਲਾ ਰੋਡ ਮਾਛੀਵਾੜਾ ਸਾਹਿਬ ਦੇ ਸਿਵਾ ਪੈਲਸ ਵਿੱਚ ਸੋਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਸਰਕਾਰ ਅਤੇ ਸੂਫੀ ਸੰਤ ਸਮਾਜ ਮਿਸ਼ਨ ਪੰਜਾਬ ਵੱਲੋਂ ਵਿਸ਼ਾਲ ਸੂਫੀ ਸੰਤ ਸੰਮੇਲਨ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਵੱਡੇ ਪੱਧਰ ਤੇ ਸੂਫੀ ਸੰਤ ਸਮਾਜ ਦੀਆਂ ਫ਼ਕੀਰ ਸ਼ਖਸ਼ੀਅਤਾਂ ਪੁੱਜ ਰਹੀਆਂ ਹਨ। ਜਿਸ ਵਿੱਚ ਮੁੱਖ ਤੌਰ ਤੇ ਸੂਫੀ ਸੰਤ ਸਮਾਜ ਭਲਾਈ ਬੋਰਡ ਪੰਜਾਬ ਚੇਅਰਮੈਨ ਬਾਬਾ ਦੀਪਕ ਸ਼ਾਹ, ਬਾਬਾ ਪਰਮਜੀਤ ਸਿੰਘ ਦੁਆਬਾ ਜੋਨ ਜਨਰਲ ਸਕੱਤਰ, ਬਾਬਾ ਪਰਮਿੰਦਰ ਸਿੰਘ ਸਰਹਾਲੀ, ਬਾਬਾ ਸੰਜੀਵ ਸ਼ਾਹ, ਸਾਈ ਕ੍ਰਿਸ਼ਨ ਲਾਲ ,ਬਾਬਾ ਅਮਰਜੀਤ ਸਿੰਘ, ਗੀਨਾ ਦੇਵਾ ਜੀ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ।

## ਖੇਡਾਂ ਵਤਨ ਪੰਜਾਬ ਦੀਆਂ-2026: ਪਟਿਆਲਾ ਦੇ ਚਾਰ ਬਲਾਕਾਂ ਵਿੱਚ ਬਲਾਕ ਪੱਧਰੀ ਖੇਡਾਂ ਦਾ ਦੂਜਾ ਦਿਨ ਉਤਸ਼ਾਹ ਨਾਲ ਸੰਪੰਨ



**ਪਟਿਆਲਾ, 9 ਸਤੰਬਰ**
**-ਛਤਰਪਾਲ ਸਿੰਘ-**

ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਦੂਸਰੇ ਦਿਨ ਦੀਆਂ ਬਲਾਕ ਪੱਧਰੀ ਖੇਡਾਂ ਕਰਵਾਈਆਂ ਗਈਆਂ। ਦੂਸਰੇ ਦਿਨ, ਪਟਿਆਲਾ ਦੇ ਚਾਰ ਬਲਾਕਾਂ ਪਟਿਆਲਾ ਸ਼ਹਿਰੀ, ਪਟਿਆਲਾ ਦਿਹਾਤੀ, ਰਾਜਪੁਰਾ ਅਤੇ ਨਾਭਾ ਵਿਖੇ ਬਲਾਕ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਜਿਹਨਾਂ ਵਿੱਚ ਵੱਖ-ਵੱਖ ਉਮਰ ਵਰਗ ਵਿੱਚ ਐਥਲੈਟਿਕਸ, ਫੁੱਟਬਾਲ, ਖੋ-ਖੋ, ਕਬੱਡੀ ਨੈਸ਼ਨਲ ਸਟਾਇਲ, ਕਬੱਡੀ ਸਰਕਲ ਸਟਾਇਲ, ਵਾਲੀਬਾਲ ਸ਼ੂਟਿੰਗ ਅਤੇ ਵਾਲੀਬਾਲ ਸਮੈਸ਼ਿੰਗ ਖੇਡਾਂ ਕਰਵਾਈਆਂ ਜਾ ਰਹੀਆਂ ਹਨ।

ਇਹਨਾਂ ਖੇਡਾਂ ਬਾਰੇ ਜਾਣਕਾਰੀ ਦਿੰਦਿਆਂ ਜਿਲ੍ਹਾ ਖੇਡ ਅਫਸਰ, ਨਵਜੋਤ ਸਿੰਘ ਧਾਲੀਵਾਲ ਨੇ ਦੱਸਿਆ ਕਿ ਬਲਾਕ ਪੱਧਰੀ ਖੇਡਾਂ ਦੇ ਦੂਸਰੇ ਦਿਨ ਪੋਲੋ ਗਰਾਊਂਡ ਪਟਿਆਲਾ ਵਿਖੇ ਪਟਿਆਲਾ ਸ਼ਹਿਰੀ ਬਲਾਕ ਦੀਆਂ ਹੋ ਰਹੀਆਂ ਖੇਡਾਂ ਵਿੱਚ ਸ੍ਰੀ ਹਰਪਾਲ ਜੁਨੇਜਾ, ਚੇਅਰਮੈਨ ਪੀ.ਆਰ.ਟੀ.ਸੀ. ਨੇ ਸ਼ਿਰਕਤ ਕੀਤੀ। ਇਸੇ ਤਰ੍ਹਾਂ ਹੀ ਬਲਾਕ ਨਾਭਾ ਵਿਖੇ ਜੱਸੀ ਸੋਹੀਆਂ, ਚੇਅਰਮੈਨ ਨਾਭਾ ਇੰਮਪਰੂਵਮੈਂਟ ਟਰੱਸਟ ਨੇ ਬਲਾਕ ਪੱਧਰੀ ਖੇਡਾਂ ਵਿੱਚ ਪਹੁੰਚ ਕੇ ਖਿਡਾਰੀਆਂ ਨੂੰ ਆਪਣਾ ਆਸ਼ੀਰਵਾਦ ਦਿੱਤਾ।

ਬਲਾਕ ਪਟਿਆਲਾ ਦਿਹਾਤੀ ਉਮਰ ਵਰਗ ਅੰਡਰ -17 ਲੜਕਿਆਂ ਵਿੱਚ ਆਜਾਦ ਫੁੱਟਬਾਲ ਕਲੱਬ ਦੀ ਟੀਮ ਨੇ ਅਕਾਲ ਅਕੈਡਮੀ ਸਕੂਲ ਦੀ ਟੀਮ ਨੂੰ 6/0 ਨਾਲ ਹਰਾ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਵਾਲੀਬਾਲ ਅੰਡਰ-14 ਲੜਕਿਆਂ ਵਿੱਚ ਨੰਦਪੁਰ ਸੇਖੋਂ ਦੀ ਟੀਮ ਨੇ ਪਹਿਲਾ ਸਥਾਨ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲਿਆਣ ਦੀ ਟੀਮ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।


ਇਸੇ ਤਰ੍ਹਾਂ ਅੰਡਰ-17 ਲੜਕਿਆਂ ਵਿੱਚ ਨੰਦਪੁਰ ਸੇਖੋਂ ਨੇ ਪਹਿਲਾ ਸਥਾਨ, ਮਲਟੀਪਰਪਜ ਸਕੂਲ ਦੀ ਟੀਮ ਨੇ ਦੂਸਰਾ ਸਥਾਨ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਟੀਮ ਨੇ ਤੀਸਰਾ ਸਥਾਨ ਅਤੇ ਰੋੜਗੜ੍ਹ ਦੀ ਟੀਮ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ 21-30 ਲੜਕਿਆਂ ਵਿੱਚ ਇਲਾਇਟ ਕਲੱਬ ਨੇ ਪਹਿਲਾ ਸਥਾਨ ਅਤੇ ਫਿਜੀਕਲ ਕਾਲਜ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ।

ਬਲਾਕ ਪਟਿਆਲਾ ਸ਼ਹਿਰੀ ਵਾਲੀਬਾਲ ਸਮੈਸ਼ਿੰਗ ਅੰਡਰ-14 ਲੜਕੀਆਂ ਵਿੱਚ ਪਹਿਲਾ ਸਥਾਨ ਕੋਚਿੰਗ ਸੈਂਟਰ ਏ ਪੋਲੋ ਗਰਾਊਂਡ ਨੇ, ਦੂਸਰਾ ਸਥਾਨ ਸਿਵਲ ਲਾਈਨਜ ਸਕੂਲ ਪਟਿਆਲਾ ਨੇ, ਤੀਸਰਾ ਸਥਾਨ ਪੁਰਾਣੀ ਪੁਲਿਸ ਲਾਈਨ ਪਟਿਆਲਾ ਦੀ ਟੀਮ ਨੇ ਅਤੇ ਚੌਥਾ ਸਥਾਨ ਕੋਚਿੰਗ ਸੈਂਟਰ ਬੀ ਪੋਲੋ ਗਰਾਊਂਡ ਪਟਿਆਲਾ ਦੀ ਟੀਮ ਨੇ ਹਾਸਲ ਕੀਤਾ।

ਬਲਾਕ ਨਾਭਾ ਵਿਖੇ ਗੇਮ ਖੋ-ਖੋ ਉਮਰ ਵਰਗ ਅੰਡਰ - 21 ਲੜਕੀਆਂ ਵਿੱਚ ਨਵਨੀਤ ਪਬਲਿਕ ਸਕੂਲ ਨਰਮਾਣਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਲੜਕਿਆਂ ਵਿੱਚ ਸਾਧੋਹੇੜੀ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਐਥਲੈਟਿਕਸ ਮੈਨ ਅੰਡਰ-21, ਈਵੈਂਟ 1500 ਮੀਟਰ ਵਿੱਚ ਅਕਾਸ਼ਦੀਪ ਸਿੰਘ ਨੇ ਪਹਿਲਾ ਅਤੇ ਸਿਮਰਨਜੀਤ ਸਿੰਘ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਅਤੇ ਅੰਡਰ-21 ਲੜਕੀਆਂ ਵਿੱਚ ਗਗਨਪ੍ਰੀਤ ਕੌਰ ਨੇ ਪਹਿਲਾ ਅਤੇ ਸਿਮਰਨ ਕੌਰ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਲੌਂਗ ਜੰਪ ਅੰਡਰ-21 ਲੜਕਿਆਂ ਵਿੱਚ ਅੰਜਾਮ ਅਲੀ ਨੇ ਪਹਿਲਾ, ਯੁਵਰਾਜ ਸਿੰਘ ਨੇ ਦੂਸਰਾ ਅਤੇ ਅਰਸ਼ਦੀਪ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ 5000 ਮੀਟਰ ਲੜਕੇ ਉਮਰ ਵਰਗ ਅੰਡਰ-21 ਵਿੱਚ ਦਵਿੰਦਰ ਸਿੰਘ ਨੇ ਪਹਿਲਾ, ਗੁਰਸੇਵਕ ਸਿੰਘ ਨੇ ਦੂਸਰਾ ਅਤੇ ਦਲਜੀਤ ਦਾਸ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। 400ਮੀਟਰ ਅੰਡਰ-21 ਲੜਕੀਆਂ ਵਿੱਚ ਪਹਿਲਾ ਸਥਾਨ ਜਸ਼ਨਦੀਪ ਕੌਰ ਨੇ, ਦੂਸਰਾ ਸਥਾਨ ਲਵਦੀਪ ਕੌਰ ਨੇ ਪ੍ਰਾਪਤ ਕੀਤਾ।

ਬਲਾਕ ਰਾਜਪੁਰਾ ਐਥਲੈਟਿਕਸ ਉਮਰ ਵਰਗ ਅੰਡਰ - 21, 100 ਮੀਟਰ ਲੜਕਿਆਂ ਵਿੱਚ ਗੁਰਜੋਤ ਸਿੰਘ ਨੇ ਪਹਿਲਾ ਸਥਾਨ, ਰਮੀਜ ਰਾਜਾ ਨੇ ਦੂਸਰਾ ਸਥਾਨ, ਨਮਨ ਅਹੂਜਾ ਨੇ ਤੀਸਰਾ ਸਥਾਨ ਅਤੇ ਤਨਿਕਸ਼ ਨੇ ਕ੍ਰਮਵਾਰ ਚੌਥਾ ਸਥਾਨ ਪ੍ਰਾਪਤ ਕੀਤਾ। ਉਮਰ ਵਰਗ ਅੰਡਰ-17, 800 ਮੀਟਰ ਵਿੱਚ ਲੜਕਿਆਂ ਵਿੱਚ ਪਰਮਿੰਦਰ ਸਿੰਘ ਨੇ ਪਹਿਲਾ, ਦਵਿੰਦਰ ਸਿੰਘ ਨੇ ਦੂਸਰਾ ਅਤੇ ਮਾਨਵ ਕਸੂਰੀਆ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਲੜਕੀਆਂ ਉਮਰ ਵਰਗ ਅੰਡਰ-20 ਵਿੱਚ ਮਹਿਕ ਦੇਵੀ ਨੇ ਪਹਿਲਾ, ਜਸਪ੍ਰੀਤ ਕੌਰ ਨੇ ਦੂਸਰਾ ਅਤੇ ਸੰਦੀਪ ਕੌਰ ਨੇ ਤੀਸਰਾ ਸਥਾਨ ਪ੍ਰਾਪਤ ਕਰਕੇ ਬਾਜੀ ਮਾਰੀ।

## ਸਵਾਮੀ ਸ਼ਿਵਾਨੰਦਾ ਸਕੂਲ ਦੀ ਵਿਦਿਆਰਥਣ ਸ਼ਿਵਾਲੀ ਨੂੰ MBBS ਵਿੱਚ ਮਿਲਿਆ ਦਾਖਲਾ



**ਮੋਰਿੰਡਾ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਵਾਮੀ ਸ਼ਿਵਾਨੰਦਾ ਸਰਵਹਿੱਤਕਾਰੀ ਸੀ ਸੈ ਸਕੂਲ ਦੀ ਵਿਦਿਆਰਥਣ ਸ਼ਿਵਾਲੀ ਨੂੰ ਨੀਟ ਦੀ ਪ੍ਰੀਖਿਆ ਪਾਸ ਕਰਨ ਮਗਰੋਂ ਡਾ ਅੰਬੇਡਕਰ ਇੰਸੀਚਿਊਟ ਆਫ਼ ਮੈਡੀਕਲ ਸਾਇੰਸ ਮੋਹਾਲੀ ਕਾਲਜ ਵਿੱਚ ਐਮ ਬੀ ਬੀ ਐਸ ਵਿੱਚ ਦਾਖਲਾ ਮਿਲ ਗਿਆ ਹੈ।ਅੱਜ ਸਕੂਲ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ ਨੇ ਸ਼ਿਵਾਲੀ ਨੂੰ ਸਨਮਾਨਿਤ ਕੀਤਾ।

ਪ੍ਰਿੰਸੀਪਲ ਸ੍ਰੀ ਰਾਜੇਸ਼ ਕੁਮਾਰ ਨੇ ਸ਼ਿਵਾਲੀ ਦੇ ਮਾਤਾ ਪਿਤਾ ਅਤੇ ਸਮੁੱਚੇ ਸਟਾਫ ਨੂੰ ਵਧਾਈ ਦਿੱਤੀ। ਸ਼ਿਵਾਲੀ ਦੇ ਪਿਤਾ ਸ ਗੁਰਿੰਦਰ ਸਿੰਘ ਅਤੇ ਮਾਤਾ ਜਸਵਿੰਦਰ ਕੌਰ ਨੇ ਸਾਰੇ ਅਧਿਆਪਕਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਧਿਆਪਕਾਂ ਦੀ ਅਣਥੱਕ ਮਿਹਨਤ ਸਦਕਾ ਹੀ ਅੱਜ ਸਾਡੀ ਬੱਚੀ ਇਸ ਮੁਕਾਮ ਤੇ ਪਹੁੰਚੀ ਹੈ। ਇਸ ਮੌਕੇ ਤੇ ਲਕਸ਼ਮਣ ਰਾਵਤ, ਸੁਖਵੀਰ ਸਿੰਘ,ਸੁਖਵਿੰਦਰ ਸਿੰਘ,ਰਾਕੇਸ਼ ਭੋਲਾ ,ਸੰਜਨਾ ਕੱਕੜ, ਸੁਮਨ,ਰਾਮ ਕੁਮਾਰ,ਸੰਦੀਪ,ਰੇਨੂੰ,ਪੰਕਜ,ਕੁਲਵਿੰਦਰ ਕੌਰ,ਕੁਲਵੰਤ ਕੌਰ ਆਦਿ ਹਾਜਿਰ ਸਨ।

## ਪ੍ਰਿੰਸੀਪਲ ਵਿਜੈ ਕਪੂਰ ਨੂੰ ਪਟਿਆਲਾ ਪੁੱਜਣ ਤੇ ਸਨਮਾਨਿਤ ਕੀਤਾ



**ਪਟਿਆਲਾ, 9 ਸਤੰਬਰ**
**-ਜੀ. ਐਸ. ਤੁੰਗ-**

ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਅਤੇ ਬਲਵਿੰਦਰ ਸਿੰਘ ਜੱਸਲ ਜੋਨਲ ਸਕੱਤਰ ਪਟਿਆਲਾ-2 ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਲਟੀਪਰਪਜ਼ ਪਾਸੀ ਰੋਡ ਪਟਿਆਲਾ ਵਿਖੇ ਪਹੁੰਚ ਕੇ ਪ੍ਰਿੰਸੀਪਲ ਵਿਜੈ ਕਪੂਰ ਜੀ ਨੂੰ ਪੰਜਾਬ ਸਰਕਾਰ ਵੱਲੋਂ ਮਿਲੇ ਸਟੇਟ ਅਵਾਰਡ ਲਈ ਵਧਾਈਆਂ ਦਿੱਤੀਆਂ ਅਤੇ ਬੁੱਕੇ ਦੇ ਕੇ ਸਨਮਾਨਿਤ ਵੀ ਕੀਤਾ ਗਿਆ।

ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ ਦਲਜੀਤ ਸਿੰਘ ਨੇ ਦੱਸਿਆ ਕੀ ਇਹ ਪਟਿਆਲੇ ਜ਼ਿਲ੍ਹੇ ਲਈ ਬੜੀ ਮਾਣ ਵਾਲੀ ਗੱਲ ਹੈ ਕੀ ਪ੍ਰਿੰਸੀਪਲ ਵਿਜੈ ਕਪੂਰ ਨੇ ਜ਼ਿਲ੍ਹੇ ਦਾ ਨਾਮ ਸਟੇਟ ਪੱਧਰ ਤੇ ਚਮਕਾਇਆ ਹੈ। ਇਹ ਬਹੁਤ ਹੀ ਮਿਹਨਤੀ ਪ੍ਰਿੰਸੀਪਲ ਹਨ। ਸਟੇਟ ਅਵਾਰਡੀ ਪ੍ਰਿੰਸੀਪਲ ਵਿਜੇ ਕਪੂਰ ਨੇ ਦੱਸਿਆ ਕਿ ਉਨ੍ਹਾ ਦੇ ਸਕੂਲ ਦੇ ਖਿਡਾਰੀਆਂ ਨੇ ਸਕੂਲ ਦਾ ਨਾਮ ਸਟੇਟ ਪੱਧਰ/ਰਾਸ਼ਟਰੀ ਪੱਧਰ ਤੇ ਬਹੁਤ ਵਾਰ ਚਮਕਾਇਆ ਹੈ।ਇਸ ਮੌਕੇ ਤੇ ਸਮੂਹ ਸਟਾਫ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜਰ ਸਨ।

## ਗੁਰੂਕੁਲ ਗਲੋਬਲ ਕਰੇਜ਼ਾਂ ਸਕੂਲ ਵਿੱਚ ਉਤਸ਼ਾਹ ਨਾਲ ਮਨਾਇਆ ਅਧਿਆਪਕ ਦਿਵਸ



**ਪਾਤੜਾਂ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਗੁਰੂਕੁਲ ਗਲੋਬਲ ਕਰੇਜ਼ਾਂ ਸਕੂਲ ਵਿਖੇ ਅਧਿਆਪਕ ਦਿਵਸ ਬੜੇ ਉਤਸ਼ਾਹ, ਸਤਿਕਾਰ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸ਼ਮਸ਼ੇਰ ਸਿੰਘ ਹੁੰਦਲ ਅਤੇ ਮੈਡਮ ਅਮਨਦੀਪ ਕੌਰ ਹੁੰਦਲ ਨੇ ਸਕੂਲ ਦੇ ਸਮੂਹ ਅਧਿਆਪਕਾਂ ਸਮੇਤ ਦੇਸ਼ ਭਰ ਦੇ ਅਧਿਆਪਕ ਵਰਗ ਨੂੰ ਅਧਿਆਪਕ ਦਿਵਸ ਦੀ ਦਿਲੋਂ ਵਧਾਈ ਦਿੱਤੀ। ਚੇਅਰਮੈਨ ਸ਼ਮਸ਼ੇਰ ਸਿੰਘ ਹੁੰਦਲ ਨੇ ਕਿਹਾ ਕਿ ਅਧਿਆਪਕ ਵਿਦਿਆਰਥੀਆਂ ਦੇ ਜੀਵਨ ਵਿੱਚ ਸੱਚੇ ਮਾਰਗਦਰਸ਼ਕ ਅਤੇ ਰੋਲ ਮਾਡਲ ਦੀ ਅਹਿਮ ਭੂਮਿਕਾ ਨਿਭਾਉਂਦੇ ਹਨ। ਅਧਿਆਪਕਾਂ ਦਾ ਨਿਸ਼ਕਾਮ ਮਾਰਗਦਰਸ਼ਨ ਹੀ ਬੱਚਿਆਂ ਦੇ ਉੱਜਵਲ ਭਵਿੱਖ ਦੀ ਮਜ਼ਬੂਤ ਨੀਂਹ ਰੱਖਦਾ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਸਿਰਫ਼ ਗਿਆਨ ਹੀ ਨਹੀਂ ਦਿੰਦੇ, ਸਗੋਂ ਵਿਦਿਆਰਥੀਆਂ ਨੂੰ ਚੰਗੇ ਇਨਸਾਨ ਬਣਨ ਲਈ ਵੀ ਪ੍ਰੇਰਿਤ ਕਰਦੇ ਹਨ।

**ਪ੍ਰਿੰਸੀਪਲ ਦੇ ਪ੍ਰੇਰਨਾਦਾਇਕ ਸੰਬੋਧਨ ਨੇ ਭਰਿਆ ਨਵਾਂ ਜੋਸ਼**

ਸਮਾਗਮ ਦੌਰਾਨ ਸਕੂਲ ਦੇ ਪ੍ਰਿੰਸੀਪਲ ਨੇ ਜੋਸ਼ੀਲਾ ਅਤੇ ਪ੍ਰੇਰਨਾਦਾਇਕ ਸੰਬੋਧਨ ਕਰਦਿਆਂ ਵਿਦਿਆਰਥੀਆਂ ਨੂੰ ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਉਨ੍ਹਾਂ ਵੱਲੋਂ ਦਿਖਾਏ ਸਹੀ ਮਾਰਗ ’ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੇ ਸੰਬੋਧਨ ਨੇ ਵਿਦਿਆਰਥੀਆਂ ਵਿੱਚ ਨਵਾਂ ਉਤਸ਼ਾਹ ਭਰਿਆ।

**ਸ੍ਰੀਮਤੀ ਪੂਜਾ ਰਾਣੀ ਨੂੰ ‘ਬੈਸਟ ਟੀਚਰ ਆਫ਼ ਦ ਸਕੂਲ’ ਐਵਾਰਡ**

ਅਧਿਆਪਕ ਦਿਵਸ ਸਮਾਗਮ ਦੀ ਖਾਸ ਉਪਲਬਧੀ ਉਸ ਸਮੇਂ ਸਾਹਮਣੇ ਆਈ ਜਦੋਂ ਸਕੂਲ ਦੀ ਅਧਿਆਪਕਾ ਸ੍ਰੀਮਤੀ ਪੂਜਾ ਰਾਣੀ ਨੂੰ ਰੋਟਰੀ ਕਲੱਬ ਆਫ਼ ਪਾਤੜਾਂ ਵੱਲੋਂ ‘ਬੈਸਟ ਟੀਚਰ ਆਫ਼ ਦ ਸਕੂਲ’ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾਇਰੈਕਟਰ ਸ਼ਮਸ਼ੇਰ ਸਿੰਘ ਹੁੰਦਲ ਨੇ ਸ੍ਰੀਮਤੀ ਪੂਜਾ ਰਾਣੀ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

**ਵਿਦਿਆਰਥੀਆਂ ਨੇ ਅਧਿਆਪਕਾਂ ਪ੍ਰਤੀ ਪ੍ਰਗਟਾਇਆ ਆਭਾਰ**

ਸਮਾਰੋਹ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਭਾਸ਼ਣਾਂ ਰਾਹੀਂ ਆਪਣੇ ਪਸੰਦੀਦਾ ਅਧਿਆਪਕਾਂ ਪ੍ਰਤੀ ਡੂੰਘਾ ਆਭਾਰ ਅਤੇ ਸਤਿਕਾਰ ਪ੍ਰਗਟ ਕੀਤਾ। ਇਸੇ ਦੌਰਾਨ ਅਧਿਆਪਕਾਂ ਨੇ ਵੀ ਆਪਣੇ ਸੰਬੋਧਨਾਂ ਵਿੱਚ ਆਪਣੇ ਗੁਰੂਆਂ ਨੂੰ ਯਾਦ ਕਰਦਿਆਂ ਉਨ੍ਹਾਂ ਵੱਲੋਂ ਦਿਖਾਏ ਮਾਰਗ ’ਤੇ ਚੱਲਣ ਦੀ ਪ੍ਰੇਰਨਾ ਸਾਂਝੀ ਕੀਤੀ। ਅਧਿਆਪਕਾਂ ਦੇ ਸਨਮਾਨ ਅਤੇ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਨਾਲ ਪ੍ਰੋਗਰਾਮ ਯਾਦਗਾਰੀ ਬਣ ਗਿਆ। ਸਮਾਗਮ ਦਾ ਸਮਾਪਨ ਵਿਸ਼ੇਸ਼ ਸਨਮਾਨ ਸਮਾਰੋਹ ਨਾਲ ਕੀਤਾ ਗਿਆ, ਜਿਸ ਦੌਰਾਨ ਅਧਿਆਪਕਾਂ ਨੂੰ ਉਨ੍ਹਾਂ ਦੀਆਂ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

## ਜ਼ਿਲ੍ਹਾ ਸਕੂਲ ਖੇਡਾਂ ’ਚ ਬਾਕਸਿੰਗ ਦੇ ਮੁਕਾਬਲੇ ਕਰਵਾਏ ਗਏ




**ਪਟਿਆਲਾ, 9 ਸਤੰਬਰ**
**-ਬਲਜੀਤ ਸਰਨਾ-**

ਜ਼ਿਲ੍ਹਾ ਸਿੱਖਿਆ ਅਫਸਰ ਸ਼ਾਲੂ ਮਹਿਰਾ ਦੀ ਯੋਗ ਅਗਵਾਈ ਤੇ ਉਪ ਜਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸ਼ਰਮਾਂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਡਾ.ਦਲਜੀਤ ਸਿੰਘ ਤੇ ਜ਼ਿਲ੍ਹਾ ਸਕੂਲ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਦੇ ਤਾਲਮੇਲ ਨਾਲ ਅੰਡਰ 14/17/19 ਲੜਕੇ/ ਲੜਕੀਆਂ ਦੇ ਬਾਕਸਿੰਗ ਦੇ ਮੁਕਾਬਲੇ ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਮਲਟੀਪਰਪਜ਼ ਪਾਸੀ ਰੋਡ ਪਟਿਆਲਾ ਵਿਖੇ ਕਰਵਾਏ ਗਏ।ਸੰਤੋਸ਼ ਦੱਤਾ (ਸੈਕਟਰੀ ਪੰਜਾਬ ਬਾਕਸਿੰਗ ਐਸੋਸੀਏਸ਼ਨ) ਅਤੇ ਦਵਿੰਦਰ ਪਾਲ ਸ਼ਰਮਾ ਨੇ ਉਚੇਚੇ ਤੌਰ ਤੇ ਪਹੁੰਚ ਕੇ ਖਿਡਾਰੀਆਂ ਨੂੰ ਅਸ਼ੀਰਵਾਦ ਦਿੱਤਾ।ਇਸ ਮੌਕੇ ਤੇ ਮਨਜੀਤ ਸਿੰਘ,ਗੁਰਵਿੰਦਰ ਸਿੰਘ ਸੰਧੂ,ਦਿਨੇਸ਼ ਕੁਮਾਰ ਅਨਿਲ ਕੁਮਾਰ,ਬਿਕਰਮਜੀਤ ਸਿੰਘ ਅਮਰਦੀਪ ਸਿੰਘ ਅਤੇ ਪ੍ਰੈਸ ਇੰਚਾਰਜ ਜਸਵਿੰਦਰ ਸਿੰਘ ਹਾਜ਼ਰ ਸਨ।

# ਪੰਜਾਬ ਦੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲ ਹੋਣ ਵਾਲੇ ਪੀੜਤਾਂ ਦੀ ਗਿਣਤੀ ਇੱਕ ਸਾਲ ‘ਚ 164 ਫੀਸਦ ਤੱਕ ਵਧੀ

> ਪੰਜਾਬ ਦੇ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਢਾਂਚੇ ’ਤੇ ਲੋਕਾਂ ਦਾ ਭਰੋਸਾ ਲਗਾਤਾਰ ਵਧ ਰਿਹੈ > ਦਾਖ਼ਲ ਹੋਣ ਵਾਲੇ ਪੀੜਤਾਂ ਦੀ ਗਿਣਤੀ ਵਿੱਚ ਇਹ ਵਾਧਾ ਇਲਾਜ ਢਾਂਚੇ ’ਚ ਲੋਕਾਂ ਦੇ ਵਧਦੇ ਭਰੋਸੇ ਦਾ ਸਬੂਤ: ਡਾ. ਬਲਬੀਰ ਸਿੰਘ

**ਚੰਡੀਗੜ੍ਹ 9 ਸਤੰਬਰ**
**-ਛਤਰਪਾਲ ਸਿੰਘ-**


‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਭਗਵੰਤ ਮਾਨ ਸਰਕਾਰ ਦੇ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰਾਂ ਵਿੱਚ ਦਾਖ਼ਲ ਹੋਣ ਵਾਲੇ ਮਰੀਜ਼ਾਂ ਦੀ ਗਿਣਤੀ ਵਿੱਚ ਲਗਾਤਾਰ ਹੋ ਰਿਹਾ ਵਾਧਾ ਸੂਬੇ ਦੇ ਇਲਾਜ ਢਾਂਚੇ ਪ੍ਰਤੀ ਲੋਕਾਂ ਦੇ ਵਧਦੇ ਭਰੋਸੇ ਦਾ ਮਜ਼ਬੂਤ ਸੰਕੇਤ ਹੈ।

ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲ ਹੋਣ ਵਾਲੇ ਪੀੜਤਾਂ ਦੀ ਗਿਣਤੀ ਸਾਲ 2024 ਵਿੱਚ 9,577 ਸੀ, ਜੋ ਸਾਲ 2025 ਵਿੱਚ ਵਧ ਕੇ 25,290 ਹੋ ਗਈ, ਜੋ 164 ਫ਼ੀਸਦੀ ਤੋਂ ਵੱਧ ਦੇ ਵਾਧੇ ਨੂੰ ਦਰਸਾਉਂਦਾ ਹੈ। ਇਹ ਰੁਝਾਨ ਸਾਲ 2026 ਵਿੱਚ ਵੀ ਜਾਰੀ ਰਿਹਾ ਅਤੇ ਇਸ ਸਾਲ ਜੁਲਾਈ ਮਹੀਨੇ ਤੱਕ 14,000 ਤੋਂ ਵੱਧ ਨਸ਼ਾ ਪੀੜਤ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਦਾਖ਼ਲ ਹੋ ਚੁੱਕੇ ਸਨ।

ਜ਼ਿਕਰਯੋਗ ਹੈ ਕਿ ਨਸ਼ਾ ਪੀੜਤਾਂ ਦੇ ਦਾਖ਼ਲਿਆਂ ਵਿੱਚ ਇਹ ਵਾਧਾ ਵਿਸ਼ੇਸ਼ ਕਰਕੇ ਮਾਰਚ 2025 ਵਿੱਚ ਸ਼ੁਰੂ ਕੀਤੀ ਗਈ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤੋਂ ਬਾਅਦ ਦੇਖਣ ਨੂੰ ਮਿਲਿਆ ਹੈ। ਇਹ ਵਾਧਾ ਇਸ ਗੱਲ ਦਾ ਮਜ਼ਬੂਤ ਸੰਕੇਤ ਹੈ ਕਿ ਵੱਧ ਤੋਂ ਵੱਧ ਪਰਿਵਾਰ ਅਤੇ ਵਿਅਕਤੀ ਨਸ਼ੇ ਦੀ ਸਮੱਸਿਆ ਨਾਲ ਜੂਝ ਰਹੇ ਆਪਣੇ ਨਜਦੀਕੀਆਂ ਜਾਂ ਖ਼ੁਦ ਨੂੰ ਸਮਾਜਿਕ ਕਲੰਕ ਦੇ ਹਨੇਰੇ ਵਿੱਚ ਰੱਖਣ ਦੀ ਬਜਾਏ ਇਲਾਜ ਕੇਂਦਰਾਂ ਤੱਕ ਪਹੁੰਚਣ ਲਈ ਅੱਗੇ ਆ ਰਹੇ ਹਨ।

ਅਜਿਹੇ ਸੂਬੇ, ਜਿੱਥੇ ਨਸ਼ੇ ਦੀ ਲਤ ਨਾਲ ਜੂਝ ਰਹੇ ਲੋਕਾਂ ਨੂੰ ਸਹੀ ਇਲਾਜ ਢਾਂਚਾ ਮਿਲਣ ਤੱਕ ਸਾਲਾਂ ਬੱਧੀ ਇਸ ਸਮੱਸਿਆ ਨਾਲ ਜੂਝਣਾ ਪਿਆ ਹੋਵੇ, ਵਿੱਚ ਅਜਿਹੀ ਪਹਿਲਕਦਮੀ ਦਾ ਵਧਦਾ ਪ੍ਰਭਾਵ ਕਾਫ਼ੀ ਮਹੱਤਵ ਰੱਖਦਾ ਹੈ। ਜਿਵੇਂ-ਜਿਵੇਂ ਇਲਾਜ ਅਤੇ ਮੁੜ ਵਸੇਬਾ ਸਹੂਲਤਾਂ ਨਸ਼ਾ ਵਿਰੋਧੀ ਇਸ ਪਹਿਲਕਦਮੀ ਦਾ ਵਿਸ਼ੇਸ਼ ਹਿੱਸਾ ਬਣ ਰਹੀਆਂ ਹਨ, ਉਵੇਂ-ਉਵੇਂ ਧਿਆਨ ਸਿਰਫ਼ ਸਮੱਸਿਆ ਦੀ ਪਛਾਣ ਕਰਨ ਤੋਂ ਅੱਗੇ ਵਧ ਕੇ ਪ੍ਰਭਾਵਿਤ ਲੋਕਾਂ ਨੂੰ ਸਰਗਰਮੀ ਨਾਲ ਇਲਾਜ ਨਾਲ ਜੋੜਨ ਅਤੇ ਉਨ੍ਹਾਂ ਦੇ ਮੁੜ ਵਸੇਬੇ ਵਿੱਚ ਸਹਿਯੋਗ ਦੇਣ ’ਤੇ ਕੇਂਦਰਿਤ ਹੋ ਰਿਹਾ ਹੈ।

ਸੂਬੇ ਦੇ ਮੁੜ ਵਸੇਬਾ ਢਾਂਚੇ ਵਿੱਚ ਵੀ ਇਸੇ ਤਰ੍ਹਾਂ ਦਾ ਮਹੱਤਵਪੂਰਨ ਵਾਧਾ ਦਰਜ ਕੀਤਾ ਗਿਆ ਹੈ। ਸਰਕਾਰੀ ਮੁੜ ਵਸੇਬਾ ਕੇਂਦਰਾਂ ਵਿੱਚ ਨਸ਼ਾ ਪੀੜਤਾਂ ਦੇ ਦਾਖ਼ਲਿਆਂ ਦੀ ਗਿਣਤੀ ਸਾਲ 2024



ਵਿੱਚ 2,644 ਸੀ, ਜੋ ਸਾਲ 2025 ਵਿੱਚ ਵਧ ਕੇ 8,574 ਹੋ ਗਈ, ਜੋ 224 ਫ਼ੀਸਦ ਤੋਂ ਵੱਧ ਵਾਧੇ ਨੂੰ ਦਰਸਾਉਂਦਾ ਹੈ। ਇਸ ਸਾਲ ਜੁਲਾਈ 2026 ਤੱਕ ਹੀ 5,800 ਤੋਂ ਵੱਧ ਪੀੜਤ ਇਨ੍ਹਾਂ ਕੇਂਦਰਾਂ ਵਿੱਚ ਦਾਖ਼ਲ ਹੋ ਚੁੱਕੇ ਸਨ, ਜੋ ਸਾਲ 2025 ਵਿੱਚ ਦਰਜ ਕੁੱਲ ਦਾਖ਼ਲ ਮਰੀਜ਼ਾਂ ਦਾ ਲਗਭਗ 68 ਫ਼ੀਸਦ ਬਣਦਾ ਹੈ।

ਇਲਾਜ ਦੀ ਵਧਦੀ ਪਹੁੰਚ ਪੰਜਾਬ ਦੇ ਆਊਟਪੇਸ਼ੈਂਟ ਓਪੀਓਇਡ-ਅਸਿਸਟਡ ਟ੍ਰੀਟਮੈਂਟ (ਓਓਏਟੀ) ਕਲੀਨਿਕ ਨੈੱਟਵਰਕ ਰਾਹੀਂ ਵੀ ਦਿਖਾਈ ਦਿੰਦੀ ਹੈ, ਜਿਸ ਤਹਿਤ ਨਵੀਆਂ ਰਜਿਸਟ੍ਰੇਸ਼ਨਾਂ ਸਾਲ 2024 ਵਿੱਚ 13,033 ਤੋਂ ਵਧ ਕੇ ਸਾਲ 2025 ਵਿੱਚ 17,702 ਹੋ ਗਈਆਂ, ਜਦਕਿ ਇਸ ਸਾਲ ਅਗਸਤ ਤੱਕ 12,500 ਤੋਂ ਵੱਧ ਨਵੇਂ ਮਰੀਜ਼ ਰਜਿਟਰਡ ਹੋ ਚੁੱਕੇ ਹਨ।

ਇਹ ਅੰਕੜੇ ਇੱਕ ਅਜਿਹੇ ਵਿਆਪਕ ਇਲਾਜ ਢਾਂਚੇ ਵੱਲ ਇਸ਼ਾਰਾ ਕਰਦੇ ਹਨ, ਜਿਸ ਵਿੱਚ ਨਸ਼ੀਲੇ ਪਦਾਰਥਾਂ ’ਤੇ ਨਿਰਭਰਤਾ ਨਾਲ ਜੂਝ ਰਹੇ ਲੋਕਾਂ ਲਈ ਮਦਦ ਹਾਸਲ ਕਰਨ ਦੇ ਕਈ ਵਿਕਲਪ—ਨਸ਼ਾ ਛੁਡਾਊ ਕੇਂਦਰਾਂ ਅਤੇ ਮੁੜ ਵਸੇਬਾ ਸਹੂਲਤਾਂ ਤੋਂ ਲੈ ਕੇ ਆਊਟਪੇਸ਼ੈਂਟ ਇਲਾਜ ਤੱਕ ਵੱਖ-ਵੱਖ ਸੁਵਿਧਾਵਾਂ ਉਪਲੱਬਧ ਹਨ।

ਸੂਬਾ ਸਰਕਾਰ ਨੇ ਕਾਨੂੰਨ ਤਹਿਤ ਉਪਲੱਬਧ ਰੀਹੈਬਲੀਟੇਸ਼ਨ ਵਿਵਸਥਾਵਾਂ ਦੀ ਵੀ ਢੁਕਵੀਂ ਵਰਤੋਂ ਕੀਤੀ ਹੈ। 27 ਅਗਸਤ 2026 ਤੱਕ 11,000 ਤੋਂ ਵੱਧ ਵਿਅਕਤੀਆਂ ਨੂੰ ਐਨਡੀਪੀਐਸ ਐਕਟ ਦੀ ਧਾਰਾ 64ਏ ਤਹਿਤ ਕਾਨੂੰਨੀ ਸੁਰੱਖਿਆ ਪ੍ਰਦਾਨ ਕੀਤੀ ਜਾ ਚੁੱਕੀ ਹੈ। ਇਸ ਐਕਟ ਤਹਿਤ ਨਸ਼ੇ ਦੀ ਲਤ ਤੋਂ ਪੀੜਤ ਜਾਂ ਨਸ਼ੀਲੇ ਪਦਾਰਥਾਂ ਦੇ ਸੇਵਨ ਦੇ ਦੋਸ਼ਾਂ ਵਿੱਚ ਨਾਮਜ਼ਦ ਵਿਅਕਤੀਆਂ ਨੂੰ ਕਾਨੂੰਨੀ ਸੁਰੱਖਿਆ ਪ੍ਰਦਾਨ ਕਰਨ ਦਾ ਉਪਬੰਧ ਹੈ।

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ਪੰਜਾਬ ਲਈ, ਦਾਖ਼ਲ ਹੋਣ ਵਾਲੇ ਮਰੀਜ਼ਾਂ ਦੀ ਗਿਣਤੀ ਵਿੱਚ ਇਹ ਤੇਜ਼ ਵਾਧਾ, ਇਸ ਪਹਿਲਕਦਮੀ ਦੇ ਸਭ ਤੋਂ ਉਤਸ਼ਾਹਜਨਕ ਨਤੀਜਿਆਂ ਵਿੱਚੋਂ ਇੱਕ ਸਾਬਤ ਹੋ ਰਿਹਾ ਹੈ: ਲੋਕ ਲਗਾਤਾਰ ਅੱਗੇ ਆ ਰਹੇ ਹਨ, ਪਰਿਵਾਰ ਸੰਸਥਾਗਤ ਸਹਾਇਤਾ ਦੀ ਮੰਗ ਕਰ ਰਹੇ ਹਨ ਅਤੇ ਸੂਬੇ ਦਾ ਇਲਾਜ ਨੈੱਟਵਰਕ ਉਨ੍ਹਾਂ ਲੋਕਾਂ ਤੱਕ ਪਹੁੰਚ ਰਿਹਾ ਹੈ, ਜੋ ਖ਼ੁਦ ਇਲਾਜ ਲਈ ਚੱਲ ਕੇ ਆਉਣ ਤੋਂ ਅਸਮਰੱਥ ਹਨ।

ਉਨ੍ਹਾਂ ਕਿਹਾ, ‘ਯੁੱਧ ਨਸ਼ਿਆਂ ਵਿਰੁੱਧ’ ਤਿੰਨ ਥੰਮ੍ਹਾਂ ’ਤੇ ਆਧਾਰਿਤ ਹੈ—ਤਸਕਰਾਂ ਵਿਰੁੱਧ ਸਖ਼ਤ ਕਾਰਵਾਈ, ਪ੍ਰਭਾਵਿਤ ਲੋਕਾਂ ਲਈ ਇਲਾਜ ਅਤੇ ਮੁੜ ਵਸੇਬਾ ਅਤੇ ਸਾਡੇ ਬੱਚਿਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਰੋਕਥਾਮ, ਤਾਂ ਜੋ ਨਸ਼ੇ ਉਨ੍ਹਾਂ ਤੱਕ ਪਹੁੰਚਣ ਤੋਂ ਪਹਿਲਾਂ ਹੀ ਇਸ ਨੂੰ ਰੋਕਿਆ ਜਾ ਸਕੇ।

ਇਲਾਜ ਅਤੇ ਮੁੜ ਵਸੇਬੇ ਰਾਹੀਂ ਸਾਡਾ ਯਤਨ ਪੀੜਤਾਂ ਨੂੰ ਨਸ਼ਿਆਂ ਦੀ ਗ੍ਰਿਫ਼ਤ ‘ਚੋਂ ਬਾਹਰ ਕੱਢਣਾ, ਪਰਿਵਾਰਾਂ ਨੂੰ ਆਪਸ ਵਿੱਚ ਜੋੜਨਾ ਅਤੇ ਨਸ਼ੀਲੇ ਪਦਾਰਥਾਂ ਦੇ ਸੇਵਨ ਨਾਲ ਜੂਝ ਰਹੇ ਲੋਕਾਂ ਨੂੰ ਸਿਹਤਯਾਬੀ ਵੱਲ ਇੱਕ ਉਸਾਰੂ ਰਾਹ ਪ੍ਰਦਾਨ ਕਰਨਾ ਹੈ।

## ਬਾਲ ਭਿੱਖਿਆ ਰੋਕੂ ਟਾਸਕ ਫੋਰਸ ਵਲੋਂ ਛਾਪੇਮਾਰੀ, ਭੀਖ ਮੰਗਦੀ ਇਕ ਬੱਚੀ ਨੂੰ ਛੁਡਵਾਇਆ



**ਜਲੰਧਰ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭੀਖ ਮੰਗਦੇ ਬੱਚਿਆਂ ਨੂੰ ਰੈਸਕਿਊ ਕਰਨ ਲਈ ਅੱਜ ਪ੍ਰਾਜੈਕਟ ਜੀਵਨਜੋਤ-2 ‘ਸੇਵ ਦਾ ਚਾਈਲਡਹੁੱਡ’ ਤਹਿਤ ਬਾਲ ਭਿੱਖਿਆ ਰੋਕੂ ਟਾਸਕ ਫੋਰਸ ਦੀ ਟੀਮ, ਜਿਸ ਵਿੱਚ ਲੀਗਲ-ਕਮ-ਪ੍ਰੋਬੇਸ਼ਨ ਅਫ਼ਸਰ ਸੰਦੀਪ ਕੁਮਾਰ, ਸੋਸ਼ਲ ਵਰਕਰ ਰੇਨੂੰ ਬਾਲਾ, ਆਊਟਰੀਚ ਵਰਕਰ ਗੌਰਵ ਅਤੇ ਸੁਪਰਵਾਈਜ਼ਰ ਚਾਈਡਲਾਈਨ ਬੱਬਲਜੀਤ ਸ਼ਾਮਿਲ ਸਨ, ਵੱਲੋਂ ਸ਼ਹਿਰ ਵਿੱਚ ਵੱਖ-ਵੱਖ ਥਾਵਾਂ ’ਤੇ ਛਾਪੇਮਾਰੀ ਕੀਤੀ ਗਈ ਅਤੇ ਇਸ ਦੌਰਾਨ ਕਪੂਰਥਲਾ ਚੌਕ ਤੋਂ ਭੀਖ ਮੰਗਦੀ ਬੱਚੀ ਨੂੰ ਛੁਡਵਾਇਆ ਗਿਆ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਲੀਗਲ-ਕਮ-ਪ੍ਰੋਬੇਸ਼ਨ ਅਫ਼ਸਰ ਸੰਦੀਪ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਗੁਲਬਹਾਰ ਸਿੰਘ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਦੀਆਂ ਹਦਾਇਤਾਂ ??’ਤੇ ਕੀਤੀ ਗਈ ਛਾਪੇਮਾਰੀ ਦੌਰਾਨ ਰੈਸਕਿਊ ਕੀਤੀ ਬੱਚੀ ਨੂੰ ਡੀ.ਡੀ.ਆਰ. ਕਰਵਾ ਕੇ ਬਾਲ ਭਲਾਈ ਕਮੇਟੀ, ਜਲੰਧਰ ਵਿਖੇ ਪੇਸ਼ ਕੀਤਾ ਗਿਆ, ਜਿਸ ਉਪਰੰਤ ਉਸਨੂੰ ਬਾਲ ਭਲਾਈ ਕਮੇਟੀ ਵੱਲੋਂ ਚਿਲਡਰਨ ਹੋਮ ਫਾਰ ਗਰਲਜ਼ ਵਿਖੇ ਭੇਜ ਦਿੱਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਟੀਮਾਂ ਵਲੋਂ ਆਮ ਲੋਕਾਂ ਨੂੰ ਬੱਚਿਆਂ ਦੇ ਅਧਿਕਾਰਾਂ, ਸਿੱਖਿਆ ਦੀ ਮਹੱਤਤਾ ਅਤੇ ਬੱਚਿਆਂ ਨਾਲ ਹੋ ਰਹੇ ਅਪਰਾਧਾਂ, ਬਾਲ ਮਜ਼ਦੂਰੀ, ਬਾਲ ਭਿੱਖਿਆ, ਬੱਚਿਆਂ ਨਾਲ ਛੇੜਛਾੜ ਅਤੇ ਜਿਣਸੀ ਸ਼ੋਸ਼ਣ ਵਰਗੀਆਂ ਬੁਰਾਈਆਂ ਬਾਰੇ ਵੀ ਜਾਗਰੂਕ ਕੀਤਾ ਜਾਂਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇ ਕਿਸੇ ਨੂੰ ਬਾਲ ਭਿੱਖਿਆ, ਕਿਸੇ ਵੀ ਮੁਸੀਬਤ ਵਿੱਚ ਫਸੇ ਬੱਚੇ ਬਾਰੇ ਜਾਣਕਾਰੀ ਮਿਲੇ, ਤਾਂ ਤੁਰੰਤ ਚਾਈਲਡ ਹੈਲਪਲਾਈਨ ਨੰਬਰ 1098 ’ਤੇ ਜਾਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੂੰ, ਦਫਤਰ, ਜ਼ਿਲ੍ਹਾ ਪ੍ਰੋਗਰਾਮ ਅਫਸਰ ਗਾਂਧੀ ਵਨੀਤਾ ਆਸ਼ਰਮ ਵਿਖੇ ਤਾਲਮੇਲ ਕਰਕੇ ਜਾਣਕਾਰੀ ਦਿੱਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਰੈਸਕਿਊ ਕੀਤੀ ਬੱਚੀ ਦੀ ਪੜ੍ਹਾਈ ਅਤੇ ਮੁੜ ਵਸੇਬੇ ਲਈ ਉਪਰਾਲੇ ਕੀਤੇ ਜਾਣਗੇ।

# ਪੰਜਾਬ ਪੁਲਿਸ ਵੱਲੋਂ 10ਵੀਂ ਉੱਤਰੀ ਖੇਤਰੀ ਪੁਲਿਸ ਤਾਲਮੇਲ ਕਮੇਟੀ ਮੀਟਿੰਗ ਦੀ ਮੇਜ਼ਬਾਨੀ

## ਡੀਜੀਪੀ ਪੰਜਾਬ ਗੌਰਵ ਯਾਦਵ ਵੱਲੋਂ ਉੱਭਰ ਰਹੇ ਸੁਰੱਖਿਆ ਖ਼ਤਰਿਆਂ ਨਾਲ ਨਜਿੱਠਣ ਲਈ ਨਿਰਵਿਘਨ ਅੰਤਰ-ਏਜੰਸੀ ਤਾਲਮੇਲ ਅਤੇ ਖ਼ੁਫ਼ੀਆ ਜਾਣਕਾਰੀ ਸਾਂਝੀ ਕਰਨ ਦੀ ਵਕਾਲਤ

**ਚੰਡੀਗੜ੍ਹ 9 ਸਤੰਬਰ**
**-ਛਤਰਪਾਲ ਸਿੰਘ-**



ਅੰਦਰੂਨੀ ਸੁਰੱਖਿਆ ਨੂੰ ਮਜ਼ਬੂਤ ਕਰਨ ਅਤੇ ਅੰਤਰ-ਰਾਜੀ ਤਾਲਮੇਲ ਨੂੰ ਹੁਲਾਰਾ ਦੇਣ ਦੇ ਇੱਕ ਵੱਡੇ ਯਤਨ ਵਜੋਂ ਪੰਜਾਬ ਪੁਲਿਸ ਨੇ ਅੱਜ ਸਰਹੱਦ ਪਾਰੋਂ ਅੱਤਵਾਦ, ਗੈਂਗਸਟਰ ਸਿੰਡੀਕੇਟਾਂ, ਸੰਗਠਿਤ ਅਪਰਾਧ ਨੈੱਟਵਰਕਾਂ ਅਤੇ ਸਾਈਬਰ ਅਪਰਾਧ ਵਿਰੁੱਧ ਸਾਂਝੀਆਂ ਰਣਨੀਤੀਆਂ ਉਲੀਕਣ ਲਈ 10ਵੀਂ ਉੱਤਰੀ ਖੇਤਰੀ ਪੁਲਿਸ ਤਾਲਮੇਲ ਕਮੇਟੀ (ਐਨ.ਆਰ.ਪੀ.ਸੀ.ਸੀ.) ਮੀਟਿੰਗ ਦੀ ਮੇਜ਼ਬਾਨੀ ਕੀਤੀ।

ਇਸ ਉੱਚ ਪੱਧਰੀ ਮੀਟਿੰਗ ਦੀ ਪ੍ਰਧਾਨਗੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਕੀਤੀ। ਇਸ ਵਿੱਚ ਬਾਰਡਰ ਸਕਿਓਰਿਟੀ ਫੋਰਸ (ਬੀ.ਐਸ.ਐਫ.) ਵੈਸਟਰਨ ਕਮਾਂਡ ਚੰਡੀਗੜ੍ਹ ਦੇ ਸਪੈਸ਼ਲ ਡਾਇਰੈਕਟਰ ਜਨਰਲ ਸਤੀਸ਼ ਐਸ. ਖੰਡਾਰੇ, ਇੰਡੋ-ਤਿੱਬਤੀਅਨ ਬਾਰਡਰ ਪੁਲਿਸ (ਆਈ.ਟੀ.ਬੀ.ਪੀ.) ਹੈੱਡਕੁਆਰਟਰ ਵੈਸਟਰਨ ਕਮਾਂਡ ਦੇ ਆਈ.ਜੀ. ਰਾਜੇਸ਼ ਕੁਮਾਰ, ਬੀ.ਐਸ.ਐਫ. ਪੰਜਾਬ ਫਰੰਟੀਅਰ ਦੇ ਆਈ.ਜੀ. ਡਾ. ਅਤੁਲ ਫੁਲਜ਼ਲੇ ਅਤੇ ਡੀਜੀਪੀ ਚੰਡੀਗੜ੍ਹ ਡਾ. ਸਾਗਰਪ੍ਰੀਤ ਹੁੱਡਾ ਹਾਜ਼ਰ ਸਨ, ਜਦਕਿ ਡੀਜੀਪੀ ਉੱਤਰਾਖੰਡ ਦੀਪਮ ਸੇਠ ਅਤੇ ਡੀਜੀਪੀ ਲੱਦਾਖ ਆਨੰਦ ਕੁਮਾਰ ਜੈਨ ਵਰਚੁਅਲ ਤਰੀਕੇ ਨਾਲ ਮੀਟਿੰਗ ਵਿੱਚ ਸ਼ਾਮਲ ਹੋਏ। ਸੈਂਟਰਲ ਰਿਜ਼ਰਵ ਪੁਲਿਸ ਫੋਰਸ (ਸੀ.ਆਰ.ਪੀ.ਐਫ.), ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ (ਐਨ.ਆਈ.ਏ.) ਅਤੇ ਸਬਸਿਡਰੀ ਇੰਟੈਲੀਜੈਂਸ ਬਿਊਰੋ (ਐਸ.ਆਈ.ਬੀ.) ਦੇ ਸੀਨੀਅਰ ਨੁਮਾਇੰਦਿਆਂ ਤੋਂ ਇਲਾਵਾ ਹਰਿਆਣਾ, ਦਿੱਲੀ, ਉੱਤਰ ਪ੍ਰਦੇਸ਼, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਚੰਡੀਗੜ੍ਹ ਦੇ ਰਾਜ ਪੁਲਿਸ ਬਲਾਂ ਅਤੇ ਹੋਰ ਕੇਂਦਰੀ ਤੇ ਸੁਰੱਖਿਆ ਏਜੰਸੀਆਂ ਨੇ ਵੀ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲਿਆ।

ਅੰਤਰ-ਏਜੰਸੀ ਤਾਲਮੇਲ ਨੂੰ ਸੰਸਥਾਗਤ ਰੂਪ ਦੇਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਐਨ.ਆਰ.ਪੀ.ਸੀ.ਸੀ. ਪੂਰੇ ਖੇਤਰ ਵਿੱਚ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸਮੂਹਿਕ ਸਮੱਸਿਆ-ਹੱਲ, ਸਾਂਝੇ ਢੰਗ ਨਾਲ ਲਾਗੂਕਰਨ ਅਤੇ ਠੋਸ ਮੁਕੱਦਮੇਬਾਜ਼ੀ ਲਈ ਇੱਕ ਏਕੀਕ੍ਰਿਤ ਮੰਚ ਵਜੋਂ ਕੰਮ ਕਰਨਾ ਜਾਰੀ ਰੱਖੇਗੀ। ਉਨ੍ਹਾਂ ਕਿਹਾ, ਮੂਲ ਰੂਪ ਵਿੱਚ, ਐਨ.ਆਰ.ਪੀ.ਸੀ.ਸੀ. ਦਾ ਉਦੇਸ਼ ਤਾਲਮੇਲ ਕਾਇਮ ਕਰਨਾ ਹੈ। ਉਨ੍ਹਾਂ ਕਿਹਾ ਕਿ ਜਿਵੇਂ-ਜਿਵੇਂ ਅਪਰਾਧ ਅਤੇ ਸੁਰੱਖਿਆ ਨੂੰ ਦਰਪੇਸ਼ ਖ਼ਤਰੇ ਰਾਜਾਂ ਦੀਆਂ ਹੱਦਾਂ ਤੋਂ ਪਾਰ ਫੈਲ ਰਹੇ ਹਨ, ਉੱਭਰ ਰਹੇ ਖ਼ਤਰਿਆਂ ਨਾਲ ਨਜਿੱਠਣ ਲਈ ਖ਼ੁਫ਼ੀਆ ਜਾਣਕਾਰੀ ਸਾਂਝੀ ਕਰਨਾ, ਨਿਰਵਿਘਨ ਅੰਤਰ-ਏਜੰਸੀ ਤਾਲਮੇਲ ਅਤੇ ਤੇਜ਼ੀ ਨਾਲ ਮਿਲ ਕੇ ਕਾਰਵਾਈ ਕਰਨਾ ਬੇਹੱਦ ਜ਼ਰੂਰੀ ਹੈ।

ਡੀਜੀਪੀ ਨੇ ਕਿਹਾ ਕਿ ਸੰਗਠਿਤ ਅਪਰਾਧ, ਗੈਂਗਸਟਰ ਨੈੱਟਵਰਕਾਂ, ਸਾਈਬਰ ਅਪਰਾਧ, ਆਨਲਾਈਨ ਕੱਟੜਪੰਥੀ ਗਤੀਵਿਧੀਆਂ ਅਤੇ ਹੋਰ ਉੱਭਰ ਰਹੀਆਂ ਸੁਰੱਖਿਆ ਚੁਣੌਤੀਆਂ ਵਿਰੁੱਧ ਸਾਡੀ ਸਾਂਝੀ ਲੜਾਈ ਤਾਲਮੇਲ ਅਧਾਰਤ ਪੁਲਿਸਿੰਗ ਅਤੇ ਅੰਤਰ-ਰਾਜੀ ਸਹਿਯੋਗ ਦੀ ਤਾਕਤ ਨੂੰ ਦਰਸਾਉਂਦੀ ਹੈ।

ਮੀਟਿੰਗ ਦੌਰਾਨ ਸਪੈਸ਼ਲ ਡੀਜੀਪੀ ਟ੍ਰੈਫਿਕ ਏ.ਐਸ. ਰਾਏ ਨੇ ਪੰਜਾਬ ਦੀ ਪ੍ਰਮੁੱਖ ਸੜਕ ਸੁਰੱਖਿਆ ਫੋਰਸ (ਐਸਐਸਐਫ) ਬਾਰੇ ਇੱਕ ਪੇਸ਼ਕਾਰੀ ਦਿੱਤੀ, ਜਿਸ ਵਿੱਚ ਸੜਕੀ ਮੌਤਾਂ ਵਿੱਚ 52.87 ਫੀਸਦੀ ਦੀ ਕਮੀ, 6 ਮਿੰਟ ਅਤੇ 41 ਸਕਿੰਟ ਦਾ ਪ੍ਰਤੀਕਿਰਿਆ ਸਮਾਂ ਅਤੇ 56,283 ਸੜਕੀ ਘਟਨਾਵਾਂ ਵਿੱਚ 60,570 ਤੋਂ ਵੱਧ ਨਾਗਰਿਕਾਂ ਨੂੰ ਬਚਾਉਣ ਬਾਰੇ ਵੇਰਵੇ ਸਾਂਝੇ ਕੀਤੇ ਗਏ। ਜ਼ਿਕਰਯੋਗ ਹੈ ਕਿ ਡੀਜੀਪੀ ਲੱਦਾਖ ਵੱਲੋਂ ਵਿਆਪਕ ਤੌਰ 'ਤੇ ਇਸ ਮਾਡਲ ਦੀ ਪ੍ਰਸ਼ੰਸਾ ਕੀਤੀ ਗਈ ਅਤੇ ਉਨ੍ਹਾਂ ਨੇ ਪੰਜਾਬ ਦੇ ਐਸਐਸਐਫ ਮਾਡਲ ਤੋਂ ਸਿੱਖਣ ਵਿੱਚ ਬਾਖ਼ੂਬੀ ਦਿਲਚਸਪੀ ਦਿਖਾਈ।

ਆਈ.ਜੀ.ਪੀ. ਕਾਊਂਟਰ ਇੰਟੈਲੀਜੈਂਸ ਅਸ਼ੀਸ਼ ਚੌਧਰੀ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਵਿਦੇਸ਼ਾਂ ਤੋਂ ਅਪਰਾਧ ਅਤੇ ਅੱਤਵਾਦ ਨੂੰ ਅੰਜਾਮ ਦੇਣ ਵਾਲੇ ਭਗੌੜੇ ਅਪਰਾਧੀਆਂ ਤੱਕ ਪਹੁੰਚ ਕਰਨ ਲਈ ਓਵਰਸੀਜ਼ ਫਿਊਜਿਟਿਵ ਟ੍ਰੈਕਿੰਗ ਐਂਡ ਐਕਸਟ੍ਰੀਡਿਸ਼ਨ ਸੈੱਲ (ਓਐਫਟੀਈਸੀ) ਦਾ ਗਠਨ ਕੀਤਾ ਹੈ। ਸਾਲ 2024 ਤੋਂ ਕੁੱਲ 17 ਭਗੌੜਿਆਂ ਨੂੰ ਭਾਰਤ ਲਿਆਂਦਾ ਗਿਆ ਹੈ ਜਾਂ ਹਵਾਲਗੀ ਲਈ ਗਈ ਹੈ, ਜਿਨ੍ਹਾਂ ਵਿੱਚ ਨੌਂ ਓਐਫਟੀਈਸੀ ਰਾਹੀਂ, ਜਦੋਂ ਕਿ ਬਾਕੀ ਅੱਠ ਹੋਰ ਭਗੌੜੇ ਪੁਲਿਸ ਦੀਆਂ ਆਪਸੀ ਤਾਲਮੇਲ ਵਾਲੀਆਂ ਕਾਰਵਾਈਆਂ ਰਾਹੀਂ ਵਿਦੇਸ਼ਾਂ ਤੋਂ ਭਾਰਤ ਲਿਆਂਦੇ ਗਏ ਹਨ।

ਸਰਹੱਦੀ ਸੁਰੱਖਿਆ ਅਤੇ ਡਰੋਨ ਵਿਰੋਧੀ ਉਪਾਵਾਂ 'ਤੇ ਜ਼ੋਰ ਦਿੰਦਿਆਂ ਡੀਆਈਜੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਅਖਿਲ ਚੌਧਰੀ ਨੇ ਆਪਣੀ ਪੇਸ਼ਕਾਰੀ ਵਿੱਚ ਮਾਨਵ ਰਹਿਤ ਹਵਾਈ ਪ੍ਰਣਾਲੀਆਂ ਰਾਹੀਂ ਹਥਿਆਰਾਂ ਅਤੇ ਨਸ਼ੀਲੇ ਪਦਾਰਥਾਂ ਦੀ ਸਰਹੱਦ ਪਾਰੋਂ ਤਸਕਰੀ ਨੂੰ ਰੋਕਣ ਲਈ ਚੁੱਕੇ ਗਏ ਕਦਮਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਨੇ ਤਿੰਨ ਐਂਟੀ-ਡਰੋਨ ਪ੍ਰਣਾਲੀਆਂ ਕਾਰਜਸ਼ੀਲ ਕੀਤੀਆਂ ਹਨ ਅਤੇ ਇਸ ਦੇ ਨਾਲ ਹੀ ਲਗਭਗ 600 ਕਰਮਚਾਰੀਆਂ ਦੀ ਤਾਇਨਾਤੀ ਵਾਲੇ 64 ਸਮਰਪਿਤ ਨਾਕੇ ਵੀ ਲਗਾਏ ਗਏ ਹਨ, ਜਿੱਥੇ ਡਰੋਨ ਨਾਲ ਸਬੰਧਤ ਖ਼ਤਰਿਆਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਦਾ ਜਵਾਬ ਦੇਣ ਲਈ 24 ਘੰਟੇ ਨਿਗਰਾਨੀ ਕੀਤੀ ਜਾ ਰਹੀ ਹੈ।

ਇਸ ਦੌਰਾਨ ਹਰਿਆਣਾ, ਦਿੱਲੀ, ਚੰਡੀਗੜ੍ਹ, ਜੰਮੂ-ਕਸ਼ਮੀਰ, ਹਿਮਾਚਲ ਪ੍ਰਦੇਸ਼, ਉੱਤਰ ਪ੍ਰਦੇਸ਼, ਉਤਰਾਖੰਡ ਅਤੇ ਲੱਦਾਖ ਦੇ ਪੁਲਿਸ ਬਲਾਂ ਵੱਲੋਂ ਪੁਲਿਸਿੰਗ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਅਤੇ ਹੋਰ ਉੱਭਰ ਰਹੀਆਂ ਤਕਨਾਲੋਜੀਆਂ ਦਾ ਲਾਭ ਉਠਾਉਣਾ, ਅੰਤਰ-ਰਾਜੀ ਅੱਤਵਾਦੀ-ਗੈਂਗਸਟਰ-ਅਪਰਾਧੀ ਗਠਜੋੜ ਦੀ ਨਿਗਰਾਨੀ ਕਰਨ - ਅੰਤਰਰਾਜੀ ਤਾਲਮੇਲ, ਨਵੇਂ ਅਪਰਾਧਿਕ ਕਾਨੂੰਨ, ਸਾਈਬਰ ਅਪਰਾਧ ਦਾ ਮੁਕਾਬਲਾ ਕਰਨ, ਸੋਸ਼ਲ ਮੀਡੀਆ ਨਿਗਰਾਨੀ ਆਦਿ ਵਿਸ਼ਿਆਂ ਤੇ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ।

ਜ਼ਿਕਰਯੋਗ ਹੈ ਕਿ ਮੀਟਿੰਗ ਏਡੀਜੀਪੀ ਕਾਊਂਟਰ ਇੰਟੈਲੀਜੈਂਸ ਅਮਿਤ ਪ੍ਰਸਾਦ ਵੱਲੋਂ ਦਿੱਤੇ ਗਏ ਰਸਮੀ ਧੰਨਵਾਦ ਮਤੇ ਨਾਲ ਸਮਾਪਤ ਹੋਈ।

# ਸਰਕਾਰੀ ਕਾਲਜ ਮਾਛੀਵਾੜਾ ਵਿਖੇ ਕਰਵਾਇਆ ਗਿਆ ਮਾਨਸਿਕ ਸਿਹਤ ਅਤੇ ਮਾਨਸਿਕ ਤੰਦਰੁਸਤੀ



**ਮਾਛੀਵਾੜਾ ਸਾਹਿਬ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਵਿਦਿਆਰਥੀਆਂ ਦੇ ਬਹੁਪੱਖੀ ਵਿਕਾਸ ਲਈ ਸਰਕਾਰੀ ਕਾਲਜ ਮਾਛੀਵਾੜਾ ਵਿਖੇ ਸਮੇਂ ਸਮੇਂ ਤੇ ਅਜਿਹੇ ਪ੍ਰੋਗਰਾਮ ਉਲੀਕੇ ਜਾਂਦੇ ਹਨ ਜਿਨ੍ਹਾਂ ਨਾਲ ਵਿਦਿਆਰਥੀਆਂ ਦੀ ਸ਼ਖ਼ਸੀਅਤ ਵਿੱਚ ਨਿਖਾਰ ਲਿਆਂਦਾ ਜਾ ਸਕੇ।ਇਸੇ ਲੜੀ ਤਹਿਤ ਪ੍ਰਿੰਸੀਪਲ ਨੰਦਿਨੀ ਵੈਦ ਦੀ ਅਗਵਾਈ ਤੇ ਡਾ. ਕਮਲਜੀਤ ਕੌਰ ਬਾਂਗਾ ਕਨਵੀਨਰ ਰੈੱਡ ਰਿਬਨ ਕਲੱਬ ਦੇ ਦਿਸ਼ਾ ਨਿਰਦੇਸ਼ਾਂ ਵਿੱਚ ਲਾਇਨਜ਼ ਕਲੱਬ ਲੁਧਿਆਣਾ ਐਪਕਸ ਦੇ ਸਹਿਯੋਗ ਨਾਲ ਮਾਨਸਿਕ ਸਿਹਤ ਅਤੇ ਮਾਨਸਿਕ ਤੰਦਰੁਸਤੀ ਵਿਸ਼ੇ ਤੇ ਡਾ ਨੇਹਾ ਆਨੰਦ ਦੁਆਰਾ ਲੈਕਚਰ ਕਰਵਾਇਆ ਗਿਆ। ਡਾ. ਕਮਲਜੀਤ ਕੌਰ ਬਾਂਗਾ ਲਾਇਨਜ਼ ਕਲੱਬ ਲੁਧਿਆਣਾ ਦੇ ਚੇਅਰਮੈਨ ਡਾ. ਧਰਮ ਸਿੰਘ ਸੰਧੂ, ਕਲੱਬ ਦੇ ਪ੍ਰਧਾਨ ਪ੍ਰੋ. ਦੀਪਕ ਚੋਪੜਾ, ਪ੍ਰਿੰਸੀਪਲ ਕੰਵਲ ਕਿਸ਼ੋਰ ਤੇ ਸ਼੍ਰੀ ਸੁਬੋਧ ਤੇ ਮੁੱਖ ਬੁਲਾਰੇ ਡਾ.ਨੇਹਾ ਆਨੰਦ ਦਾ ਰਸਮੀ ਰੂਪ ਵਿੱਚ ਸਵਾਗਤ ਕੀਤਾ ਤੇ ਅਜੋਕੀ ਭੱਜ ਦੌੜ ਵਾਲੀ ਜ਼ਿੰਦਗੀ ਵਿੱਚ ਮਾਨਸਿਕ ਤੰਦਰੁਸਤੀ ਲਈ ਨੁਕਤੇ ਸਾਂਝੇ ਕਰਦਿਆਂ ਕਿਹਾ ਕਿ ਤਕਨੀਕ ਨੇ ਭਾਵੇਂ ਸਾਡੀ ਜ਼ਿੰਦਗੀ ਬਹੁਤ ਸੌਖੀ ਕਰ ਦਿੱਤੀ ਹੈ ਪਰ ਸਾਡੀਆਂ ਮਾਨਸਿਕ ਸਮੱਸਿਆਵਾਂ ਵਿੱਚ ਵਾਧਾ ਹੋਇਆ ਹੈ ਕਿਉਂਕਿ ਅਜੋਕਾ ਮਨੁੱਖ ਸੱਚ ਤੇ ਅਸਲੀਅਤ ਤੋਂ ਦੂਰ ਹੋ ਰਿਹਾ ਹੈ ਤੇ ਇਹੀ ਸਾਡੀ ਮਾਨਸਿਕ ਸਿਹਤ ਲਈ ਬਹੁਤ ਘਾਤਕ ਸਾਬਤ ਹੋ ਰਿਹਾ ਹੈ ਮਨੁੱਖ ਨੂੰ ਆਪਣੇ ਸੱਚ ਨੂੰ ਸਵੀਕਾਰ ਕਰਨਾ ਚਾਹੀਦਾ ਹੈ ਤੇ ਕਲਪਨਾ ਦੀ ਜ਼ਿੰਦਗੀ ਨਹੀਂ ਜਿਉਣੀ ਚਾਹੀਦੀ। ਕਲੱਬ ਦੇ ਚੇਅਰਮੈਨ ਡਾ.ਧਰਮ ਸਿੰਘ ਸੰਧੂ ਨੇ ਮਾਨਸਿਕ ਸਿਹਤ ਨੂੰ ਠੀਕ ਰੱਖਣ ਦੇ ਛੋਟੇ ਛੋਟੇ ਨੁਕਤੇ ਵਿਦਿਆਰਥੀਆਂ ਨਾਲ ਸਾਂਝੇ ਕਰਦਿਆਂ ਕਿਹਾ ਕਿਹਾ ਕਿ ਜਦ ਕਿਸੇ ਸਮੱਸਿਆ ਜਾਂ ਪ੍ਰੇਸ਼ਾਨੀ ਚ ਹੋਵੋ ਤਾਂ ਆਪਣੇ ਮਾਪਿਆਂ ਅਤੇ ਅਧਿਆਪਕਾਂ ਦੋਸਤਾਂ ਮਿੱਤਰਾਂ ਨਾਲ ਆਪਣੇ ਮਨ ਦੀ ਉਲਝਣ ਨੂੰ ਸਾਂਝਾ ਕਰੋ। ਹਮੇਸ਼ਾ ਸਾਕਾਰਾਤਮਿਕ ਸੋਚੋ ਅਤੇ ਆਪਣਾ ਮੁਕਾਬਲਾ ਦੂਜਿਆਂ ਨਾਲ ਨਾ ਕਰੋ। ਪ੍ਰਿੰਸੀਪਲ ਦੀਪਕ ਚੋਪੜਾ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਅਤੇ ਫੋਨ ਦੀ ਵਰਤੋਂ ਘੱਟ ਕਰਕੇ ਆਪਣੀ ਨੀਂਦ ਪੂਰੀ ਕਰਨੀ ਚਾਹੀਦੀ ਹੈ। ਸਰੀਰਕ ਕਸਰਤ, ਯੋਗਾ, ਸੈਰ ਅਤੇ ਪਾਣੀ ਵੱਧ ਪੀਣਾ ਵੀ ਸਾਡੀ ਮਾਨਸਿਕ ਸਿਹਤ ਨੂੰ ਠੀਕ ਰੱਖਦਾ ਹੈ।ਇਸ ਵਿਸ਼ੇ ਤੇ ਵਿਸ਼ੇਸ਼ ਲੈਕਚਰ ਲਈ ਪਹੁੰਚੇ ਡਾ. ਨੇਹਾ ਅਨੰਦ ਨੇ ਕਿਹਾ ਕਿ ਸਰੀਰਕ ਬਿਮਾਰੀਆਂ ਵੀ ਸਾਡੀ ਮਾਨਸਿਕ ਸਿਹਤ ਵਿਚੋਂ ਹੀ ਜਨਮ ਲੈਂਦੀਆਂ ਹਨ। ਉਹਨਾਂ ਵਿਦਿਆਰਥੀਆਂ ਨੂੰ ਫੋਨ ਦੀ ਘਟ ਵਰਤੋਂ ਆਪਣੀ ਜ਼ਿੰਦਗੀ ਨੂੰ ਦੂਜੇ ਨਾਲ ਨਾਪਣ ਤੋਲਣ ਤੋਂ ਦੂਰ ਰਹਿਣ ਦੇ ਸੁਝਾਅ ਦਿੱਤੇ।

ਉਹਨਾਂ ਕਿਹਾ ਕਿ ਜ਼ਿੰਦਗੀ ਚ ਕਿਸੇ ਵੀ ਗੱਲ ਦਾ ਪਰੈਸ਼ਰ ਲੈਣ ਦੀ ਬਜਾਏ ਕੁਦਰਤ ਦੇ ਸ਼ੁਕਰਗੁਜ਼ਾਰ ਹੋਣ ਨਾਲ ਜ਼ਿੰਦਗੀ ਚ ਤਵਾਜ਼ਨ ਬਣਿਆ ਰਹਿੰਦਾ ਹੈ। ਉਹਨਾਂ ਨੇ ਕਿਹਾ ਕਿ ਜੇ ਸਾਡੀ ਮਾਨਸਿਕ ਸਿਹਤ ਠੀਕ ਨਹੀਂ ਤਾਂ ਬਿਨਾਂ ਝਿਜਕ ਦੂਜਿਆਂ ਨਾਲ ਗੱਲ ਕਰਨੀ ਚਾਹੀਦੀ ਹੈ

# 'ਇਨਵੈਸਟ ਇਨ ਦਾ ਬੈਸਟ': ਅਮਨ ਅਰੋੜਾ ਵੱਲੋਂ ਪੰਜਾਬ ਵਿੱਚ ਨਿਵੇਸ਼ ਲਿਆਉਣ ਲਈ ਯੂ.ਏ.ਈ. ਦੇ ਪ੍ਰਮੁੱਖ ਕਾਰੋਬਾਰੀਆਂ ਨਾਲ ਲੜੀਵਾਰ ਮੀਟਿੰਗਾਂ

## ਅਮਨ ਅਰੋੜਾ ਨੇ ਲੁਲੂ, ਜੈਮਸ, ਸ਼ਰਾਫ, ਅਪੈਰਲ ਗਰੁੱਪ ਸਮੇਤ ਯੂ.ਏ.ਈ. ਦੇ ਚੋਟੀ ਦੇ ਕਾਰੋਬਾਰੀ ਸਮੂਹਾਂ ਅੱਗੇ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ-2026 ਅਤੇ ਸਿੰਗਲ-ਵਿੰਡੋ ਸਿਸਟਮ ਦਾ ਖਾਕਾ ਪੇਸ਼ ਕੀਤਾ

**ਚੰਡੀਗੜ੍ਹ/ਦੁਬਈ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਆਲਮੀ ਨਿਵੇਸ਼ ਨੂੰ ਆਕਰਸ਼ਿਤ ਕਰਨ ਦੇ ਵਿਆਪਕ ਯਤਨ ਵਜੋਂ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਸ੍ਰੀ ਅਮਨ ਅਰੋੜਾ ਨੇ ਯੂ.ਏ.ਈ. ਦੇ ਚੋਟੀ ਦੇ ਕਾਰੋਬਾਰੀ ਸਮੂਹਾਂ ਅੱਗੇ ਸੂਬੇ ਦੀ ਨਿਵੇਸ਼ਕ-ਪੱਖੀ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ-2026 ਅਤੇ ਸਿੰਗਲ-ਵਿੰਡੋ ਕਲੀਅਰੈਂਸ ਸਿਸਟਮ ਦਾ ਖਾਕਾ ਪੇਸ਼ ਕੀਤਾ ਅਤੇ 'ਇਨਵੈਸਟ ਪੰਜਾਬ' ਰਾਹੀਂ ਸਮਾਂਬੱਧ ਸਹੂਲਤਾਂ, ਜਵਾਬਦੇਹ ਪ੍ਰਸ਼ਾਸਨ ਅਤੇ ਸਮਰਪਿਤ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਤੋਂ ਪਹਿਲਾਂ ਦੁਬਈ ਵਿਖੇ ਭਾਰਤ ਦੇ ਕੌਂਸਲ ਜਨਰਲ ਡਾ. ਏਮਾਦੀ ਵਿਸ਼ਨੂੰ ਵਰਧਨ ਰੈੱਡੀ ਨੇ ਪੰਜਾਬ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰਨ, ਨਿਵੇਸ਼ਕਾਂ ਦੀ ਸ਼ਮੂਲੀਅਤ ਵਧਾਉਣ ਅਤੇ ਨਿਵੇਸ਼ਕਾਂ ਦੇ ਭਰੋਸੇ ਨੂੰ ਹੋਰ ਮਜ਼ਬੂਤ ਕਰਨ ਦੇ ਵਿਸ਼ਿਆਂ 'ਤੇ ਚਰਚਾ ਵਾਸਤੇ ਸ੍ਰੀ ਅਮਨ ਅਰੋੜਾ ਲਈ ਨਾਸ਼ਤੇ ਦੀ ਮੇਜ਼ਬਾਨੀ ਕੀਤੀ।

ਆਪਣੇ ਦੁਬਈ ਦੌਰੇ ਦੌਰਾਨ ਸ੍ਰੀ ਅਮਨ ਅਰੋੜਾ ਨੇ ਖੇਤਰ-ਅਧਾਰਿਤ ਨਿਵੇਸ਼ ਮੌਕਿਆਂ, ਕਾਰੋਬਾਰ ਤੋਂ ਕਾਰੋਬਾਰ (ਬੀ-ਟੂ ਬੀ) ਸਾਂਝੇਦਾਰੀਆਂ, ਤਕਨੀਕੀ ਸਹਿਯੋਗ ਅਤੇ ਪੰਜਾਬ ਦੇ ਵਿਕਾਸ ਵਿੱਚ ਯੂ.ਏ.ਈ. ਦੀ ਵੱਧ ਤੋਂ ਵੱਧ ਭਾਗੀਦਾਰੀ ਦੀ ਪੜਚੋਲ ਲਈ ਪ੍ਰਮੁੱਖ ਕਾਰੋਬਾਰੀ ਆਗੂਆਂ ਨਾਲ ਵੱਖ-ਵੱਖ ਮੀਟਿੰਗਾਂ ਕੀਤੀਆਂ, ਜਿਨ੍ਹਾਂ ਵਿੱਚ ਸ਼ਰਾਫ ਗਰੁੱਪ ਦੇ ਪ੍ਰਧਾਨ ਅਤੇ ਸੀ.ਈ.ਓ. ਸ੍ਰੀ ਸ਼ਿਆਮ ਕਪੂਰ, ਮਾਊਂਟ ਮੇਰੂ ਗਰੁੱਪ ਦੇ ਪ੍ਰੈਜ਼ੀਡੈਂਟ ਐਨਰਜੀ ਸ੍ਰੀ ਅਤੁਲ ਮਿੱਤਲ, ਅਲ ਡੋਬੋਵੀ ਗਰੁੱਪ ਦੇ ਚੇਅਰਮੈਨ ਸ੍ਰੀ ਸੁਰਿੰਦਰ ਸਿੰਘ ਕੰਧਾਰੀ, ਜੈਕੀਜ਼ ਦੇ ਸ੍ਰੀ ਜੈਕੀ ਪੰਜਾਬੀ, ਅਪੈਰਲ ਗਰੁੱਪ ਦੇ ਚੇਅਰਮੈਨ ਸ੍ਰੀ ਨੀਲੇਸ਼ ਵੇਦ, ਲੂਲੂ ਰਿਟੇਲ ਹੋਲਡਿੰਗਜ਼ ਪੀ.ਐਲ.ਸੀ. ਦੇ ਗਰੁੱਪ ਡਾਇਰੈਕਟਰ -ਗਲੋਬਲ ਆਪ੍ਰੇਸ਼ਨਜ਼ ਸ੍ਰੀ ਸਲੀਮ ਐਮ.ਏ. ਅਤੇ ਜੈਮਸ ਐਜੂਕੇਸ਼ਨ ਦੇ ਸੰਸਥਾਪਕ ਅਤੇ ਚੇਅਰਮੈਨ ਸ੍ਰੀ ਸੰਨੀ ਵਰਕੀ ਸ਼ਾਮਲ ਸਨ।

ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ-2026 ਦੀਆਂ ਮੁੱਖ ਵਿਸ਼ੇਸ਼ਤਾਵਾਂ ਨੂੰ ਉਜਾਗਰ ਕਰਦਿਆਂ ਉਦਯੋਗ ਮੰਤਰੀ ਨੇ ਕਿਹਾ ਕਿ ਇਸ ਦਾ ਉਦੇਸ਼ ਮੁਕਾਬਲੇਬਾਜ਼ੀ ਅਤੇ ਨਿਵੇਸ਼ਕ-ਪੱਖੀ ਮਾਹੌਲ ਸਿਰਜਣਾ, ਉਦਯੋਗਿਕ ਵਿਕਾਸ ਨੂੰ ਤੇਜ਼ ਕਰਨਾ, ਕਾਰੋਬਾਰ ਕਰਨ ਦੀ ਸੌਖ ਨੂੰ ਹੁਲਾਰਾ ਦੇਣਾ ਅਤੇ ਰੋਜ਼ਗਾਰ ਪੈਦਾ ਕਰਨ ਵਾਲੇ ਨਿਵੇਸ਼ਾਂ ਨੂੰ ਉਤਸ਼ਾਹਿਤ ਕਰਨਾ ਹੈ, ਜਿਸ ਵਿੱਚ 'ਇਨਵੈਸਟ ਪੰਜਾਬ' ਹਰ ਤਰ੍ਹਾਂ ਦੀਆਂ ਪ੍ਰਵਾਨਗੀਆਂ, ਕਲੀਅਰੈਂਸ, ਜ਼ਮੀਨ ਸਬੰਧੀ ਸਹਾਇਤਾ ਅਤੇ ਪ੍ਰੋਜੈਕਟ ਨੂੰ ਸ਼ੁਰੂ ਤੋਂ ਅੰਤ ਤੱਕ ਪੂਰਾ ਸਹਿਯੋਗ ਦੇਣ ਲਈ ਸਿੰਗਲ-ਪੁਆਇੰਟ ਸੁਵਿਧਾ ਕੇਂਦਰ ਵਜੋਂ ਕੰਮ ਕਰ ਰਿਹਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਨਿਵੇਸ਼ ਲਈ ਰਣਨੀਤਕ ਥਾਂ, ਸ਼ਾਨਦਾਰ ਕੁਨੈਕਟੀਵਿਟੀ, ਹੁਨਰਮੰਦ ਮਨੁੱਖੀ ਸ਼ਕਤੀ, ਮਜ਼ਬੂਤ ਉਦਯੋਗਿਕ ਆਧਾਰ, ਉੱਦਮੀ ਪ੍ਰਤਿਭਾ ਅਤੇ ਇੱਕ ਵੱਡੇ ਘਰੇਲੂ ਬਾਜ਼ਾਰ ਤੱਕ ਪਹੁੰਚ ਦੀ ਪੇਸ਼ਕਸ਼ ਕਰਦਾ ਹੈ ਅਤੇ ਉਨ੍ਹਾਂ ਨੇ ਯੂ.ਏ.ਈ. ਦੀਆਂ ਕੰਪਨੀਆਂ ਨੂੰ ਸੂਬੇ ਦੀਆਂ ਨਿਵੇਸ਼-ਅਨੁਕੂਲ ਨੀਤੀਆਂ ਅਤੇ ਗਤੀਸ਼ੀਲ ਵਪਾਰਕ ਈਕੋਸਿਸਟਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਦਾ ਸੱਦਾ ਦਿੱਤਾ।

ਉਦਯੋਗ ਮੰਤਰੀ ਨੇ ਕਿਹਾ ਕਿ ਪੰਜਾਬ ਫੂਡ ਪ੍ਰੋਸੈਸਿੰਗ ਅਤੇ ਖੇਤੀ-ਅਧਾਰਤ ਉਦਯੋਗਾਂ, ਲੌਜਿਸਟਿਕਸ ਅਤੇ ਵੇਅਰਹਾਊਸਿੰਗ, ਸਿੱਖਿਆ ਅਤੇ ਹੁਨਰ ਵਿਕਾਸ, ਮੈਨੂਫੈਕਚਰਿੰਗ, ਆਈ.ਟੀ., ਨਵਿਆਉਣਯੋਗ ਊਰਜਾ ਅਤੇ ਹੋਰ ਉੱਭਰ ਰਹੇ ਖੇਤਰਾਂ ਵਿੱਚ ਨਿਵੇਸ਼ ਨੂੰ ਉਤਸ਼ਾਹਿਤ ਕਰ ਰਿਹਾ ਹੈ। ਉਨ੍ਹਾਂ ਨੇ ਨਿਵੇਸ਼ਕਾਂ ਨੂੰ ਸਮਾਂਬੱਧ ਸਹੂਲਤਾਂ, ਸੁਚਾਰੂ ਪ੍ਰਵਾਨਗੀਆਂ, ਜਵਾਬਦੇਹ ਪ੍ਰਸ਼ਾਸਨ ਅਤੇ 'ਇਨਵੈਸਟ ਪੰਜਾਬ' ਰਾਹੀਂ ਸਮਰਪਿਤ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਦੌਰਾਨ ਸ੍ਰੀ ਅਮਨ ਅਰੋੜਾ ਨੇ ਏ.ਆਈ.ਐਮ. ਦੁਬਈ ਵਿਖੇ ਯੂ.ਏ.ਈ. ਵਿੱਚ ਭਾਰਤ ਦੇ ਦੂਤ ਸ੍ਰੀ ਦੀਪਕ ਮਿੱਤਲ, ਆਈ.ਐਫ.ਐਸ. ਨਾਲ ਵੀ ਮੁਲਾਕਾਤ ਕੀਤੀ। ਇਸ ਮੀਟਿੰਗ ਵਿੱਚ ਹੁਨਰ ਵਿਕਾਸ, ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਵਿੱਚ ਸਹਿਯੋਗ ਲਈ ਖੇਤਰ-ਵਿਸ਼ੇਸ਼ ਮੌਕਿਆਂ ਦੀ ਪੜਚੋਲ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਸ੍ਰੀ ਅਰੋੜਾ ਨੇ ਉਜਾਗਰ ਕੀਤਾ ਕਿ ਪੰਜਾਬ ਨਿਵੇਸ਼ ਨੂੰ ਆਕਰਸ਼ਿਤ ਕਰਨ, ਉੱਦਮਤਾ ਨੂੰ ਉਤਸ਼ਾਹਿਤ ਕਰਨ, ਰੋਜ਼ਗਾਰ ਪੈਦਾ ਕਰਨ ਅਤੇ ਵਿਸ਼ਵ ਪੱਧਰ 'ਤੇ ਮੁਕਾਬਲੇ ਵਾਲਾ ਉਦਯੋਗਿਕ ਈਕੋਸਿਸਟਮ ਸਥਾਪਤ ਕਰਨ ਲਈ ਵਧੇਰੇ ਲਾਭਕਾਰੀ ਪ੍ਰੋਤਸਾਹਨ ਪ੍ਰਦਾਨ ਕਰਦਾ ਹੈ।

ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਏ.ਆਈ.ਐਮ. ਦੁਬਈ ਵਿੱਚ ਪੰਜਾਬ ਦੀ ਸ਼ਮੂਲੀਅਤ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਵਿਸ਼ਵ ਪੱਧਰੀ ਨਿਵੇਸ਼ਕਾਂ ਨੂੰ ਸੂਬੇ'ਚ ਨਿਵੇਸ਼ ਲਈ ਆਕਰਸ਼ਿਤ ਕਰਨ ਅਤੇ ਪੰਜਾਬ ਦੀ ਨਵੀਂ ਨਿਵੇਸ਼ ਨੀਤੀ ਨਾਲ ਪੈਦਾ ਹੋਏ ਅਨੁਕੂਲ ਮੌਕਿਆਂ ਨੂੰ ਆਲਮੀ ਮੰਚ ਤੱਕ ਪ੍ਰਦਰਸ਼ਿਤ ਕਰਨ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦੀ ਹੈ।

ਉਨ੍ਹਾਂ ਕਿਹਾ, ÷ਸਾਡਾ ਉਦੇਸ਼ ਸਿਰਫ਼ ਨਿਵੇਸ਼ ਲਿਆਉਣਾ ਹੀ ਨਹੀਂ ਹੈ, ਸਗੋਂ ਲੰਬੇ ਸਮੇਂ ਦੀ ਭਾਈਵਾਲੀ ਸਥਾਪਤ ਕਰਨਾ ਹੈ ਜੋ ਰੁਜ਼ਗਾਰ ਪੈਦਾ ਕਰੇ, ਉਦਯੋਗ ਨੂੰ ਮਜ਼ਬੂਤ ਕਰੇ ਅਤੇ ਪੰਜਾਬ ਦੇ ਆਰਥਿਕ ਵਿਕਾਸ 'ਚ ਤੇਜ਼ੀ ਲਿਆਵੇ।÷

ਜ਼ਿਕਰਯੋਗ ਹੈ ਕਿ ਸ੍ਰੀ ਅਮਨ ਅਰੋੜਾ ਦੀ ਅਗਵਾਈ ਵਾਲੇ ਪੰਜਾਬ ਦੇ ਵਫ਼ਦ ਵਿੱਚ ਸੀ.ਈ.ਓ. ਇਨਵੈਸਟ ਪੰਜਾਬ ਸ੍ਰੀ ਅਮਿਤ ਢਾਕਾ, ਡਾਇਰੈਕਟਰ ਉਦਯੋਗ ਅਤੇ ਵਣਜ ਸ੍ਰੀ ਜਸਪ੍ਰੀਤ ਸਿੰਘ ਅਤੇ ਐਮ.ਡੀ. ਪੰਜਾਬ ਵਿੱਤ ਨਿਗਮ ਮਿਸ ਸੇਨੂ ਦੁੱਗਲ ਸ਼ਾਮਲ ਹਨ। ਇਹ ਵਫ਼ਦ ਠੋਸ ਨਿਵੇਸ਼ ਤਜਵੀਜ਼ਾਂ ਦੀ ਪਛਾਣ ਅਤੇ ਸੂਬੇ ਨਾਲ ਭਾਈਵਾਲੀ ਨੂੰ ਸੁਖਾਲਾ ਬਣਾਉਣ ਲਈ ਆਲਮੀ ਅਤੇ ਯੂ.ਏ.ਈ. ਅਧਾਰਤ ਨਿਵੇਸ਼ਕਾਂ ਅਤੇ ਵਪਾਰਕ ਘਰਾਣਿਆਂ ਨਾਲ ਲਗਾਤਾਰ ਮੀਟਿੰਗਾਂ ਕਰ ਰਿਹਾ ਹੈ।

# ਅਮਿਟ ਯਾਦਾਂ ਛੱਡਦਾ ਹੋਇਆ ਸਮਾਪਤ ਹੋਇਆ ਛੌੜੀਆਂ ਬੇਟ ਦਾ ਵਿਸ਼ਾਲ ਦੰਗਲ ਮੇਲਾ



**ਮਾਛੀਵਾੜਾ ਸਾਹਿਬ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਨਜ਼ਦੀਕੀ ਪਿੰਡ ਛੌੜੀਆਂ ਬੇਟ ਦਾ ਸਲਾਨਾ ਦੰਗਲ ਮੇਲਾ ਲੁਧਿਆਣੇ ਜਿਲ੍ਹੇ ਦਾ ਹੀ ਨਹੀਂ ਸਗੋਂ ਪੰਜਾਬ ਦਾ ਸਭ ਤੋਂ ਵੱਡਾ ਦੰਗਲ ਮੇਲਾ ਹੋ ਨਿਬੜਿਆ।ਪਿੰਡ ਛੌੜੀਆਂ ਬੇਟ ਵਿਖੇ ਦੰਗਲ ਕਮੇਟੀ, ਸਮੂਹ ਨਗਰ ਨਿਵਾਸੀ, ਪ੍ਰਵਾਸੀ ਭਾਰਤੀਆਂ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਬਾਬਾ ਗੁੱਗਾ ਜਾਹਰ ਪੀਰ ਦੀ ਯਾਦ ਵਿੱਚ ਸਲਾਨਾ ਵਿਸ਼ਾਲ ਕੁਸ਼ਤੀ ਦੰਗਲ ਕਰਵਾਇਆ ਗਿਆ। ਇਸ ਸਬੰਧੀ ਪ੍ਰਧਾਨ ਗੁਰਵਿੰਦਰ ਸਿੰਘ ਬੱਬੂ ਸਰਪੰਚ , ਮਨਪ੍ਰੀਤ ਸਿੰਘ ਮੰਨਾ, ਜਸਪ੍ਰੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਛਿੰਝ ਦੌਰਾਨ ਝੰਡੀ ਦੀਆ 6 ਵੱਡੀਆਂ ਕੁਸ਼ਤੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਵੱਡੀ ਝੰਡੀ ਦੀ ਕੁਸ਼ਤੀ ਪੰਜਾਬ ਦੇ ਗੌਰਵ, ਗੌਰਵ ਮਾਛੀਵਾੜਾ ਅਤੇ ਮਿਰਜਾ ਇਰਾਨ ਦੇ ਵਿਚਕਾਰ ਹੋਈ, ਜਿਸ ਵਿੱਚ ਦੋਨਾਂ ਪਹਿਲਵਾਨਾਂ ਵਿੱਚ ਕਾਂਟੇ ਦੀ ਟੱਕਰ ਹੋਈ। ਕਰੀਬ 20 ਮਿੰਟ ਖੁੱਲ੍ਹਾ ਸਮਾਂ ਕੁਸ਼ਤੀ ਚੱਲਦੀ ਰਹੀ, ਦੋਨੋਂ ਪਹਿਲਵਾਨ ਇੱਕ ਦੂਜੇ ਨੂੰ ਚਿੱਤ ਕਰਨ ਵਿੱਚ ਨਾਕਾਮਯਾਬ ਰਹੇ।ਪ੍ਰਬੰਧਕਾਂ ਵੱਲੋਂ ਕੁਸ਼ਤੀ ਪੁਆਇੰਟ ਤੇ ਕਰਵਾਈ ਗਈ ਜਿਸ ਵਿੱਚ ਮਿਰਜ਼ਾ ਇਰਾਨ ਨੇ ਪਹਿਲਾਂ ਪੁਆਇੰਟ ਬਣਾਉਂਦਿਆਂ ਝੰਡੀ ਆਪਣੇ ਨਾਂ ਕੀਤੀ ਤੇ ਝੰਡੀ ਦੀ ਕੁਸਤੀ ਤੇ ਕਬਜਾ ਕੀਤਾ। ਤਾਲਿਬ ਡੇਰਾ ਬਾਬਾ ਫਲਾਈ ਅਤੇ ਭੋਲਾ ਕਾਸ਼ਨੀ ਵਿਚਕਾਰ ਦੂਜੀ ਵੱਡੀ ਕੁਸ਼ਤੀ ਕਰਵਾਈ ਗਈ ਜਿਸ ਵਿੱਚ ਭੋਲਾ ਕਾਸ਼ਨੀ ਪੁਆਇੰਟ ਤੇ ਜੇਤੂ ਰਿਹਾ। ਉਮੇਸ਼ ਮਥੁਰਾ ਅਤੇ ਮਿਰਜ਼ਾ ਇਰਾਨ ਵਿਚਕਾਰ ਕਰਵਾਈ ਗਈ ਕੁਸ਼ਤੀ ਨੇ ਦਰਸ਼ਕਾਂ ਨੂੰ ਵਾਰ-ਵਾਰ ਤਾੜੀਆਂ ਮਾਰਨ ਲਈ ਮਜਬੂਰ ਕੀਤਾ ਅਖੀਰ ਮਿਰਜ਼ਾ ਇਰਾਨ ਇਸ ਕੁਸ਼ਤੀ ਵਿੱਚ ਜੇਤੂ ਰਿਹਾ। ਸ਼ਾਨਵੀਰ ਕੋਹਾਲੀ ਅਤੇ ਅਵੀਨਾਇਕ ਯੂਪੀ ਦੀ ਕੁਸ਼ਤੀ ਦਾ ਵੀ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ ਅਤੇ ਅਖੀਰ ਸਾਨਵੀਰ ਕੁਹਾਲੀ ਜੇਤੂ ਰਿਹਾ।

ਹਾਮਿਦ ਇਰਾਨ ਅਤੇ ਜੋਂਟੀ ਗੁੱਜਰ ਦੀ ਕੁਸ਼ਤੀ ਨੇ ਦਰਸ਼ਕਾਂ ਦਾ ਮਨ ਮੋਹ ਲਿਆ ਜਿਸ ਵਿੱਚ ਜੋਂਟੀ ਗੁੱਜਰ ਪੁਆਇੰਟ ਤੇ ਜੇਤੂ ਰਿਹਾ। ਲੱਕੀ ਗਰਚਾ ਅਤੇ ਜੋਬਨ ਪੱਟੀ ਦੀ ਕੁਸ਼ਤੀ ਵੀ ਵੇਖਣਯੋਗ ਸੀ, ਜਿਸ ਵਿੱਚ ਜੋਬਨ ਪੱਟੀ ਅਖੀਰ ਵਿੱਚ ਜੇਤੂ ਬਣਿਆ। ਗੁਰਜੀਤ ਮਕਰੌੜ ਨੇ ਬੰਟੀ ਨੂੰ ਚਿੱਤ ਕਰਦਿਆਂ ਜਿੱਤ ਪ੍ਰਾਪਤ ਕੀਤੀ। ਦੰਗਲ ਕਮੇਟੀ ਵੱਲੋਂ ਮੋਟਰਸਾਈਕਲਾਂ ਦੇ ਦਾਨੀ ਸੱਜਣਾਂ ਅਤੇ ਲੱਖਾਂ ਰੁਪਏ ਦਾਨ ਦੇਣ ਵਾਲੇ ਸਹਿਯੋਗੀ ਸੱਜਣਾ ਨੂੰ ਸਨਮਾਨ ਚਿੰਨ੍ਹ ਦਿੰਦਿਆਂ ਸਨਮਾਨਿਤ ਕੀਤਾ।

ਭਗਤ ਸਿੰਘ ਨੰਬਰਦਾਰ ਵਾਸੀ ਸੌੜੀਆਂ ਦਾ ਦੰਗਲ ਕਮੇਟੀ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ਜਿਨਾਂ ਦੇ ਭਾਣਜੇ ਸਿਮਰਨਜੀਤ ਸਿੰਘ ਆਸਟਰੇਲੀਆ ਵੱਲੋਂ ਲਗਾਤਾਰ ਪੰਜ ਸਾਲ ਬੁੱਲਟ ਮੋਟਰਸਾਈਕਲ ਦਾਨ ਵਜੋਂ ਦੰਗਲ ਕਮੇਟੀ ਨੂੰ ਦਿੱਤੇ ਗਏ ਅਤੇ ਅਗਲੇ ਸਾਲ ਸਿਮਰਨਜੀਤ ਆਸਟਰੇਲੀਆ ਅਤੇ ਸਾਥੀਆਂ ਵੱਲੋਂ ਆਲਟੋ ਗੱਡੀ ਦਾਨ ਵਿੱਚ ਦੇਣ ਦਾ ਐਲਾਨ ਵੀ ਕਰਵਾਇਆ ਗਿਆ।

ਇਸ ਕੁਸਤੀ ਦੰਗਲ ਵਿੱਚ ਇਲਾਕੇ ਦੀਆਂ ਵੱਖ ਵੱਖ ਸਮਾਜਿਕ, ਧਾਰਮਿਕ ਅਤੇ ਰਾਜਨੀਤਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵਿਸ਼ੇਸ਼ ਤੌਰ ਤੇ ਸਿਰਕਤ ਕੀਤੀ। ਇਸ ਦੰਗਲ ਮੇਲੇ ਦੇ ਪੁੱਜੇ ਮੁੱਖ ਮਹਿਮਾਨਾਂ, ਦਾਨੀ ਤੇ ਸਹਿਯੋਗੀ ਸੱਜਣਾਂ, ਜੇਤੂ ਪਹਿਲਵਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਕੁਸ਼ਤੀ ਦੰਗਲ ਦੇ ਮੁੱਖ ਪ੍ਰਬੰਧਕ ਪ੍ਰਧਾਨ ਗੁਰਵਿੰਦਰ ਸਿੰਘ ਬੱਬੂ ਸਰਪੰਚ, ਮਨਪ੍ਰੀਤ ਸਿੰਘ ਮੰਨਾ ਉੱਪ ਪ੍ਰਧਾਨ, ਜਸਪ੍ਰੀਤ ਸਿੰਘ ਖਜਾਨਚੀ, ਗੁਰਪ੍ਰੀਤ ਸਿੰਘ ਸਿੰਪਾ ਚੇਅਰਮੈਨ, ਕੁਲਦੀਪ ਸਿੰਘ ਮੰਗਾ, ਅਮਨਦੀਪ ਸਿੰਘ, ਕੁਲਦੀਪ ਸਿੰਘ , ਨਵਜੋਤ ਸਿੰਘ ਨਵੀ, ਮਲਕੀਤ ਸਿੰਘ ਨਾਗਰਾ, ਗੁਰਵਿੰਦਰ ਸਿੰਘ, ਸਿਮਰਨਜੀਤ ਸਿੰਘ, ਗੁਰਜੀਤ ਸਿੰਘ, ਜਸਪਾਲ ਸਿੰਘ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਅਮਨਿੰਦਰ ਸਿੰਘ, ਜਸਵਿੰਦਰ ਸਿੰਘ ਜੱਸਾ, ਹਰਮਨ, ਰਾਜਵੀਰ ਰਾਜੀ, ਗਗਨਦੀਪ ਸਿੰਘ ਢਿੱਲੋਂ, ਲਵਪ੍ਰੀਤ ਕੁਮਾਰ, ਲਖਬੀਰ ਸਿੰਘ,ਗੋਰਾ ਹਰਚੰਦ ਸਿੰਘ, ਜਤਿੰਦਰ ਸਿੰਘ ਢਿੱਲੋਂ, ਗੁਰਦੀਪ ਸਿੰਘ, ਸਤਵਿੰਦਰ ਸਿੰਘ ਬੱਲ, ਹਰਵਿੰਦਰ ਸਿੰਘ, ਤਰਨਵੀਰ ਸਿੰਘ, ਮਲਕੀਤ ਸਿੰਘ, ਗੁਰਮੀਤ ਸਿੰਘ ਪੰਚ, ਰਣਜੀਤ ਸਿੰਘ ਪੰਚ, ਰੁਪਿੰਦਰਜੀਤ ਸਿੰਘ ਢੀਂਡਸਾ ਪੰਚ, ਮਨਪ੍ਰੀਤ ਸਿੰਘ ਪੰਚ ਸਿਮਰਨਜੀਤ ਸਿੰਘ, ਆਦਿ ਤੋਂ ਇਲਾਵਾ ਨੌਜਵਾਨ ਸਭਾ ਦੇ ਮੈਂਬਰਾਂ ਦਾ ਵਿਸ਼ੇਸ਼ ਯੋਗ ਹੈ।

# ਪ੍ਰਿਤਪਾਲ ਫਗਵਾੜਾ ਨੇ ਜਿੱਤੀ ਬੂਥਗੜ੍ਹ ਦੰਗਲ ਵਿੱਚ ਝੰਡੀ, ਕੈਬਨਿਟ ਮੰਤਰੀ ਮੁੰਡੀਆ ਨੇ ਕੀਤੀ ਮੁੱਖ ਮਹਿਮਾਨ ਵਜੋਂ ਸ਼ਿਰਕਤ



**ਮਾਛੀਵਾੜਾ ਸਾਹਿਬ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮਾਛੀਵਾੜਾ ਸਾਹਿਬ ਨਜ਼ਦੀਕ ਹਲਕਾ ਸਾਹਨੇਵਾਲ ਅਧੀਨ ਆਉਂਦੇ ਪਿੰਡ ਬੂਥਗੜ੍ਹ ਜੱਟਾਂ ਵਿਖੇ ਧੰਨ ਧੰਨ ਗੁੱਗਾ ਜਾਹਰ ਪੀਰ ਦੀ ਯਾਦ ਵਿੱਚ ਸਲਾਨਾ ਚੌਥਾ ਦੰਗਲ ਮੇਲਾ ਕਰਵਾਇਆ ਗਿਆ। ਗੁੱਗਾ ਜਾਹਰ ਪੀਰ ਪ੍ਰਬੰਧਕ ਕਮੇਟੀ ਬੂਥਗੜ੍ਹ ਜੱਟਾਂ ਦੇ ਪ੍ਰਧਾਨ ਪੰਚ ਪਰਮਜੀਤ ਸਿੰਘ ਤੇ ਸਰਪੰਚ ਮਨਜੋਤ ਸਿੰਘ ਮਨੀ ਮਾਂਗਟ ਨੇ ਦੱਸਿਆ ਕਿ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਇਲਾਕਾ ਨਿਵਾਸੀ ਤੇ ਐਨ.ਆਰ. ਆਈ. ਵੀਰਾਂ ਦੇ ਸਹਿਯੋਗ ਨਾਲ ਕਰਵਾਏ ਜਾ ਗਏ ਇਸ ਚੌਥੇ ਵਿਸ਼ਾਲ ਦੰਗਲ ਮੇਲੇ ਵਿੱਚ ਕੈਬਨਟ ਮੰਤਰੀ ਹਰਦੀਪ ਸਿੰਘ ਮੁੰਡੀਆ, ਚੇਅਰਮੈਨ ਜ਼ੋਰਾਵਰ ਸਿੰਘ, ਸਰਪੰਚ ਸੁਖਵਿੰਦਰ ਸਿੰਘ ਬਾਜਵਾ ਜੌਨੇਵਾਲ ਅਤੇ ਸਮੁੱਚੀ ਟੀਮ ਸਮੇਤ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਕੈਬਨਿਟ ਮੰਤਰੀ ਮੁੰਡਿਆਂ ਨੇ ਖੇਡ ਪ੍ਰੇਮੀ ਦਰਸ਼ਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ, ਖਿਡਾਰੀਆਂ ਅਤੇ ਖੇਡ ਗਰਾਊਂਡਾਂ ਲਈ ਹਰ ਸੰਭਵ ਸ਼ਲਾਘਾਯੋਗ ਕੰਮ ਕਰ ਰਹੀ ਹੈ, ਉਹਨਾਂ ਦੱਸਿਆ ਕਿ ਆਪਣੇ ਹਲਕੇ ਦੇ ਬਹੁਤੇ ਪਿੰਡਾਂ ਵਿੱਚ ਖੇਡ ਸਟੇਡੀਅਮ ਬਣ ਚੁੱਕੇ ਹਨ ਤਾਂ ਜੋ ਨੌਜਵਾਨ ਨਸ਼ਿਆਂ ਦੀ ਵਗਦੇ ਛੇਵੇਂ ਦਰਿਆ ਤੋਂ ਬਚ ਸਕਣ ਅਤੇ ਖੇਡ ਗਰਾਊਂਡਾਂ ਨਾਲ ਜੁੜ ਕੇ ਪੰਜਾਬ ਦੀ ਜਵਾਨੀ ਨੂੰ ਸਾਂਭ ਸਕਣ। ਉਹਨਾਂ ਪਿੰਡ ਦੀ ਪੰਚਾਇਤ ਦੀ ਮੰਗ ਤੇ ਸ਼ਮਸ਼ਾਨਘਾਟ ਅਤੇ ਪਿੰਡ ਦੇ ਹੋਰ ਵਿਕਾਸ ਕਾਰਜਾਂ ਲਈ ਗ੍ਰਾਂਟ ਦੇਣ ਦਾ ਐਲਾਨ ਵੀ ਕੀਤਾ।

ਉਹਨਾਂ ਹਲਕੇ ਵਿੱਚ ਕੀਤੇ ਗਏ ਵਿਕਾਸ ਕਾਰਜਾਂ ,ਸੜਕਾਂ ਦੇ ਨਿਰਮਾਣ ਕਾਰਜਾਂ ,ਖੇਡ ਗਰਾਊਂਡ ਅਤੇ ਹੋਰ ਸਰਕਾਰ ਵੱਲੋਂ ਦਿੱਤੀਆਂ ਸਹੂਲਤਾਂ ਦਾ ਵੀ ਜ਼ਿਕਰ ਕੀਤਾ। ਬੁਲਟ ਮੋਟਰਸਾਈਕਲ ਇਨਾਮੀ ਝੰਡੀ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਤੇ ਧਰਮਿੰਦਰ ਕੁਹਾਲੀ ਵਿਚਕਾਰ ਕਰਵਾਈ ਗਈ , ਕਰੀਬ 20 ਮਿੰਟ ਖੁੱਲ੍ਹੀ ਕੁਸ਼ਤੀ ਦੇ ਸਮੇਂ ਦੌਰਾਨ ਦੋਨੋਂ ਪਹਿਲਵਾਨ ਇੱਕ ਦੂਜੇ ਨੂੰ ਚਿੱਤ ਨਾ ਕਰ ਸਕੇ ਅਖੀਰ ਪ੍ਰਬੰਧਕਾਂ ਵੱਲੋਂ ਪੁਆਇੰਟ ਤੇ ਕੁਸ਼ਤੀ ਕਰਵਾਈ ਗਈ , ਜਿਸ ਵਿੱਚ ਪ੍ਰਿਤਪਾਲ ਫਗਵਾੜਾ ਨੇ ਪਹਿਲਾਂ ਪੁਆਇੰਟ ਬਣਾਉਂਦਿਆਂ ਧਰਮਿੰਦਰ ਕੋਹਾਲੀ ਨੂੰ ਚਿੱਤ ਕਰਕੇ ਬੁਲਟ ਮੋਟਰਸਾਈਕਲ ਇਨਾਮ ਆਪਣੇ ਨਾਂ ਕੀਤਾ। ਦੋ ਨੰਬਰ ਝੰਡੀ ਦੀ ਕੁਸ਼ਤੀ ਤਾਜ ਰੁੜਕੀ ਅਤੇ ਗਣੇਸ਼ ਅਖਾੜਾ ਮਾਮੂਪੁਰ ਮਹਾਰਾਸਟਰਾ ਵਿਚਕਾਰ ਕਰਵਾਈ ਗਈ ,ਜਿਸ ਵਿੱਚ ਤਾਜ ਰੁੜਕੀ ਨੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ।ਇਸ ਤੋਂ ਇਲਾਵਾ ਸਪੈਸ਼ਲ ਕੁਸ਼ਤੀਆਂ ਵਿੱਚ ਲਾਲੀ ਮੰਡ ਚੌਂਤਾ ਨੇ ਜਤਿਨ ਨੂੰ ਹਰਾਕੇ ਜਿੱਤ ਪ੍ਰਾਪਤ ਕੀਤੀ। ਝੰਡੀ ਦੀ ਕੁਸ਼ਤੀ ਲਈ ਬੁਲਟ ਮੋਟਰਸਾਈਕਲ ਦੀ ਸੇਵਾ ਰਾਜ ਕੁਮਾਰ ਸਪੇਨ ਪੁੱਤਰ ਰਤਨਾ ਰਾਮ ਤੇ ਸਮੂਹ ਬੰਗੜ ਪਰਿਵਾਰ ਵੱਲੋਂ ਕੀਤੀ ਗਈ। ਪ੍ਰਬੰਧਕਾਂ ਵੱਲੋਂ ਇੱਕ ਨੰਬਰ ਝੰਡੀ ਦੀ ਕੁਸ਼ਤੀ ਦੇ ਜੇਤੂ ਨੂੰ ਮੋਟਰਸਾਈਕਲ ਅਤੇ ਹੋਰ ਪਹਿਲਵਾਨਾਂ ਨੂੰ ਲੱਖਾਂ ਰੁਪਏ ਨਗਦ ਇਨਾਮ ਦੇ ਕੇ ਨਿਵਾਜਿਆ ਗਿਆ। ਇਸ ਮੌਕੇ ਸਟੇਜ ਸੰਚਾਲਨ ਹਰਪ੍ਰੀਤ ਸਿੰਘ ਪ੍ਰੀਤ ਜੌਨੇਵਾਲ ਆਪਣੇ ਸਾਇਰਾਨਾਂ ਅੰਦਾਜ਼ ਨਾਲ ਬਾਖੂਬੀ ਨਿਭਾਇਆ। ਅਖਾੜੇ ਵਿੱਚ ਕੁਮੈਂਟਰੀ ਭੁੱਲਰ ਕੁਤਲੇਵਾਲ ਤੇ ਮਨੀ ਜੀਵਨਪੁਰ ਨੇ ਕੀਤੀ।ਮੇਲੇ ਦੀ ਸਫਲਤਾ ਤੇ ਸਰਪੰਚ ਮਨਜੋਤ ਸਿੰਘ ਨੇ ਸਮੂਹ ਐਨ.ਆਰ.ਆਈ.ਵੀਰਾਂ, ਪਿੰਡ ਵਾਸੀਆਂ,ਗ੍ਰਾਮ ਪੰਚਾਇਤ, ਪ੍ਰਬੰਧਕ ਕਮੇਟੀ ਅਤੇ ਸਹਿਯੋਗੀ ਸੱਜਣਾਂ ਦਾ ਧੰਨਵਾਦ ਪ੍ਰਗਟ ਕੀਤਾ। ਇਸ ਦੰਗਲ ਮੇਲੇ ਨੂੰ ਸਫਲ ਬਣਾਉਣ ਲਈ ਸਰਪੰਚ ਮਨਜੋਤ ਸਿੰਘ ਮਨੀ ਮਾਂਗਟ , ਗੀਤਕਾਰ ਸਰਪੰਚ ਅਨਿਲ ਫਤਿਹਗੜ੍ਹ ਜੱਟਾਂ, ਗੁੱਗਾ ਮੈੜੀ ਮੁੱਖ ਸੇਵਾਦਾਰ ਪ੍ਰਧਾਨ ਗੁੱਗਾ ਮੈੜੀ ਪਰਮਜੀਤ ਸਿੰਘ ਪੰਮ, ਸੁਨੀਲ ਕੁਮਾਰ, ਪੰਚ ਗੁਰਜੀਤ ਸਿੰਘ, ਪੰਚ ਹੁਸਨ ਲਾਲ, ਪੰਚ ਅਸ਼ੋਕ ਕੁਮਾਰ, ਪਰਮਜੀਤ ਸਿੰਘ, ਬਲਵਿੰਦਰ ਰਾਮ, ਨੰਬਰਦਾਰ ਸੱਤਪਾਲ, ਹਰਜਿੰਦਰ ਸਿੰਘ ਆਸਟਰੇਲੀਆ,ਰਤਨਾ ਰਾਮ ਬੰਗੜ ਪਰਿਵਾਰ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਦੰਗਲ ਮੇਲੇ ਦਾ ਲਾਈਵ ਪ੍ਰਸਾਰਨ ਪ੍ਰਸਿੱਧ ਚੈਨਲ ਪਿਓਰ ਪੰਜਾਬੀ ਤੇ ਲੱਕੀ ਜੌਨੇਵਾਲ , ਰਾਜੂ ਜੌਨੇਵਾਲ ਤੇ ਮਾਸਟਰ ਸਤੀਸ਼ ਕੁਮਾਰ ਦੀ ਟੀਮ ਵੱਲੋਂ ਦਿਖਾਇਆ ਗਿਆ,ਜਿਸ ਨੂੰ ਦੇਸ਼ ਵਿਦੇਸ਼ ਵਿੱਚ ਬੈਠੇ ਐੱਨ.ਆਰ.ਆਈ.ਵੀਰਾਂ ਨੇ ਅਨੰਦ ਮਾਣਿਆ।ਸਮੁੱਚੀ ਪ੍ਰਬੰਧਕ ਟੀਮ ਵੱਲੋਂ ਦੂਜੇ ਮੁੱਖ ਮਹਿਮਾਨ ਦਾਨੀ ਸਹਿਯੋਗੀ ਸੱਜਣਾਂ ਅਤੇ ਪਹਿਲਵਾਨਾਂ ਨੂੰ ਸਨਮਾਨ ਚਿੰਨ੍ਹ ਦੇਕੇ ਸਨਮਾਨਿਤ ਕੀਤਾ ਗਿਆ॥

# ਪੰਜਾਬ ਵਿਧਾਨ ਸਪੀਕਰ ਨੇ ਐਸ.ਏ.ਐਸ. ਨਗਰ ਵਿਖੇ ਇਨਾਮ ਵੰਡ ਸਮਾਰੋਹ ਦੌਰਾਨ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

**ਚੰਡੀਗੜ੍ਹ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਜ ਗੁਰੂ ਨਾਨਕ ਦੇਵ ਬੀ.ਐੱਡ. ਕਾਲਜ, ਮਜਾਤੜੀ, ਜ਼ਿਲ੍ਹਾ ਐਸ.ਏ.ਐਸ. ਨਗਰ ਵਿਖੇ ਹੋਏ ਇਨਾਮ ਵੰਡ ਸਮਾਰੋਹ ਦੌਰਾਨ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਹ ਸਮਾਗਮ ਸਮਾਜ ਸੇਵੀ ਸੰਸਥਾ 'ਇਨਸਾਨੀਅਤ' ਵੱਲੋਂ ਸਥਾਨਕ ਸਕੂਲਾਂ ਦੇ ਵੱਧ ਅੰਕ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਕਰਵਾਇਆ ਗਿਆ ਸੀ। ਇਸਦਾ ਮੁੱਖ ਉਦੇਸ਼ ਖੇਤਰ ਵਿੱਚ ਉਚੇਰੀ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਸੀ। ਸਮਾਗਮ ਦੌਰਾਨ ਸਪੀਕਰ ਨੇ ਸੰਸਥਾ ਦੀ ਨਵੀਂ ਬਣਨ ਵਾਲੀ ਇਮਾਰਤ ਦੇ ਮਾਡਲ ਦਾ ਵੀ ਉਦਘਾਟਨ ਕੀਤਾ। ਇਸ ਦੌਰਾਨ ਪੰਜਾਬ ਐਸ.ਸੀ. ਕਮਿਸ਼ਨ ਦੇ ਸਾਬਕਾ ਚੇਅਰਮੈਨ, ਜਸਵੀਰ ਸਿੰਘ ਗੜ੍ਹੀ ਨੇ ਵੀ ਮੌਜੂਦ ਰਹੇ। ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕਰਦਿਆਂ ਸ. ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ ਦੀਆਂ ਅਕਾਦਮਿਕ ਪ੍ਰਾਪਤੀਆਂ ਦੀ ਬਹੁਤ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੂੰ ਸਮਰਪਣ ਅਤੇ ਤਨਦੇਹੀ ਨਾਲ ਅੱਗੇ ਵਧਣ ਲਈ ਪ੍ਰੇਰਿਆ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਜੀਵਨ ਵਿੱਚ ਸਿਵਲ ਸੇਵਾ ਪ੍ਰੀਖਿਆਵਾਂ, ਪੇਸ਼ੇਵਰ ਕੋਰਸਾਂ ਆਦਿ ਵੱਡੇ ਟੀਚੇ ਨਿਰਧਾਰਤ ਕਰਨ ਅਤੇ ਆਪਣੇ ਕਰੀਅਰ ਵਿੱਚ ਉੱਚ ਸਥਾਨ ਪ੍ਰਾਪਤ ਕਰਨ ਲਈ ਦ੍ਰਿੜਤਾ ਨਾਲ ਯਤਨ ਕਰਨ ਲਈ ਕਿਹਾ। ਉਨ੍ਹਾਂ ਨੇ ਹੋਣਹਾਰ ਵਿਦਿਆਰਥੀਆਂ ਨੂੰ ਇਨਾਮ ਵੰਡੇ ਅਤੇ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਨੂੰ ਸਰਾਹਿਆ।

ਇਕੱਠ ਨੂੰ ਸੰਬੋਧਨ ਕਰਦਿਆਂ ਸਪੀਕਰ ਨੇ ਕਿਹਾ ਕਿ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਨੂੰ ਉਤਸ਼ਾਹਿਤ ਕਰਨਾ ਅਤੇ ਉਚੇਰੀ ਸਿੱਖਿਆ ਲਈ ਨਿਰਵਿਘਨ ਮੌਕੇ ਪੈਦਾ ਕਰਨਾ ਸਮਾਜ ਦੀ ਸਮੂਹਿਕ ਜ਼ਿੰਮੇਵਾਰੀ ਹੈ।

# 10 ਦਿਨਾਂ ਮਹਾਂ-ਸਫਾਈ ਅਭਿਆਨ' ਤੋਂ ਅੱਗੇ ਵੀ ਮਲੇਰਕੋਟਲਾ 'ਚ ਸਫਾਈ ਦੀ ਮੁਹਿੰਮ ਜਾਰੀ; 11ਵੇਂ ਦਿਨ ਕੋਰਟ ਕੰਪਲੈਕਸ ਤੋਂ ਪੁਰਾਣਾ ਕਿਲਾ ਤੱਕ ਸੜਕਾਂ ਦੀ ਸਫਾਈ

**ਮਲੇਰਕੋਟਲਾ, 9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ '10 ਦਿਨਾਂ ਮਹਾਂ-ਸਫਾਈ ਅਭਿਆਨ' ਦੀ ਭਾਵਨਾ ਨੂੰ ਅੱਗੇ ਤੋਰਦਿਆਂ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀਆਂ ਹਦਾਇਤਾਂ ਤਹਿਤ ਨਗਰ ਕੌਂਸਲ ਮਲੇਰਕੋਟਲਾ ਵੱਲੋਂ 11ਵੇਂ ਦਿਨ ਵੀ ਸ਼ਹਿਰ ਵਿੱਚ ਸਫਾਈ ਕਾਰਜ ਲਗਾਤਾਰ ਜਾਰੀ ਰੱਖੇ ਗਏ। ਇਸ ਦੌਰਾਨ ਜੁਡੀਸ਼ੀਅਲ ਕੋਰਟ ਕੰਪਲੈਕਸ ਤੋਂ ਪੁਰਾਣਾ ਕਿਲਾ ਤੱਕ ਦੀਆਂ ਸੜਕਾਂ ਅਤੇ ਆਲੇ-ਦੁਆਲੇ ਦੇ ਖੇਤਰਾਂ ਦੀ ਵਿਸ਼ੇਸ਼ ਸਫਾਈ ਕਰਵਾਈ ਗਈ।

ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੈ ਕਿ ਮਹਾਂ-ਸਫਾਈ ਅਭਿਆਨ ਦੌਰਾਨ ਪੈਦਾ ਹੋਈ ਸਫਾਈ ਪ੍ਰਤੀ ਜਾਗਰੂਕਤਾ ਅਤੇ ਸਰਗਰਮੀ ਨੂੰ ਅੱਗੇ ਵੀ ਇਸੇ ਤਰ੍ਹਾਂ ਕਾਇਮ ਰੱਖਿਆ ਜਾਵੇ।

ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਸ਼ਹਿਰ ਸਿਰਫ਼ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਨਹੀਂ, ਸਗੋਂ ਨਾਗਰਿਕਾਂ ਦੀ ਸਾਂਝੀ ਭਾਗੀਦਾਰੀ ਨਾਲ ਹੀ ਸਫਾਈ ਨੂੰ ਸਥਾਈ ਰੂਪ ਦਿੱਤਾ ਜਾ ਸਕਦਾ ਹੈ।

ਇਸ ਸਬੰਧੀ ਕਾਰਜ ਸਾਧਕ ਅਫ਼ਸਰ ਚੰਦਰ ਪ੍ਰਕਾਸ਼ ਵਧਵਾ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਦੀਆਂ ਹਦਾਇਤਾਂ ਅਨੁਸਾਰ ਸ਼ਹਿਰ ਵਿੱਚ ਸਫਾਈ ਕਾਰਜਾਂ ਦੀ ਨਿਰੰਤਰਤਾ ਯਕੀਨੀ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਫਾਈ ਕਿਸੇ ਇੱਕ ਦਿਨ ਜਾਂ ਵਿਸ਼ੇਸ਼ ਅਭਿਆਨ ਨਾਲ ਖ਼ਤਮ ਹੋਣ ਵਾਲਾ ਕਾਰਜ ਨਹੀਂ, ਸਗੋਂ ਰੋਜ਼ਾਨਾ ਜੀਵਨ ਦਾ ਅਨਿੱਖੜਵਾਂ ਹਿੱਸਾ ਹੈ। ਇਸੇ ਸੋਚ ਨਾਲ ਨਗਰ ਕੌਂਸਲ ਵੱਲੋਂ ਸਫਾਈ ਕਾਰਜ ਲਗਾਤਾਰ ਜਾਰੀ ਰੱਖੇ ਜਾਣਗੇ।

ਉਨ੍ਹਾਂ ਸ਼ਹਿਰ ਵਾਸੀਆਂ ਅਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ, ਦੁਕਾਨਾਂ ਅਤੇ ਆਲੇ-ਦੁਆਲੇ ਸਫਾਈ ਰੱਖਣ ਦੇ ਨਾਲ ਕੂੜੇ ਦੀ ਵੱਖ-ਵੱਖ ਸੰਭਾਲ ਲਈ ਚਾਰ ਪ੍ਰਕਾਰ ਦੇ ਡਸਟਬਿਨ ਰੱਖਣ ਅਤੇ ਕੂੜਾ ਸੜਕਾਂ ਜਾਂ ਹੋਰ ਜਨਤਕ ਥਾਵਾਂ 'ਤੇ ਨਾ ਸੁੱਟਣ। ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀਆਂ ਦੀ ਮਿਹਨਤ ਨੂੰ ਸਾਰਥਕ ਬਣਾਉਣ ਲਈ ਹਰੇਕ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

ਵਧਵਾ ਨੇ ਕਿਹਾ ਕਿ ਨਗਰ ਕੌਂਸਲ ਦਾ ਉਦੇਸ਼ ਸਫਾਈ ਨੂੰ ਮੁਹਿੰਮ ਤੋਂ ਅੱਗੇ ਲਿਜਾ ਕੇ ਲੋਕ-ਚੇਤਨਾ ਅਤੇ ਰੋਜ਼ਾਨਾ ਵਿਹਾਰ ਦਾ ਹਿੱਸਾ ਬਣਾਉਣਾ ਹੈ।ਇਸ ਮੌਕੇ ਨਗਰ ਕੌਂਸਲ ਦੇ ਅਧਿਕਾਰੀ-ਕਰਮਚਾਰੀ, ਸਵੱਛ ਭਾਰਤ ਮਿਸ਼ਨ ਦੀ ਟੀਮ ਅਤੇ ਪੈਸਕੋ ਸੁਪਰਵਾਈਜ਼ਰ ਹਾਜ਼ਰ ਸਨ।

# ਸੜਕ ਦੀ ਮਾੜੀ ਹਾਲਤ ਸਬੰਧੀ ਲੋਕਾਂ ਵੱਲੋਂ ਕਈ ਵਾਰ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ

**ਸਨੌਰ,9 ਸਤੰਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪ੍ਰੋਫੈਸਰ ਕਲੋਨੀ ਮੇਨ ਗੇਟ ਨੇੜੇ ਮਹਿਤਾ ਪੈਟਰੋਲ ਪੰਪ ਵਾਲੀ ਸੜਕ ਦੀ ਖਸਤਾ ਹਾਲਤ ਬਾਰੇ ਪ੍ਰਸ਼ਾਸ਼ਨ ਤੱਕ ਕਈ ਵਾਰ ਧਿਆਨ ਚ ਲਿਆਂਦਾ ਗਿਆ ਅਤੇ ਉਸਦੀ ਕਾਰਵਾਈ ਨਹੀਂ ਕੀਤੀ ਗਈ ਅਤੇ ਫ਼ਿਰ ਹਲਕਾ ਸਨੌਰ ਨਾਲ ਸਬੰਧਿਤ ਕਈ ਪ੍ਰਮੁੱਖ ਸ਼ਖਸ਼ੀਅਤਾ ਵੱਲੋਂ ਧਰਨੇ ਲਗਾਇਆ ਗਿਆ ਇਸ ਧਰਨੇ ਦੌਰਾਨ ਕਰੀਬ 50 ਵਿਅਕਤੀਆਂ 'ਤੇ ਦਰਜ ਕੀਤੇ ਇਸ ਮਾਮਲੇ ਸਬੰਧੀ ਪੰਜਾਬ ਪ੍ਰਾਪਰਟੀ ਡੀਲਰਜ਼ ਐਸੋਸੀਏਸ਼ਨ ਪਟਿਆਲਾ ਦੇ ਪ੍ਰਧਾਨ, ਹਲਕਾ ਸਨੌਰ ਤੋਂ ਸੀਨੀਅਰ ਆਗੂ ਤੇ ਸਮਾਜ ਸੇਵੀ ਰਾਜ ਕੁਮਾਰ ਰਾਣਾ ਨੇ ਅੱਜ ਸਿਹਤ ਮੰਤਰੀ ਨਾਲ ਮੁਲਾਕਾਤ ਕਰਕੇ ਸਭ ਤੋਂ ਪਹਿਲਾਂ ਦਰਜ ਕੀਤੇ ਪਰਚੇ ਨੂੰ ਰੱਦ ਕਰਨ ਦੀ ਮੰਗ ਰੱਖੀ। ਓਹਨਾ ਦੱਸਿਆ ਕਿ ਸੜਕ ਦੀ ਮਾੜੀ ਹਾਲਤ ਸਬੰਧੀ ਲੋਕਾਂ ਵੱਲੋਂ ਕਈ ਵਾਰ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਗਿਆ, ਪਰ ਕੋਈ ਠੋਸ ਕਾਰਵਾਈ ਨਹੀਂ ਹੋਈ।



# ਹਰਿਆਣਾ ਖ਼ਬਰਨਾਮਾ



## ਹਰਿਆਣਾ ਅਤੇ ਆਸਟ੍ਰੇਲੀਆ ਵਿਚਕਾਰ ਸਿੱਖਿਆ, ਹੁਨਰ, ਇਨੋਵੇਸ਼ਨ ਅਤੇ ਨਿਵੇਸ਼ ਦੇ ਖੇਤਰ ਵਿੱਚ ਸਹਿਯੋਗ ਦੀਆਂ ਵਿਆਪਕ ਸੰਭਾਵਨਾਵਾਂ : ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 9 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਬੁੱਧਵਾਰ ਨੂੰ ਚੰਡੀਗੜ੍ਹ ਵਿੱਚ ਭਾਰਤ ਵਿੱਚ ਆਸਟ੍ਰੇਲੀਆ ਦੇ ਹਾਈ ਕਮਿਸ਼ਨਰ ਸ੍ਰੀ ਫਿਲਿਪ ਗ੍ਰੀਨ ਦੀ ਅਗਵਾਈ ਹੇਠ ਆਏ ਵਫ਼ਦ ਨਾਲ ਅਹਿਮ ਬੈਠਕ ਹੋਈ। ਬੈਠਕ ਵਿੱਚ ਹਰਿਆਣਾ ਅਤੇ ਆਸਟ੍ਰੇਲੀਆ ਵਿਚਕਾਰ ਸਿੱਖਿਆ, ਉੱਚ ਸਿੱਖਿਆ, ਹੁਨਰ ਵਿਕਾਸ (ਸਕਿੱਲ ਡਿਵੈਲਪਮੈਂਟ), ਨਵ-ਪ੍ਰਵਰਤਨ (ਇਨੋਵੇਸ਼ਨ), ਖੇਤੀਬਾੜੀ, ਗ੍ਰੀਨ ਐਨਰਜੀ, ਖੇਡਾਂ, ਸੈਰ-ਸਪਾਟਾ, ਨਿਵੇਸ਼ ਅਤੇ ਨੌਜਵਾਨਾਂ ਨੂੰ ਗਲੋਬਲ ਮੌਕੇ ਉਪਲਬਧ ਕਰਵਾਉਣ ਸਮੇਤ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਵਧਾਉਣ ਬਾਰੇ ਵਿਸਤਾਰ ਨਾਲ ਚਰਚਾ ਕੀਤੀ ਗਈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਮਜ਼ਬੂਤ ਅਤੇ ਵਿਆਪਕ ਰਣਨੀਤਕ ਭਾਈਵਾਲੀ ਹੈ। ਦੋਵਾਂ ਦੇਸ਼ਾਂ ਵਿਚਕਾਰ ਵਪਾਰ, ਸਿੱਖਿਆ, ਤਕਨੀਕ, ਇਨੋਵੇਸ਼ਨ, ਹੁਨਰ ਵਿਕਾਸ ਅਤੇ ਲੋਕਾਂ ਵਿਚਕਾਰ ਆਪਸੀ ਸੰਪਰਕ ਲਗਾਤਾਰ ਵਧ ਰਿਹਾ ਹੈ। ਅਜਿਹੇ ਵਿੱਚ ਹਰਿਆਣਾ ਲਈ ਆਸਟ੍ਰੇਲੀਆ ਨਾਲ ਰਾਜ ਪੱਧਰ 'ਤੇ ਸਹਿਯੋਗ ਨੂੰ ਹੋਰ ਮਜ਼ਬੂਤ ਕਰਨ ਦੀਆਂ ਵਿਆਪਕ ਸੰਭਾਵਨਾਵਾਂ ਹਨ। ਉਨ੍ਹਾਂ ਕਿਹਾ ਕਿ ਭਾਰਤ ਅਤੇ ਆਸਟ੍ਰੇਲੀਆ ਵਿਚਕਾਰ ਮਜ਼ਬੂਤ ਹੋ ਰਹੇ ਸਬੰਧਾਂ ਦਾ ਲਾਭ ਹਰਿਆਣਾ ਦੇ ਨੌਜਵਾਨਾਂ, ਵਿਦਿਆਰਥੀਆਂ, ਕਿਸਾਨਾਂ, ਉੱਦਮੀਆਂ ਅਤੇ ਉਦਯੋਗਾਂ ਤੱਕ ਪਹੁੰਚਾਉਣਾ ਰਾਜ ਸਰਕਾਰ ਦੀ ਤਰਜੀਹ ਹੈ। ਸਿੱਖਿਆ, ਹੁਨਰ, ਖੋਜ, ਇਨੋਵੇਸ਼ਨ ਅਤੇ ਨਵੀਆਂ ਤਕਨੀਕਾਂ ਦੇ ਖੇਤਰ ਵਿੱਚ ਸਹਿਯੋਗ ਨਾਲ ਹਰਿਆਣਾ ਦੇ ਵਿਕਾਸ ਨੂੰ ਨਵੀਂ ਗਤੀ ਦਿੱਤੀ ਜਾ ਸਕਦੀ ਹੈ।

ਮੀਟਿੰਗ ਵਿੱਚ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਸ੍ਰੀ ਅਜੈ ਕੁਮਾਰ, ਵਿਦੇਸ਼ ਸਹਿਯੋਗ ਵਿਭਾਗ ਵਿੱਚ ਮੁੱਖ ਮੰਤਰੀ ਦੇ ਸਲਾਹਕਾਰ ਸ੍ਰੀ ਪਵਨ ਚੌਧਰੀ, ਵਿਦੇਸ਼ ਸਹਿਯੋਗ ਵਿਭਾਗ ਦੀ ਸੰਯੁਕਤ ਡਾਇਰੈਕਟਰ ਸ਼੍ਰੀਮਤੀ ਹੀਨਾ ਬਿੰਦਲਿਸ਼ ਸਮੇਤ ਆਸਟ੍ਰੇਲੀਆ-ਇੰਡੀਆ ਬਿਜ਼ਨਸ ਕੌਂਸਲ ਨਾਲ ਜੁੜੇ ਪ੍ਰਤੀਨਿਧੀ ਅਤੇ ਵਫ਼ਦ ਦੇ ਹੋਰ ਮੈਂਬਰ ਮੌਜੂਦ ਸਨ। ਇਸ ਦੌਰਾਨ ਹਰਿਆਣਾ ਅਤੇ ਆਸਟ੍ਰੇਲੀਆ ਵਿਚਕਾਰ ਵਪਾਰ ਅਤੇ ਨਿਵੇਸ਼ ਨੂੰ ਹੁਣ ਦੇਣ ਅਤੇ ਦੋਵਾਂ ਧਿਰਾਂ ਵਿਚਕਾਰ ਬਿਜ਼ਨਸ-ਟੂ-ਬਿਜ਼ਨਸ ਸਹਿਯੋਗ ਨੂੰ ਹੋਰ ਵੱਧ ਮਜ਼ਬੂਤ ਕਰਨ ਦੇ ਸੰਬੰਧ ਵਿੱਚ ਵੀ ਵਿਸਤ੍ਰਿਤ ਵਿਚਾਰ-ਵਾਂਦਰਾ ਕੀਤਾ ਗਿਆ।

ਬੈਠਕ ਵਿੱਚ ਹਰਿਆਣਾ ਦੀਆਂ ਯੂਨੀਵਰਸਿਟੀਆਂ ਅਤੇ ਆਸਟ੍ਰੇਲੀਆ ਦੀਆਂ ਪ੍ਰਮੁੱਖ ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਵਿਚਕਾਰ ਸਹਿਯੋਗ ਵਧਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਆਰਟੀਫੀਸ਼ੀਅਲ ਇੰਟੈਲੀਜੈਂਸ, ਸਾਈਬਰ ਸੁਰੱਖਿਆ, ਖੇਤੀਬਾੜੀ, ਇੰਜੀਨੀਅਰਿੰਗ, ਕਲੀਨ ਐਨਰਜੀ ਅਤੇ ਪਬਲਿਕ ਪਾਲਿਸੀ ਵਰਗੇ ਖੇਤਰਾਂ ਵਿੱਚ ਸਾਂਝੀ ਖੋਜ, ਵਿਦਿਆਰਥੀ ਅਤੇ ਫੈਕਲਟੀ ਐਕਸਚੇਂਜ ਅਤੇ ਸਾਂਝੇ ਵਿਦਿਅਕ ਪ੍ਰੋਗਰਾਮ ਸ਼ੁਰੂ ਕਰਨ ਦੀਆਂ ਸੰਭਾਵਨਾਵਾਂ 'ਤੇ ਚਰਚਾ ਹੋਈ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਉੱਚ ਸਿੱਖਿਆ, ਤਕਨੀਕੀ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਤੇਜ਼ੀ ਨਾਲ ਵਿਸਤਾਰ ਹੋ ਰਿਹਾ ਹੈ। ਆਸਟ੍ਰੇਲੀਆ ਦੀਆਂ ਯੂਨੀਵਰਸਿਟੀਆਂ ਅਤੇ ਖੋਜ ਸੰਸਥਾਵਾਂ ਦੀ ਮੁਹਾਰਤ ਦਾ ਲਾਭ ਲੈ ਕੇ ਹਰਿਆਣਾ ਵਿੱਚ ਇਨੋਵੇਸ਼ਨ, ਖੋਜ ਅਤੇ ਇੰਡਸਟਰੀ-ਐਕਾਡਮੀਆ ਭਾਈਵਾਲੀ ਨੂੰ ਹੋਰ ਮਜ਼ਬੂਤ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਹਰਿਆਣਾ ਵਿੱਚ ਸੈਂਟਰ ਆਫ਼ ਐਕਸੀਲੈਂਸ, ਖੋਜ ਅਤੇ ਇਨੋਵੇਸ਼ਨ ਹੱਬ ਅਤੇ ਨਵੀਆਂ ਤਕਨੀਕਾਂ ਨਾਲ ਜੁੜੇ ਸਿਖਲਾਈ ਕੇਂਦਰ ਵਿਕਸਿਤ ਕਰਨ ਵਿੱਚ ਆਸਟ੍ਰੇਲੀਆ ਦੇ ਸਹਿਯੋਗ ਦੀਆਂ ਸੰਭਾਵਨਾਵਾਂ 'ਤੇ ਵੀ ਚਰਚਾ ਕੀਤੀ।

ਮੀਟਿੰਗ ਵਿੱਚ ਹਰਿਆਣਾ ਦੇ ਨੌਜਵਾਨਾਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਹੁਨਰ ਪ੍ਰਦਾਨ ਕਰਨ ਅਤੇ ਉਨ੍ਹਾਂ ਨੂੰ ਗਲੋਬਲ ਰੁਜ਼ਗਾਰ ਦੇ ਮੌਕਿਆਂ ਨਾਲ ਜੋੜਨ 'ਤੇ ਵੀ ਵਿਸ਼ੇਸ਼ ਚਰਚਾ ਹੋਈ। ਆਸਟ੍ਰੇਲੀਆ ਦੇ ਤਕਨੀਕੀ ਅਤੇ ਵਪਾਰਕ ਸਿੱਖਿਆ ਸੰਸਥਾਨਾਂ ਅਤੇ ਹਰਿਆਣਾ ਦੇ ਆਈ.ਟੀ.ਆਈ., ਪੌਲੀਟੈਕਨਿਕ ਅਤੇ ਸਕਿੱਲ ਯੂਨੀਵਰਸਿਟੀਆਂ ਵਿਚਕਾਰ ਸਹਿਯੋਗ ਵਧਾਉਣ ਦੀਆਂ ਸੰਭਾਵਨਾਵਾਂ 'ਤੇ ਵਿਚਾਰ ਕੀਤਾ ਗਿਆ। ਦੋਵਾਂ ਧਿਰਾਂ ਨੇ ਉਦਯੋਗ ਦੀਆਂ ਲੋੜਾਂ ਅਨੁਸਾਰ ਹੁਨਰ ਸਿਖਲਾਈ, ਆਧੁਨਿਕ ਪਾਠਕ੍ਰਮ, ਅੰਗਰੇਜ਼ੀ ਭਾਸ਼ਾ ਸਿਖਲਾਈ, ਪ੍ਰਮਾਣੀਕਰਨ ਅਤੇ ਰੁਜ਼ਗਾਰ ਲਈ ਜ਼ਰੂਰੀ ਸਿਖਲਾਈ ਉਪਲਬਧ ਕਰਵਾਉਣ 'ਤੇ ਜ਼ੋਰ ਦਿੱਤਾ।

ਆਸਟ੍ਰੇਲੀਆਈ ਵਫ਼ਦ ਵੱਲੋਂ ਹਰਿਆਣਾ ਦੇ ਨੌਜਵਾਨਾਂ ਲਈ ਆਸਟ੍ਰੇਲੀਆ ਵਿੱਚ ਹੈਲਥਕੇਅਰ, ਕੰਸਟ੍ਰਕਸ਼ਨ, ਐਡਵਾਂਸਡ ਮੈਨੂਫੈਕਚਰਿੰਗ, ਹਾਸਪਿਟੈਲਿਟੀ, ਲੌਜਿਸਟਿਕਸ ਅਤੇ ਆਈ.ਟੀ. ਵਰਗੇ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕਿਆਂ ਅਨੁਸਾਰ ਸਿਖਲਾਈ ਅਤੇ ਹੁਨਰ ਵਿਕਾਸ ਵਿੱਚ ਸਹਿਯੋਗ ਦੀਆਂ ਸੰਭਾਵਨਾਵਾਂ 'ਤੇ ਵੀ ਚਰਚਾ ਕੀਤੀ ਗਈ।

ਬੈਠਕ ਵਿੱਚ ਖੇਤੀਬਾੜੀ ਦੇ ਖੇਤਰ ਵਿੱਚ ਹਰਿਆਣਾ ਅਤੇ ਆਸਟ੍ਰੇਲੀਆ ਦੀ ਮੁਹਾਰਤ ਨੂੰ ਜੋੜਨ 'ਤੇ ਵੀ ਚਰਚਾ ਹੋਈ। f

ਪ੍ਰਸੀਜ਼ਨ ਐਗਰੀਕਲਚਰ, ਪਾਣੀ ਦੀ ਬਚਤ ਵਾਲੀ ਖੇਤੀ, ਕਲਾਈਮੇਟ ਰੇਜ਼ੀਲੀਐਂਟ ਐਗਰੀਕਲਚਰ, ਮਿੱਟੀ ਦੀ ਸਿਹਤ, ਫਾਰਮ ਮੈਕਨਾਈਜ਼ੇਸ਼ਨ, ਡੇਅਰੀ ਟੈਕਨਾਲੋਜੀ, ਫੂਡ ਪ੍ਰੋਸੈਸਿੰਗ, ਕੋਲਡ ਚੇਨ ਅਤੇ ਐਗਰੀ ਇਨੋਵੇਸ਼ਨ ਵਰਗੇ ਖੇਤਰਾਂ ਵਿੱਚ ਸਹਿਯੋਗ ਦੀਆਂ ਸੰਭਾਵਨਾਵਾਂ ਨੂੰ ਉਜਾਗਰ ਕੀਤਾ ਗਿਆ।

ਗ੍ਰੀਨ ਹਾਈਡ੍ਰੋਜਨ, ਸੋਲਰ ਐਨਰਜੀ, ਬੈਟਰੀ ਸਟੋਰੇਜ, ਰ???ਊਏਬਲ ਐਨਰਜੀ, ਵੇਸਟ-ਟੂ-ਐਨਰਜੀ ਅਤੇ ਸਰਕੂਲਰ ਇਕੋਨੋਮੀ ਵਰਗੇ ਖੇਤਰਾਂ ਵਿੱਚ ਵੀ ਸਹਿਯੋਗ ਵਧਾਉਣ 'ਤੇ ਚਰਚਾ ਹੋਈ।

ਹਰਿਆਣਾ ਦੀ ਉਦਯੋਗਿਕ ਸਮਰੱਥਾ ਅਤੇ ਆਸਟ੍ਰੇਲੀਆ ਦੀ ਤਕਨੀਕੀ ਮੁਹਾਰਤ ਨੂੰ ਇਕੱਠੇ ਲਿਆ ਕੇ ਕਲੀਨ ਐਨਰਜੀ ਅਤੇ ਭਵਿੱਖ ਦੀਆਂ ਊਰਜਾ ਲੋੜਾਂ ਦੇ ਖੇਤਰ ਵਿੱਚ ਨਵੇਂ ਪਰਿਯੋਜਨਾਵਾਂ ਵਿਕਸਿਤ ਕਰਨ ਦੀਆਂ ਸੰਭਾਵਨਾਵਾਂ 'ਤੇ ਵਿਚਾਰ ਕੀਤਾ ਗਿਆ।

## ਸਿਹਤ ਖੇਤਰ ਦੇ ਬੁਨਿਆਦੀ ਢਾਂਚੇ ਨੂੰ ਕੀਤਾ ਜਾ ਰਿਹਾ ਹੈ ਮਜ਼ਬੂਤ : ਆਰਤੀ ਸਿੰਘ ਰਾਓ

**ਚੰਡੀਗੜ੍ਹ, 9 ਸਤੰਬਰ**
**-ਹਰਮਨਪ੍ਰੀਤ ਕੌਰ-**



ਹਰਿਆਣਾ ਸਰਕਾਰ ਪੂਰੇ ਸੂਬੇ ਵਿੱਚ ਸਿਹਤ ਸੇਵਾਵਾਂ ਅਤੇ ਮੈਡੀਕਲ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ। ਇਸੇ ਲੜੀ ਵਿੱਚ ਇੱਕ ਮਹੱਤਵਪੂਰਨ ਫ਼ੈਸਲਾ ਲੈਂਦਿਆਂ ਰਾਜ ਸਰਕਾਰ ਨੇ ਚੰਡੀਗੜ੍ਹ ਸਥਿਤ ਐਮ.ਐਲ.ਏ. ਹਾਸਟਲ ਦੀ ਡਿਸਪੈਂਸਰੀ ਦੇ ਨਾਲ-ਨਾਲ ਅੰਬਾਲਾ ਸ਼ਹਿਰ ਅਤੇ ਕਰਨਾਲ ਜ਼ਿਲ੍ਹੇ ਦੇ ਨਾਗਰਿਕ ਹਸਪਤਾਲਾਂ ਲਈ ਨਵੀਆਂ ਅਤਿ-ਆਧੁਨਿਕ ਅਲਟਰਾਸਾਊਂਡ ਮਸ਼ੀਨਾਂ ਖਰੀਦਣ ਦੀ ਮਨਜ਼ੂਰੀ ਪ੍ਰਦਾਨ ਕੀਤੀ ਹੈ। ਇਸ ਕਦਮ ਦਾ ਮੁੱਖ ਉਦੇਸ਼ ਸਰਕਾਰੀ ਸਿਹਤ ਕੇਂਦਰਾਂ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਸਮੇਂ ਸਿਰ ਅਤੇ ਸਟੀਕ ਜਾਂਚ ਦੀਆਂ ਸਹੂਲਤਾਂ ਉਪਲਬਧ ਕਰਵਾਉਣਾ ਹੈ, ਤਾਂ ਜੋ ਉਨ੍ਹਾਂ ਨੂੰ ਇਲਾਜ ਅਤੇ ਡਾਇਗਨੋਸਿਸ ਲਈ ਮਹਿੰਗੇ ਨਿੱਜੀ ਸੈਂਟਰਾਂ 'ਤੇ ਨਿਰਭਰ ਨਾ ਰਹਿਣਾ ਪਵੇ।


ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਇਸ ਫ਼ੈਸਲੇ ਦੀ ਵਿਸਥਾਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੰਡੀਗੜ੍ਹ ਦੇ ਸੈਕਟਰ-3 ਸਥਿਤ ਐਮ.ਐਲ.ਏ. ਹਾਸਟਲ ਦੀ ਡਿਸਪੈਂਸਰੀ ਵਿੱਚ ਮੈਡੀਕਲ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਇੱਕ ਉੱਚ ਸ਼੍ਰੇਣੀ ਦੀ ਅਲਟਰਾਸਾਊਂਡ ਮਸ਼ੀਨ ਸਥਾਪਿਤ ਕੀਤੀ ਜਾਵੇਗੀ। ਇਸ ਮਸ਼ੀਨ ਦੀ ਖਰੀਦ ਅਤੇ ਇਸ ਨੂੰ ਪੂਰੀ ਤਰ੍ਹਾਂ ਨਾਲ ਚਾਲੂ ਕਰਨ 'ਤੇ ਲਗਭਗ 81 ਲੱਖ ਰੁਪਏ ਦੀ ਲਾਗਤ ਆਵੇਗੀ। ਐਮ.ਐਲ.ਏ. ਹਾਸਟਲ ਦੀ ਇਹ ਡਿਸਪੈਂਸਰੀ ਇਸ ਲਈ ਵੀ ਖਾਸ ਹੈ ਕਿਉਂਕਿ ਇੱਥੇ ਸੂਬੇ ਦੇ ਮੁੱਖ ਮੰਤਰੀ, ਕੈਬਨਿਟ ਮੰਤਰੀ, ਵਿਧਾਇਕ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਚੰਡੀਗੜ੍ਹ ਵਿੱਚ ਕੰਮ ਕਰ ਰਹੇ ਹਰਿਆਣਾ ਸਰਕਾਰ ਦੇ ਹਜ਼ਾਰਾਂ ਕਰਮਚਾਰੀ ਆਪਣਾ ਇਲਾਜ ਕਰਵਾਉਂਦੇ ਹਨ। ਡਿਸਪੈਂਸਰੀ ਵਿੱਚ ਨਵੀਂ ਤਕਨੀਕ ਨਾਲ ਲੈਸ ਮਸ਼ੀਨ ਲੱਗਣ ਨਾਲ ਇਨ੍ਹਾਂ ਸਾਰਿਆਂ ਨੂੰ ਤੁਰੰਤ ਅਤੇ ਮਿਆਰੀ ਸਿਹਤ ਜਾਂਚ ਦੀ ਸਹੂਲਤ ਆਪਣੇ ਕੈਂਪਸ ਵਿੱਚ ਹੀ ਮਿਲ ਜਾਵੇਗੀ।

ਵੀ.ਆਈ.ਪੀ. ਵਿਵਸਥਾ ਦੇ ਨਾਲ-ਨਾਲ ਆਮ ਜਨਮਾਨਸ ਨੂੰ ਰਾਹਤ ਦੇਣ ਲਈ ਸਰਕਾਰ ਨੇ ਅੰਬਾਲਾ ਸ਼ਹਿਰ ਅਤੇ ਕਰਨਾਲ ਜ਼ਿਲ੍ਹਾ ਦੇ ਨਾਗਰਿਕ ਹਸਪਤਾਲਾਂ ਵਿੱਚ ਵੀ ਨਵੀਆਂ ਅਲਟਰਾਸਾਊਂਡ ਮਸ਼ੀਨਾਂ ਲਗਾਉਣ ਦੀ ਮਨਜ਼ੂਰੀ ਦਿੱਤੀ ਹੈ। ਇਨ੍ਹਾਂ ਦੋਹਾਂ ਪ੍ਰਮੁੱਖ ਜ਼ਿਲ੍ਹਾ ਹਸਪਤਾਲਾਂ ਵਿੱਚ ਹਰ ਰੋਜ਼ ਵੱਡੀ ਗਿਣਤੀ ਵਿੱਚ ਮਰੀਜ਼ ਇਲਾਜ ਲਈ ਪਹੁੰਚਦੇ ਹਨ, ਜਿਨ੍ਹਾਂ ਵਿੱਚ ਗਰਭਵਤੀ ਮਹਿਲਾਵਾਂ ਅਤੇ ਵੱਖ-ਵੱਖ ਬਿਮਾਰੀਆਂ ਤੋਂ ਪੀੜਤ ਲੋਕ ਸ਼ਾਮਲ ਹਨ। ਅਕਸਰ ਸੀਮਤ ਸਾਧਨਾਂ ਕਾਰਨ ਸਰਕਾਰੀ ਹਸਪਤਾਲਾਂ ਵਿੱਚ ਉਲਟਰਾਸਾਊਂਡ ਲਈ ਮਰੀਜ਼ਾਂ ਨੂੰ ਲੰਬੀ ਵੇਟਿੰਗ ਲਿਸਟ ਝੱਲਣੀ ਪੈਂਦੀ ਸੀ।

ਸਿਹਤ ਮੰਤਰੀ ਆਰਤੀ ਸਿੰਘ ਰਾਓ ਦੇ ਅਨੁਸਾਰ, ਜਲਦ ਹੀ ਇਨ੍ਹਾਂ ਦੋਹਾਂ ਥਾਵਾਂ 'ਤੇ ਮਸ਼ੀਨਾਂ ਸਥਾਪਿਤ ਕਰ ਦਿੱਤੀਆਂ ਜਾਣਗੀਆਂ, ਜਿਸ ਨਾਲ ਸਥਾਨਕ ਅਤੇ ਆਸ-ਪਾਸ ਦੇ ਪੇਂਡੂ ਇਲਾਕਿਆਂ ਤੋਂ ਆਉਣ ਵਾਲੇ ਹਜ਼ਾਰਾਂ ਲੋਕਾਂ ਨੂੰ ਸਮੇਂ ਸਿਰ ਜਾਂਚ ਦੀ ਸਹੂਲਤ ਮਿਲੇਗੀ ਅਤੇ ਉਨ੍ਹਾਂ ਦਾ ਆਰਥਿਕ ਬੋਝ ਵੀ ਘੱਟ ਹੋਵੇਗਾ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਟੀਚਾ ਸੂਬ ਦੇ ਹਰ ਸਰਕਾਰੀ ਹਸਪਤਾਲ ਨੂੰ ਆਧੁਨਿਕ ਉਪਕਰਣਾਂ ਨਾਲ ਲੈਸ ਕਰਕੇ ਆਖਰੀ ਛੋਰ 'ਤੇ ਖੜ੍ਹੇ ਵਿਅਕਤੀ ਤੱਕ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣਾ ਪ੍ਰਾਥਮਿਕਤਾ ਹੈ।

## ਰਾਓ ਨਰਬੀਰ ਸਿੰਘ ਨੇ ਅਧਿਕਾਰੀਆਂ ਨੂੰ ਦਿੱਤੇ ਸਖ਼ਤ ਨਿਰਦੇਸ਼, ਕਿਹਾ : ਡੀ.ਐੱਫ.ਓ. ਦੀ ਮਨਮਾਨੀ ਨਹੀਂ ਚੱਲੇਗੀ

**ਚੰਡੀਗੜ੍ਹ, 9 ਸਤੰਬਰ**
**-ਮਨੋਜ ਵਰਮਾ-**



ਹਰਿਆਣਾ ਦੇ ਵਣ ਅਤੇ ਵਾਤਾਵਰਣ ਮੰਤਰੀ ਰਾਓ ਨਰਬੀਰ ਸਿੰਘ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਵਣ ਮਿੱਤਰਾਂ ਦੀ ਵਿੱਤੀ ਸਾਲ 2025-26 ਅਤੇ 2026-27 ਦੀ ਰੱਖ-ਰਖਾਅ ਦੀ ਬਕਾਇਆ ਰਾਸ਼ੀ ਦਾ ਭੁਗਤਾਨ 15 ਸਤੰਬਰ ਤੱਕ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ। ਉਨ੍ਹਾਂ ਜ਼ਿਲ੍ਹਾ ਵਣ ਅਧਿਕਾਰੀਆਂ (ਡੀ.ਐੱਫ.ਓ.), ਜੋ ਕਿ ਆਹਰਣ ਅਤੇ ਵੰਡ ਅਧਿਕਾਰੀ ਵੀ ਹਨ, ਨੂੰ ਇਸ ਸੰਬੰਧ ਵਿੱਚ ਸਪੱਸ਼ਟ ਅਤੇ ਸਖ਼ਤ ਨਿਰਦੇਸ਼ ਜਾਰੀ ਕਰਨ ਲਈ ਕਿਹਾ।

ਰਾਓ ਨਰਬੀਰ ਸਿੰਘ ਨੇ ਕਿਹਾ ਕਿ ਕਿਸੇ ਵੀ ਹਾਲਤ ਵਿੱਚ ਡੀ.ਐੱਫ.ਓ. ਦੀ ਮਨਮਾਨੀ ਨਹੀਂ ਚੱਲੇਗੀ। ਵਣ ਮਿੱਤਰ ਬੂਟੇ ਲਗਾਉਣ ਦੀ ਮੁਹਿੰਮ ਵਿੱਚ ਵਣ ਵਿਭਾਗ ਅਤੇ ਆਮ ਲੋਕਾਂ ਵਿਚਕਾਰ ਇੱਕ ਮਹੱਤਵਪੂਰਨ ਕੜੀ ਹਨ।

ਉਨ੍ਹਾਂ ਕਿਹਾ ਕਿ ਵਣ ਮਿੱਤਰਾਂ ਨੂੰ ਨਿੱਜੀ ਜ਼ਮੀਨ ਦੇ ਨਾਲ-ਨਾਲ ਵਣ ਵਿਭਾਗ ਦੀ ਜ਼ਮੀਨ 'ਤੇ ਵੀ ਬੂਟੇ ਲਗਾਉਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ, ਤਾਂ ਜੋ ਸੂਬੇ ਵਿੱਚ ਹਰਿਆ ਭਰਿਆ ਖੇਤਰ ਵਧਾਉਣ ਅਤੇ 'ਹਰਿਆ ਹਰਿਆਣਾ' ਦੇ ਟੀਚੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਾਕਾਰ ਕੀਤਾ ਜਾ ਸਕੇ।

ਵਣ ਅਤੇ ਵਾਤਾਵਰਣ ਮੰਤਰੀ ਅੱਜ ਵਣ ਮਿੱਤਰਾਂ ਦੀਆਂ ਮੰਗਾਂ ਨਾਲ ਸਬੰਧਤ ਲੰਬਿਤ ਮੁੱਦਿਆਂ ਨੂੰ ਲੈ ਕੇ ਵਿਭਾਗੀ ਅਧਿਕਾਰੀਆਂ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਵਧੀਕ ਮੁੱਖ ਸਕੱਤਰ ਸ਼੍ਰੀ ਸੁਧੀਰ ਰਾਜਪਾਲ, ਪ੍ਰਧਾਨ ਮੁੱਖ ਵਣ ਸਰਪ੍ਰਸਤ ਡਾ. ਕੇ.ਸੀ. ਮੀਣਾ, ਸ਼੍ਰੀ ਟੀ.ਪੀ. ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀ ਹਜ਼ਾਰ ਸਨ।

ਮੀਟਿੰਗ ਵਿੱਚ ਦੱਸਿਆ ਗਿਆ ਕਿ ਸਾਲ 2026-27 ਦੌਰਾਨ 635 ਵਣ ਮਿੱਤਰਾਂ ਦੁਆਰਾ ਲਗਭਗ 4 ਲੱਖ ਬੂਟੇ ਲਗਾਏ ਗਏ। ਇਨ੍ਹਾਂ ਵਿੱਚੋਂ 2 ਲੱਖ 14 ਹਜ਼ਾਰ 992 ਬੂਟਿਆਂ ਦੀ ਤਸਦੀਕ ਪੋਰਟਲ 'ਤੇ ਵੇਰਵੇ ਅੱਪਲੋਡ ਕਰਨ ਤੋਂ ਬਾਅਦ ਵਣ ਰੱਖਿਅਕਾਂ ਅਤੇ ਹੋਰ ਅਧਿਕਾਰੀਆਂ ਦੁਆਰਾ ਕੀਤੀ ਜਾ ਚੁੱਕੀ ਹੈ।

ਰਾਓ ਨਰਬੀਰ ਸਿੰਘ ਨੇ ਨਿਰਦੇਸ਼ ਦਿੱਤੇ ਕਿ ਵਣ ਮਿੱਤਰਾਂ ਵਜੋਂ ਰਜਿਸਟ੍ਰੇਸ਼ਨ ਲਈ ਪੋਰਟਲ ਨੂੰ 30 ਸਤੰਬਰ 2026 ਤੱਕ ਖੁੱਲ੍ਹਾ ਰੱਖਿਆ ਜਾਵੇ। ਉਨ੍ਹਾਂ ਪਹਿਲਾਂ ਤੋਂ ਰਜਿਸਟਰਡ ਵਣ ਮਿੱਤਰਾਂ ਨੂੰ ਵੀ ਆਪਣੇ ਖੇਤਰ ਦੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਮੁਹਿੰਮ ਨਾਲ ਜੋੜਨ ਲਈ ਪ੍ਰੇਰਿਤ ਕਰਨ ਦਾ ਸੱਦਾ ਦਿੱਤਾ।

ਉਨ੍ਹਾਂ ਸਵੈ-ਸਹਾਇਤਾ ਸਮੂਹਾਂ ਦੇ ਮਾਧਿਅਮ ਨਾਲ ਮਹਿਲਾਵਾਂ ਨੂੰ ਵੀ ਵਣ ਮਿੱਤਰ ਵਜੋਂ ਰਜਿਸਟਰਡ ਕਰਨ ਦੀ ਪਹਿਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਇਸ ਸਾਲ ਰੱਖੜੀ ਦੇ ਤਿਉਹਾਰ ਮੌਕੇ ਮਹਿਲਾਵਾਂ ਨੂੰ 'ਇੱਕ ਰੱਖੜੀ, ਇੱਕ ਰੁੱਖ' ਲਈ ਪ੍ਰੇਰਿਤ ਕੀਤਾ ਗਿਆ ਸੀ, ਜਿਸ 'ਤੇ ਮਹਿਲਾਵਾਂ ਨੇ ਵੱਡੀ ਗਿਣਤੀ ਵਿੱਚ ਉਤਸ਼ਾਹ ਦਿਖਾਇਆ।

ਵਣ ਮੰਤਰੀ ਨੇ ਕਿਹਾ ਕਿ ਵਣ ਵਿਭਾਗ ਨੂੰ ਆਪਣੀ ਜ਼ਮੀਨ ਵੀ ਬੂਟੇ ਲਗਾਉਣ ਲਈ ਉਪਲਬਧ ਕਰਵਾਉਣੀ ਚਾਹੀਦੀ ਹੈ, ਤਾਂ ਜੋ ਵੱਧ ਤੋਂ ਵੱਧ ਬੂਟੇ ਲਗਾਏ ਜਾ ਸਕਣ ਅਤੇ 4 ਤੋਂ 5 ਸਾਲ ਤੱਕ ਉਨ੍ਹਾਂ ਦੀ ਦੇਖਭਾਲ ਯਕੀਨੀ ਬਣਾਈ ਜਾ ਸਕੇ।

ਮੀਟਿੰਗ ਵਿੱਚ ਇਹ ਵੀ ਜਾਣਕਾਰੀ ਦਿੱਤੀ ਗਈ ਕਿ ਪ੍ਰਾਣ ਵਾਯੂ ਦੇਵਤਾ ਪੈਨਸ਼ਨ ਯੋਜਨਾ ਤਹਿਤ ਸੂਬੇ ਵਿੱਚ ਲਗਭਗ 5,300 ਰੁੱਖਾਂ ਦੀ ਪਛਾਣ ਕੀਤੀ ਗਈ ਹੈ। ਇਨ੍ਹਾਂ ਰੁੱਖਾਂ ਦੀ ਦੇਖਭਾਲ ਕਰਨ ਵਾਲੇ ਵਿਅਕਤੀਆਂ ਨੂੰ ਸਰਕਾਰ ਵੱਲੋਂ ਪ੍ਰਤੀ ਸਾਲ 1,000 ਰੁਪਏ ਦੀ ਪੈਨਸ਼ਨ ਪ੍ਰਦਾਨ ਕੀਤੀ ਜਾਂਦੀ ਹੈ।

## ਆਲੂ ਦੀਆਂ ਵੱਖ-ਵੱਖ ਕਿਸਮਾਂ ਦੇ ਮਿਆਰੀ ਬੀਜ ਮੁਹੱਈਆ ਕਰਵਾ ਰਹੀ ਹੈ ਸਰਕਾਰ: ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 9 ਸਤੰਬਰ**
**-ਸੰਜੀਵ ਸਿੰਗਲਾ-**



ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਕਲਿਆਣ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਰਾਜ ਸਰਕਾਰ ਬਾਗਬਾਨੀ ਵਿਭਾਗ ਰਾਹੀਂ ਸੂਬੇ ਦੇ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਦੇ ਉਦੇਸ਼ ਨਾਲ ਆਲੂ ਦੀਆਂ ਵੱਖ-ਵੱਖ ਉੱਨਤ ਅਤੇ ਰੋਗ-ਰੋਧਕ ਕਿਸਮਾਂ ਦੇ ਮਿਆਰੀ ਬੀਜ ਉਪਲਬਧ ਕਰਵਾ ਰਹੀ ਹੈ।ਕਰਨਾਲ ਦੇ ਸ਼ਾਮਗੜ੍ਹ ਸਥਿਤ ਆਲੂ ਤਕਨਾਲੋਜੀ ਕੇਂਦਰ ਵੱਲੋਂ ਕੁਫ਼ਰੀ ਪੁਖਰਾਜ, ਕੁਫ਼ਰੀ ਮੋਹਨ, ਕੁਫ਼ਰੀ ਖਿਆਤੀ, ਕੁਫ਼ਰੀ ਚਿਪਸੋਨਾ ਅਤੇ ਕੁਫ਼ਰੀ ਫ੍ਰਾਈਸੋਨਾ ਵਰਗੀਆਂ ਉੱਚ ਉਤਪਾਦਕਤਾ ਵਾਲੀਆਂ ਕਿਸਮਾਂ ਦੇ ਅਰਲੀ ਜਨਰੇਸ਼ਨ ਸੀਡ ਅਤੇ ਮਿਨੀਟਿਊਬਰਜ਼ ਪਾਰਦਰਸ਼ੀ ਵਿਵਸਥਾ ਤਹਿਤ ਕਿਸਾਨਾਂ ਨੂੰ ਦਿੱਤੇ ਜਾ ਰਹੇ ਹਨ।

ਸ਼੍ਰੀ ਰਾਣਾ ਨੇ ਦੱਸਿਆ ਕਿ ਕਿਸਾਨ ਬਾਗਬਾਨੀ ਵਿਭਾਗ ਦੇ ਅਧਿਕਾਰਤ ਪੋਰਟਲ ਰਾਹੀਂ ਆਸਾਨੀ ਨਾਲ ਘਰ ਬੈਠੇ ਇਨ੍ਹਾਂ ਬੀਜਾਂ ਦੀ ਆਨਲਾਈਨ ਬੁਕਿੰਗ ਕਰ ਸਕਦੇ ਹਨ। ਇਨ੍ਹਾਂ ਪ੍ਰਮ?ਣਿਤ ਅਤੇ ਵਾਇਰਸ-ਮੁਕਤ ਬੀਜਾਂ ਦੀ ਵਰਤੋਂ ਨਾਲ ਨਾ ਸਿਰਫ਼ ਪ੍ਰਤੀ ਏਕੜ ਆਲੂ ਦੇ ਝਾੜ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ, ਸਗੋਂ ਫ਼ਸਲ ਦੀ ਬਿਹਤਰ ਗੁਣਵੱਤਾ ਕਾਰਨ ਕਿਸਾਨਾਂ ਨੂੰ ਬਾਜ਼ਾਰ ਵਿੱਚ ਆਪਣੀ ਪੈਦਾਵਾਰ ਦਾ ਪ੍ਰੀਮੀਅਮ ਭਾਵ ਮਿਲੇਗਾ, ਜਿਸ ਨਾਲ ਉਨ੍ਹਾਂ ਦੀ ਸ਼ੁੱਧ ਆਮਦਨ ਵਿੱਚ ਸਿੱਧਾ ਵਾਧਾ ਹੋਵੇਗਾ।ਉਨ੍ਹਾਂ ਦੱਸਿਆ ਕਿ ਇਸ ਕੇਂਦਰ ਵਿੱਚ ਅਰਲੀ ਜਨਰੇਸ਼ਨ ਸੀਡ (ਈਅਰ-3) ਤਹਿਤ ਕੁਫ਼ਰੀ ਪੁਖਰਾਜ ਕਿਸਮ ਦਾ 1276 ਕੁਇੰਟਲ ਸੀਡ ਸਾਈਜ਼, 298.5 ਕੁਇੰਟਲ ਅੰਡਰ ਸਾਈਜ਼ ਅਤੇ 157 ਕੁਇੰਟਲ ਓਵਰ ਸਾਈਜ਼ ਬੀਜ ਉਪਲਬਧ ਹੈ। ਇਸੇ ਤਰ੍ਹਾਂ ਅਰਲੀ ਜਨਰੇਸ਼ਨ ਸੀਡ (ਈਅਰ-4) ਵਿੱਚ ਕੁਫ਼ਰੀ ਮੋਹਨ ਕਿਸਮ ਦਾ 255.5 ਕੁਇੰਟਲ ਸੀਡ ਸਾਈਜ਼, 9 ਕੁਇੰਟਲ ਅੰਡਰ ਸਾਈਜ਼ ਅਤੇ 210 ਕੁਇੰਟਲ ਓਵਰ ਸਾਈਜ਼ ਬੀਜ ਉਪਲਬਧ ਹੈ। ਅਰਲੀ ਜਨਰੇਸ਼ਨ ਸੀਡ (ਈਅਰ-1) ਵਰਗ ਦੇ ਤਹਿਤ ਕੁਫ਼ਰੀ ਚਿਪਸੋਨਾ-1 ਦਾ 1 ਕੁਇੰਟਲ ਅੰਡਰ ਸਾਈਜ਼, ਕੁਫ਼ਰੀ ਖਿਆਤੀ ਦਾ 2.5 ਕੁਇੰਟਲ ਸੀਡ ਸਾਈਜ਼ ਅਤੇ 20.5 ਕੁਇੰਟਲ ਓਵਰ ਸਾਈਜ਼ ਅਤੇ ਕੁਫ਼ਰੀ ਉਦੈ ਦਾ 0.5 ਕੁਇੰਟਲ ਓਵਰ ਸਾਈਜ਼ ਬੀਜ ਕਿਸਾਨਾਂ ਲਈ ਉਪਲਬਧ ਕਰਵਾਇਆ ਗਿਆ ਹੈ।ਉਨ੍ਹਾਂ ਅੱਗੇ ਦੱਸਿਆ ਕਿ ਪੀ.ਟੀ.ਸੀ.ਐੱਮ.ਟੀ. ਸ਼੍ਰੇਣੀ ਵਿੱਚ ਵੀ ਆਲੂ ਦੇ ਮਿਨੀਟਿਊਬਰਜ਼ ਦੀ ਲੋੜੀਂਦੀ ਉਪਲਬਧਤਾ ਹੈ, ਜਿਸ ਵਿੱਚ ਕੁਫ਼ਰੀ ਉਦੈ ਦੇ 25,000 ਨਗ, ਕੁਫ਼ਰੀ ਚਿਪਸੋਨਾ-1 ਦੇ 8,000 ਨਗ, ਕੁਫ਼ਰੀ ਹਿਮਾਲਿਨੀ ਦੇ 11,000 ਨਗ ਅਤੇ ਕੁਫ਼ਰੀ ਫ੍ਰਾਈਸੋਨਾ ਦੇ 75,000 ਨਗ ਸ਼ਾਮਲ ਹਨ। ਕਿਸਾਨ ਆਪਣੀ ਲੋੜ ਅਨੁਸਾਰ ਪੋਰਟਲ ਰਾਹੀਂ ਸਮਾਂ ਰਹਿੰਦਿਆਂ ਬੁਕਿੰਗ ਯਕੀਨੀ ਬਣਾ ਸਕਦੇ ਹਨ।ਬੀਜਾਂ ਦੀ ਉਪਲਬਧਤਾ, ਬੁਕਿੰਗ ਪ੍ਰਕਿਰਿਆ ਜਾਂ ਕਿਸੇ ਹੋਰ ਤਕਨੀਕੀ ਸਹਾਇਤਾ ਅਤੇ ਵਧੇਰੇ ਜਾਣਕਾਰੀ ਲਈ ਕਿਸਾਨ ਵਿਭਾਗ ਦੇ ਮੋਬਾਈਲ ਨੰਬਰ 8619199628 'ਤੇ ਸਿੱਧਾ ਸੰਪਰਕ ਕਰ ਸਕਦੇ ਹਨ।

## ਸਾਡੀ ਆਂਗਣਵਾੜੀ-ਸਾਡੀ ਜ਼ਿੰਮੇਵਾਰੀ ਥੀਮ 'ਤੇ 9 ਅਕਤੂਬਰ ਤੱਕ ਮਨਾਇਆ ਜਾਵੇਗਾ ਰਾਸ਼ਟਰੀ ਪੋਸ਼ਣ ਮਾਹ

**ਚੰਡੀਗੜ੍ਹ, 9 ਸਤੰਬਰ**
**-ਛਤਰਪਾਲ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**



ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵੱਲੋਂ ਵਾਰਾਣਸੀ ਦੇ ਰੁਦਰਾਕਸ਼ ਅੰਤਰਰਾਸ਼ਟਰੀ ਸਹਿਯੋਗ ਕੇਂਦਰ ਵਿੱਚ ਕੇਂਦਰੀ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਸ਼੍ਰੀਮਤੀ ਅੰਨਪੂਰਣਾ ਦੇਵੀ ਦੀ ਮੌਜੂਦਗੀ ਵਿੱਚ 9ਵੇਂ ਰਾਸ਼ਟਰੀ ਪੋਸ਼ਣ ਮਾਹ 2026 ਦੀ ਸ਼ੁਰੂਆਤ ਕੀਤੀ ਜਾਵੇਗੀ।

ਇਸੇ ਲੜੀ ਤਹਿਤ ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹਰਿਆਣਾ ਵਿੱਚ ਵੀ ਅੱਜ 9ਵਾਂ ਰਾਸ਼ਟਰੀ ਪੋਸ਼ਣ ਮਾਹ ਮਨਾਇਆ ਜਾਵੇਗਾ।

ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਬੁਲਾਰੇ ਨੇ ਇਸ ਸੰਬੰਧ ਵਿੱਚ ਵਿਸਤਾਰ ਨਾਲ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਾਰ ਰਾਸ਼ਟਰੀ ਪੋਸ਼ਣ ਮਾਹ ਮੁਹਿੰਮ ਦੀ ਥੀਮ 'ਸਾਡੀ ਆਂਗਣਵਾੜੀ, ਸਾਡੀ ਜ਼ਿੰਮੇਵਾਰੀ' ਰੱਖੀ ਗਈ ਹੈ।

ਮੁਹਿੰਮ ਦਾ ਉਦੇਸ਼ ਪੋਸ਼ਣ ਪ੍ਰਤੀ ਜਾਗਰੂਕਤਾ ਵਧਾਉਣਾ, ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਅਤੇ ਮਹਿਲਾਵਾਂ ਤੇ ਬੱਚਿਆਂ ਦੀ ਬਿਹਤਰ ਸਿਹਤ ਲਈ ਵਿਭਾਗਾਂ ਅਤੇ ਭਾਈਚਾਰੇ ਦੀ ਭਾਗੀਦਾਰੀ ਯਕੀਨੀ ਬਣਾਉਣਾ ਹੈ।

ਬੁਲਾਰੇ ਨੇ ਦੱਸਿਆ ਕਿ ਇਸ ਵਾਰ ਪੋਸ਼ਣ ਮਾਹ ਪੰਜ ਪ੍ਰਮੁੱਖ ਵਿਸ਼ਿਆਂ 'ਤੇ ਕੇਂਦਰਿਤ ਰਹੇਗਾ। ਪਹਿਲਾ ਵਿਸ਼ਾ ਆਹਾਰ ਵਿਭਿੰਨਤਾ ਅਤੇ ਲੋੜੀਂਦੇ ਪ੍ਰੋਟੀਨ ਨੂੰ ਲੈ ਕੇ ਹੈ, ਜਿਸ ਦੇ ਤਹਿਤ ਆਂਗਣਵਾੜੀ ਕੇਂਦਰਾਂ 'ਤੇ ਸਥਾਨਕ ਪੱਧਰ 'ਤੇ ਉਪਲਬਧ ਦਾਲਾਂ, ਹਰੀਆਂ ਸਬਜ਼ੀਆਂ, ਦੁੱਧ ਉਤਪਾਦਾਂ ਅਤੇ ਮੋਟੇ ਅਨਾਜ ਤੋਂ ਬਣੇ ਪੌਸ਼ਟਿਕ ਭੋਜਨ ਦੀ ਜਾਣਕਾਰੀ ਦਿੱਤੀ ਜਾਵੇਗੀ

। ਦੂਜਾ ਵਿਸ਼ਾ ਤਾਜ਼ਾ ਗਰਮ ਪਕਾਏ ਭੋਜਨ ਨਾਲ ਜੁੜਿਆ ਹੈ, ਜਿਸ ਵਿੱਚ ਆਂਗਣਵਾੜੀ ਕੇਂਦਰਾਂ 'ਤੇ ਮੈਨਿਊ ਬੋਰਡ ਪ੍ਰਦਰਸ਼ਿਤ ਕਰਕੇ ਸਾਫ਼-ਸਫ਼ਾਈ ਅਤੇ ਸਮੇਂ 'ਤੇ ਭੋਜਨ ਪਰੋਸਣ 'ਤੇ ਜ਼ੋਰ ਦਿੱਤਾ ਜਾਵੇਗਾ। ਤੀਜਾ ਵਿਸ਼ਾ ਭਾਈਚਾਰਕ ਭਾਗੀਦਾਰੀ ਦਾ ਹੈ, ਜਿਸ ਦੇ ਤਹਿਤ ਨਵ-ਗਠਿਤ ਆਂਗਣਵਾੜੀ ਪ੍ਰਬੰਧਨ ਕਮੇਟੀਆਂ ਦੀਆਂ ਮੀਟਿੰਗਾਂ ਆਯੋਜਿਤ ਕਰਕੇ ਲੋਕਾਂ ਨੂੰ ਕੇਂਦਰਾਂ ਦੀ ਨਿਗਰਾਨੀ ਨਾਲ ਜੋੜਿਆ ਜਾਵੇਗਾ।

ਚੌਥਾ ਵਿਸ਼ਾ ਬੱਚਿਆਂ ਦੇ ਪੋਸ਼ਣ ਅਤੇ ਸ਼ੁਰੂਆਤੀ ਮਾਨਸਿਕ ਵਿਕਾਸ 'ਤੇ ਆਧਾਰਿਤ ਹੈ, ਜਿਸ ਵਿੱਚ ਮਾਪਿਆਂ ਨੂੰ ਬੱਚਿਆਂ ਨਾਲ ਖੇਡ-ਖੇਡ ਵਿੱਚ ਸਿੱਖਣ ਦੀਆਂ ਗਤੀਵਿਧੀਆਂ ਸਿਖਾਈਆਂ ਜਾਣਗੀਆਂ। ਪੰਜਵਾਂ ਅਤੇ ਆਖ਼ਰੀ ਵਿਸ਼ਾ ਪ੍ਰਧਾਨ ਮੰਤਰੀ ਮਾਤਰ ਵੰਦਨਾ ਯੋਜਨਾ ਨਾਲ ਜੁੜਿਆ ਹੈ, ਜੋ ਇਸ ਸਾਲ ਆਪਣੇ 10 ਸਾਲ ਪੂਰੇ ਕਰ ਰਹੀ ਹੈ।

ਇਸ ਦੇ ਤਹਿਤ ਯੋਗ ਗਰਭਵਤੀ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ 'ਤੇ ਖ਼ਾਸ ਜ਼ੋਰ ਦਿੱਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼ ਵਿਭਾਗ ਵੱਲੋਂ ਨਿਰਧਾਰਤ ਪ੍ਰੋਗਰਾਮ ਅਨੁਸੂਚੀ ਦੇ ਅਨੁਰੂਪ ਸਾਰੀਆਂ ਗਤੀਵਿਧੀਆਂ ਨੂੰ ਸਮੇਂ ਸਿਰ ਪੂਰਾ ਕਰਨਾ ਅਤੇ ਆਮ ਲੋਕਾਂ ਵਿਸ਼ੇਸ਼ ਕਰਕੇ ਮਹਿਲਾਵਾਂ ਤੇ ਬੱਚਿਆਂ ਤੱਕ ਇਸ ਦਾ ਵੱਧ ਤੋਂ ਵੱਧ ਲਾਭ ਪਹੁੰਚਾਉਣਾ ਹੈ।

ਉਨ੍ਹਾਂ ਸਬੰਧਤ ਵਿਭਾਗਾਂ ਵਿਚਕਾਰ ਬਿਹਤਰ ਤਾਲਮੇਲ ਬਣਾ ਕੇ ਕੰਮ ਕਰਨ ਦੀ ਵੀ ਹਦਾਇਤ ਕੀਤੀ, ਤਾਂ ਜੋ ਪੋਸ਼ਣ ਮਾਹ ਦੇ ਉਦੇਸ਼ ਪੂਰੀ ਤਰ੍ਹਾਂ ਸਾਕਾਰ ਹੋ ਸਕਣ।

ਬੁਲਾਰੇ ਨੇ ਦੱਸਿਆ ਕਿ ਰਾਸ਼ਟਰੀ ਪੋਸ਼ਣ ਮਾਹ ਦੇ ਸਫ਼ਲ ਸੰਚਾਲਨ ਲਈ ਸਿਹਤ ਵਿਭਾਗ ਵੱਲੋਂ ਅਤਿ ਕੁਪੋਸ਼ਿਤ ਬੱਚਿਆਂ ਲਈ ਵਿਸ਼ੇਸ਼ ਸਿਹਤ ਕੈਂਪ ਲਗਾਏ ਜਾਣ। ਗਰਭਵਤੀ ਮਹਿਲਾਵਾਂ ਦੇ ਏ.ਐਨ.ਸੀ. ਚੈੱਕਅਪ ਅਤੇ ਬੱਚਿਆਂ ਦੀ ਨਿਯਮਤ ਸਿਹਤ ਜਾਂਚ ਯਕੀਨੀ ਬਣਾਈ ਜਾਵੇ।

ਘਰਾਂ ਦੇ ਦੌਰੇ ਦੌਰਾਨ ਟੀਕਾਕਰਨ ਅਤੇ ਪੋਸ਼ਣ 'ਤੇ ਵਿਸ਼ੇਸ਼ ਧਿਆਨ ਦੇਣ ਦੇ ਨਾਲ 0 ਤੋਂ 6 ਸਾਲ ਤੱਕ ਦੇ ਬੱਚਿਆਂ ਵਿੱਚ ਵਿਕਾਸ ਸੰਬੰਧੀ ਦੇਰੀ ਦੀ ਪਛਾਣ ਕਰਕੇ ਲੋੜੀਂਦੀ ਕਾਰਵਾਈ ਕੀਤੀ ਜਾਵੇ।

ਸਿੱਖਿਆ ਵਿਭਾਗ ਨੂੰ ਸਕੂਲਾਂ ਵਿੱਚ ਪੋਸ਼ਣ ਸੰਬੰਧੀ ਜਾਗਰੂਕਤਾ ਮੁਹਿੰਮ ਚਲਾਉਣ ਅਤੇ ਪੋਸਟਰ, ਕਹਾਣੀ, ਖੇਡ ਅਤੇ ਯੋਗ ਮੁਕਾਬਲੇ ਆਯੋਜਿਤ ਕਰਨ ਦੇ ਨਿਰਦੇਸ਼ ਦਿੱਤੇ। ਖੇਡ ਗਤੀਵਿਧੀਆਂ ਦੇ ਮਾਧਿਅਮ ਨਾਲ ਬੱਚਿਆਂ ਨੂੰ ਸਿਹਤਮੰਦ ਜੀਵਨ ਸ਼ੈਲੀ, ਸਿੱਖਿਆ ਅਤੇ ਪੋਸ਼ਣ ਪ੍ਰਤੀ ਪ੍ਰੇਰਿਤ ਕਰਨ ਅਤੇ ਸਕੂਲ ਟੀਮਾਂ ਵਿਚਕਾਰ ਬਿਹਤਰ ਤਾਲਮੇਲ ਸਥਾਪਿਤ ਕਰਨ ਲਈ ਕਿਹਾ ਗਿਆ। ਪ

ੰਚਾਇਤੀ ਰਾਜ ਅਤੇ ਸ਼ਹਿਰੀ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਪੇਂਡੂ ਖੇਤਰਾਂ ਵਿੱਚ ਸਰਪੰਚਾਂ ਅਤੇ ਪੰਚਾਂ ਰਾਹੀਂ ਅਤੇ ਸ਼ਹਿਰੀ ਖੇਤਰਾਂ ਵਿੱਚ ਕੌਂਸਲਰਾਂ ਰਾਹੀਂ ਆਂਗਣਵਾੜੀ ਕੇਂਦਰਾਂ ਦੀਆਂ ਗਤੀਵਿਧੀਆਂ ਦੀ ਨਿਗਰਾਨੀ ਯਕੀਨੀ ਬਣਾਈ ਜਾਵੇ।

ਉਨ੍ਹਾਂ ਦੱਸਿਆ ਕਿ ਪੋਸ਼ਣ ਮਾਹ ਦਾ ਉਦੇਸ਼ ਸਿਰਫ਼ ਵਿਭਾਗੀ ਗਤੀਵਿਧੀਆਂ ਤੱਕ ਸੀਮਤ ਨਾ ਰਹਿ ਕੇ ਭਾਈਚਾਰੇ ਦੀ ਸਰਗਰਮ ਭਾਗੀਦਾਰੀ ਦੇ ਮਾਧਿਅਮ ਨਾਲ ਕੁਪੋਸ਼ਣ ਵਿਰੁੱਧ ਵਿਆਪਕ ਜਨ-ਜਾਗਰੂਕਤਾ ਪੈਦਾ ਕਰਨਾ ਹੋਣਾ ਚਾਹੀਦਾ ਹੈ।

## ਇੱਛੁਕ ਸਿੱਖ ਸ਼ਰਧਾਲੂ 12 ਸਤੰਬਰ, 2026 ਤੱਕ ਕਰ ਸਕਦੇ ਹਨ ਅਰਜ਼ੀਆਂ

**ਚੰਡੀਗੜ੍ਹ, 9 ਸਤੰਬਰ**
**ਸ਼ਹੀਦ-ਏ-ਆਜ਼ਮ-ਬਿਊਰੋ-**

ਹਰਿਆਣਾ ਸਰਕਾਰ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ (ਗੁਰਪੁਰਬ) ਦੇ ਪਾਵਨ ਮੌਕੇ 'ਤੇ ਪਾਕੀਸਤਾਨ ਵਿੱਚ 22 ਨਵੰਬਰ, 2026 ਤੋਂ 1 ਦਸੰਬਰ, 2026 ਤੱਕ ਆਯੋਜਿਤ ਹੋਣ ਵਾਲੇ ਧਾਰਮਿਕ ਸਮਾਰੋਹਾਂ ਵਿੱਚ ਹਿੱਸਾ ਲੈਣ ਲਈ ਸਿੱਖ ਸੰਗਤ ਤੋਂ ਅਰਜ਼ੀਆਂ ਮੰਗੀਆਂ ਹਨ।

ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਗ੍ਰਹਿ ਵਿਭਾਗ, ਹਰਿਆਣਾ ਸਰਕਾਰ ਵੱਲੋਂ ਇਸ ਪ੍ਰਸਤਾਵਿਤ ਸਿੱਖ ਜਥੇ ਵਿੱਚ ਸ਼ਾਮਲ ਹੋਣ ਦੇ ਇੱਛੁਕ ਸ਼ਰਧਾਲੂਆਂ ਤੋਂ ਅਰਜ਼ੀਆਂ ਮੰਗੀਆਂ ਗਈਆਂ ਹਨ।ਇੱਛੁਕ ਸਿੱਖ ਸ਼ਰਧਾਲੂ ਆਪਣੀਆਂ ਅਰਜ਼ੀਆਂ 12 ਸਤੰਬਰ, 2026 ਤੱਕ ਜਾਂ ਇਸ ਤੋਂ ਪਹਿਲਾਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਕੁਰੂਕਸ਼ੇਤਰ ਕੋਲ ਜਮ੍ਹਾਂ ਕਰਵਾ ਸਕਦੇ ਹਨ, ਤਾਂ ਜੋ ਤੈਅ ਸਮਾਂ ਸੀਮਾ ਦੇ ਅੰਦਰ ਪੁਲਿਸ ਤਸਦੀਕ ਅਤੇ ਹੋਰ ਜ਼ਰੂਰੀ ਰਸਮੀ ਕਾਰਵਾਈਆਂ ਪੂਰੀਆਂ ਕੀਤੀਆਂ ਜਾ ਸਕਣ।ਬੁਲਾਰੇ ਨੇ ਅਪੀਲ ਕੀਤੀ ਹੈ ਕਿ ਸਾਰੇ ਬਿਨੈਕਾਰ ਤੈਅ ਸਮੇਂ ਦੇ ਅੰਦਰ ਆਪਣੇ ਪੂਰੇ ਵੇਰਵਿਆਂ ਨਾਲ ਸਾਰੇ ਜ਼ਰੂਰੀ ਦਸਤਾਵੇਜ਼ ਨੱਥੀ ਕਰਕੇ ਹੀ ਅਰਜ਼ੀਆਂ ਜਮ੍ਹਾਂ ਕਰਨ।


Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-98888188887, 988882 88887
weddingsea@gmail.com



seadesigncompany
SEA DESIGN COMPANY

HOTEL SEA
SHAHEED-E-AZAM
AC ROOMS
RESTAURANT
BREAKFAST, LUNCH, DINNER
CONTACT
9988844709, 0175-5014275
SCO-4, Chowk Dukhniwaran Sahib,
Sirhind Road, Patiala (Pb.) INDIA



24x7 SERVICES
Super Delicious
Menue